@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Wednesday, 4 March 2026

Punjabi National Daily
Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 4 ਮਾਰਚ 2026, 20 ਫੱਗਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 119, qpatrika@gmail.com ਫੋਨ : 9971359517 www.qaumipatrika.org

## ਆਧੁਨਿਕ ਹਲਕੇ ਹੈਲੀਕਾਪਟਰਾਂ ਤੋਂ ਖਰੀਦੇ ਜਾਣਗੇ ਆਧੁਨਿਕ ਹੈਲੀਕਾਪਟਰ, ਰੂਸ ਨਾਲ ਵੀ ਹੋਈ ਮਿਜ਼ਾਈਲ ਡੀਲ

ਨਵੀਂ ਦਿੱਲੀ 3 ਮਾਰਚ। ਰੱਖਿਆ ਮੰਤਰਾਲਾ ਨੇ ਮੰਗਲਵਾਰ ਨੂੰ 6 ਆਧੁਨਿਕ ਹਲਕੇ ਹੈਲੀਕਾਪਟਰਾਂ ਅਤੇ ਸਤ?ਹਾ ਤੋਂ ਹਵਾ 'ਚ ਮਾਰ ਕਰਨ ਵਾਲੀਆਂ ਮਿਜ਼ਾਈਲਾਂ ਦੀ ਖਰੀਦ ਲਈ 5,083 ਕਰੋੜ ਰੁਪਏ ਦੇ 2 ਵੱਡੇ ਸਮਝੌਤਿਆਂ 'ਤੇ ਹਸਤਾਖਰ ਕੀਤੇ ਹਨ। ਹਿੰਦੁਸਤਾਨ ਐਰੋਨੌਟਿਕਸ ਲਿਮਟਿਡ ਦੇ ਨਾਲ 2,901 ਕਰੋੜ ਰੁਪਏ ਦਾ ਸਮਝੌਤਾ ਕੀਤਾ ਗਿਆ ਹੈ, ਜਿਸ ਤਹਿਤ ਭਾਰਤੀ ਤੱਟ ਰੱਖਿਅਕਹੈਲੀਕਾਪਟਰ ਖਰੀਦੇ ਜਾਣਗੇ। ਇਹ




ਹੈਲੀਕਾਪਟਰ ਆਧੁਨਿਕ ਵਿਸ਼ੇਸ਼ਤਾਵਾਂ ਨਾਲ ਲੈੱਸ ਹਨ ਅਤੇ ਸਮੁੰਦਰ 'ਚ ਮਛੇਰਿਆਂ ਦੀ ਸੁਰੱਖਿਆ, ਨਿਗਰਾਨੀ ਅਤੇ ਸਮੁੰਦਰੀ ਵਾਤਾਵਰਣ ਦੀ ਹਿਫਾਜ਼ਤ ਲਈ ਅਹਿਮ ਭੂਮਿਕਾ ਨਿਭਾਉਣਗੇ। ਇਹ ਹੈਲੀਕਾਪਟਰ ਸਮੁੰਦਰੀ ਜਹਾਜ਼ਾਂ ਤੋਂ ਵੀ ਉਡਾਣ ਭਰਨ ਦੇ ਸਮਰੱਥ ਹਨ। ਦੂਜਾ ਵੱਡਾ ਸਮਝੌਤਾ ਰੂਸ ਦੀ ਕੰਪਨੀ ਰੋਸੋਬੋਰੋਨਐਕਸਪੋਰਟਨਾਲ ਕੀਤਾ ਗਿਆ ਹੈ। 2,182 ਕਰੋੜ ਰੁਪਏ ਦੀ ਇਸ ਡੀਲ ਰਾਹੀਂ 'ਸ਼ਟਿਲ'ਮਿਜ਼ਾਈਲਾਂ ਖਰੀਦੀਆਂ ਜਾਣਗੀਆਂ। ਇਹ ਮਿਜ਼ਾਈਲਾਂ ਭਾਰਤੀ ਨੌਸੈਨਾ ਦੇ ਮੋਹਰੀ ਜੰਗੀ ਜਹਾਜ਼ਾਂ 'ਤੇ ਤੈਨਾਤ ਕੀਤੀਆਂ ਜਾਣਗੀਆਂ, ਜੋ ਹਵਾਈ ਹਮਲਿਆਂ ਵਿਰੁੱਧ ਦੇਸ਼ ਦੀ ਰੱਖਿਆ ਪ੍ਰਣਾਲੀ ਨੂੰ ਹੋਰ ਵੀ ਘਾਤਕ ਬਣਾ ਦੇਣਗੀਆਂ। ਰੱਖਿਆ ਮੰਤਰਾਲੇ ਨੇ ਇਕ ਬਿਆਨ 'ਚ ਕਿਹਾ ਕਿ ਇਹ ਸਮਝੌਤਾ ਭਾਰਤ ਅਤੇ ਰੂਸ ਵਿਚਕਾਰ ਸਮੇਂ ਦੀ ਕਸੌਟੀ 'ਤੇ ਖਰੀ ਉਤਰੀ ਰੱਖਿਆ ਸਾਂਝੇਦਾਰੀ ਅਤੇ ਆਪਸੀ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਾ ਹੈ। ਇਸ ਨਾਲ ਭਾਰਤੀ ਫੌਜ ਦੀਆਂ ਸੰਚਾਲਨ ਸਮਰੱਥਾਵਾਂ 'ਚ ਕਾਫ਼ੀ ਵਾਧਾ ਹੋਵੇਗਾ।

### ਹਰਿਆਣਾ ਦੇ ਮੁੱਖ ਮੰਤਰੀ ਸੈਣੀ ਨੇ ਪੇਸ਼ ਕੀਤਾ 2.23 ਲੱਖ ਕਰੋੜ ਦਾ ਬਜਟ

ਚੰਡੀਗੜ੍ਹ 3 ਮਾਰਚ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਜਿਨ੍ਹਾਂ ਕੋਲ ਵਿੱਤ ਮੰਤਰਾਲਾ ਵੀ ਹੈ, ਨੇ ਵਿਧਾਨ ਸਭਾ ਵਿੱਚ ਵਿੱਤੀ ਸਾਲ 2026-27 ਲਈ 2.23 ਲੱਖ ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ। ਇਹ ਬਜਟ ਪਿਛਲੇ ਸਾਲ ਦੇ 2.028 ਲੱਖ ਕਰੋੜ ਰੁਪਏ ਦੇ ਮੁਕਾਬਲੇ 10.28 ਫੀਸਦੀ ਵੱਧ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਇਸ ਬਜਟ 'ਚ ਜਨਤਾ ਵੱਲੋਂ ਆਏ 5,000 ਸੁਝਾਵਾਂ ਨੂੰ ਸ਼ਾਮਲ ਕੀਤਾ ਗਿਆ ਹੈ ਅਤੇ ਸਰਕਾਰ ਨੇ ਆਪਣੇ ਚੋਣ ਮਨੋਰਥ ਪੱਤਰ ਦੇ 217 ਵਾਅਦਿਆਂ 'ਚੋਂ 60 ਨੂੰ ਪੂਰਾ ਕਰ ਦਿੱਤਾ ਹੈ। 'ਹਰਿਆਣਾ ਐਗਰੀ ਡਿਸਕਾਮ' ਖੇਤੀਬਾੜੀ ਖੇਤਰ ਨੂੰ ਹੁਲਾਰਾ ਦੇਣ ਲਈ ਸਰਕਾਰ ਨੇ ਇਕ ਤੀਜੀ ਬਿਜਲੀ ਵੰਡ ਕੰਪਨੀ 'ਹਰਿਆਣਾ ਐਗਰੀ ਡਿਸਕਾਮ' ਸਥਾਪਤ ਕਰਨ ਦਾ ਪ੍ਰਸਤਾਵ ਦਿੱਤਾ ਹੈ। ਇਹ ਕੰਪਨੀ ਸੂਬੇ ਦੇ 7.12 ਲੱਖ ਖੇਤੀਬਾੜੀ ਖਪਤਕਾਰਾਂ ਅਤੇ 5,084 ਖੇਤੀਬਾੜੀ ਫੀਡਰਾਂ ਨੂੰ ਬਿਜਲੀ ਸਪਲਾਈ ਕਰੇਗੀ। ਇਸ ਕਦਮ ਨਾਲ ਹਰ ਖੇਤ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇਗੀ। ਬਜਟ 'ਚ ਵਾਤਾਵਰਣ ਦੀ ਸੰਭਾਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। 'ਹਰਿਆਣਾ ਕਲੀਨ ਏਅਰ ਪ੍ਰਾਜੈਕਟ' ਲਈ ਵਿਸ਼ਵ ਬੈਂਕ ਨੇ 2,716 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਨੂੰ ਮਨਜ਼ੂਰੀ ਦਿੱਤੀ ਹੈ। ਇਸ ਤੋਂ ਇਲਾਵਾ, 100 ਕਰੋੜ ਰੁਪਏ ਦੀ ਲਾਗਤ ਨਾਲ 'ਹਰਿਆਣਾ ਗ੍ਰੀਨ ਕਲਾਈਮੇਟ ਰੈਜ਼ੀਲੈਂਸ ਫੰਡ' ਬਣਾਉਣ ਦਾ ਪ੍ਰਸਤਾਵ ਵੀ ਰੱਖਿਆ ਗਿਆ ਹੈ। ਇਹ ਫੰਡ ਸੂਬੇ 'ਚ ਜ਼ੀਰੋ-ਇਮਿਸ਼ਨ ਵਾਹਨਾਂ, ਨਵਿਆਉਣਯੋਗ ਊਰਜਾ, ਪਾਣੀ ਦੀ ਸੰਭਾਲ ਅਤੇ ਜਲਵਾਯੂ-ਅਨੁਕੂਲ ਖੇਤੀਬਾੜੀ ਵਰਗੇ ਕੰਮਾਂ 'ਚ ਨਿਵੇਸ਼ ਨੂੰ ਤੇਜ਼ ਕਰੇਗਾ।

# ਪ੍ਰਧਾਨ ਮੰਤਰੀ ਮੋਦੀ ਨੇ ਓਮਾਨ ਦੇ ਸੁਲਤਾਨ ਤੇ ਕੁਵੈਤ ਦੇ ਕ੍ਰਾਊਨ ਪ੍ਰਿੰਸ ਨਾਲ ਕੀਤੀ ਗੱਲਬਾਤ, ਇਸ ਗੱਲ 'ਤੇ ਪ੍ਰਗਟਾਈ ਚਿੰਤਾ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 3 ਮਾਰਚ। ਪੱਛਮੀ ਏਸ਼ੀਆ ਵਿੱਚ ਜਾਰੀ ਭਾਰੀ ਤਣਾਅ ਅਤੇ ਹਮਲਿਆਂ ਦੇ ਵਿਚਕਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ (3 ਮਾਰਚ) ਨੂੰ ਖਾੜੀ ਖੇਤਰ ਦੇ ਦੋ ਪ੍ਰਮੁੱਖ ਨੇਤਾਵਾਂ ਨਾਲ ਫੋਨ 'ਤੇ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਨੇ ਓਮਾਨ ਦੇ ਸੁਲਤਾਨ ਹੈਥਮ ਬਿਨ ਤਾਰਿਕ ਅਤੇ ਕੁਵੈਤ ਦੇ ਕ੍ਰਾਊਨ ਪ੍ਰਿੰਸ ਸ਼ੇਖ ਸਬਾ ਅਲ-ਖਾਲਿਦ ਅਲ-ਹਮਦ ਅਲ-ਮੁਬਾਰਕ ਅਲ-ਸਬਾ ਨਾਲ ਚਰਚਾ ਦੌਰਾਨ ਖੇਤਰ ਵਿੱਚ ਹੋ ਰਹੇ ਹਮਲਿਆਂ 'ਤੇ ਡੂੰਘੀ ਚਿੰਤਾ ਜਤਾਈ। ਗੱਲਬਾਤ ਦੌਰਾਨ ਪੀਐਮ ਮੋਦੀ ਨੇ ਇਨ੍ਹਾਂ ਦੇਸ਼ਾਂ ਵਿੱਚ ਰਹਿ ਰਹੇ ਭਾਰਤੀ ਭਾਈਚਾਰੇ ਦੀ ਸੁਰੱਖਿਆ ਅਤੇ ਭਲਾਈ ਬਾਰੇ ਵਿਸਤਾਰ ਵਿੱਚ ਗੱਲ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਭਾਰਤ ਸਰਕਾਰ ਲਗਾਤਾਰ ਵੱਖ-ਵੱਖ ਦੇਸ਼ਾਂ ਦੇ ਸੰਪਰਕ ਵਿੱਚ ਹੈ ਤਾਂ ਜੋ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਯਕੀਨੀ ਬਣਾਈ ਜਾ ਸਕੇ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਸੋਮਵਾਰ (2 ਮਾਰਚ) ਨੂੰ ਵੀ ਪ੍ਰਧਾਨ ਮੰਤਰੀ ਨੇ ਬਹਿਰੀਨ ਦੇ ਕਿੰਗ ਹਮਦ ਬਿਨ ਈਸਾ ਅਲ ਖਲੀਫਾ ਅਤੇ ਸਊਦੀ ਅਰਬ ਦੇ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਨਾਲ ਗੱਲਬਾਤ ਕਰਕੇ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਸੀ।



ਐਤਵਾਰ ਨੂੰ ਉਨ੍ਹਾਂ ਨੇ ਯੂਏਈ ("15) ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨਾਲ ਵੀ ਸਥਿਤੀ ਦਾ ਜਾਇਜ਼ਾ ਲਿਆ ਸੀ। ਇਹ ਸਾਰੀ ਕਾਰਵਾਈ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਈਰਾਨ ਵੱਲੋਂ ਅਮਰੀਕਾ ਅਤੇ ਇਜ਼ਰਾਈਲ ਦੀ ਕਾਰਵਾਈ ਦੇ ਜਵਾਬ ਵਿੱਚ ਖੇਤਰ ਵਿੱਚ ਮੌਜੂਦ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਭਾਰਤ ਲਗਾਤਾਰ ਸ਼ਾਂਤੀ ਅਤੇ ਸਥਿਰਤਾ ਦੀ ਅਪੀਲ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਵਾਦ ਦਾ ਹੱਲ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੀ ਕੱਢਿਆ ਜਾਣਾ ਚਾਹੀਦਾ ਹੈ। ਪੀਐਮ ਅਨੁਸਾਰ ਜਦੋਂ ਦੋ ਲੋਕਤੰਤਰ ਮਿਲ ਕੇ ਕੰਮ ਕਰਦੇ ਹਨ, ਤਾਂ ਗਲੋਬਲ ਮੁੱਦਿਆਂ 'ਤੇ ਉਨ੍ਹਾਂ ਦੀ ਆਵਾਜ਼ ਹੋਰ ਵੀ ਮਜ਼ਬੂਤ ਹੋ ਜਾਂਦੀ ਹੈ। ਦੂਜੇ ਪਾਸੇ, ਈਰਾਨ ਦੇ ਸੁਪਰੀਮ ਲੀਡਰ ਖਾਮੇਨੇਈ ਦੀ ਮੌਤ ਦੀਆਂ ਖ਼ਬਰਾਂ ਤੋਂ ਬਾਅਦ ਕਸ਼ਮੀਰ ਵਿੱਚ ਵੀ ਪ੍ਰਦਰਸ਼ਨ ਹੋਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ।

## ਦਿੱਲੀ 'ਚ ਵੱਡਾ ਧਮਾਕਾ : ਗੈਸ ਸਿਲੰਡਰ ਫਟਣ ਕਾਰਨ 7 ਲੋਕ ਝੁਲਸੇ, ਇਲਾਕੇ 'ਚ ਫੈਲੀ ਦਹਿਸ਼ਤ

ਨਵੀਂ ਦਿੱਲੀ 3 ਮਾਰਚ। ਦੇਸ਼ ਦੀ ਰਾਜਧਾਨੀ ਦਿੱਲੀ ਦੇ ਬਾਹਰੀ ਉੱਤਰੀ ਇਲਾਕੇ ਸਵਰੂਪ ਨਗਰ ਤੋਂ ਇੱਕ ਖ਼ੌਫਨਾਕ ਖ਼ਬਰ ਸਾਹਮਣੇ ਆਈ ਹੈ। ਇੱਥੇ ਇੱਕ ਰਿਹਾਇਸ਼ੀ ਇਮਾਰਤ ਵਿੱਚ ਮੰਗਲਵਾਰ ਤੜਕੇ ਛੋਟਾ ਐਲ.ਪੀ.ਜੀ. ਸਿਲੰਡਰ ਫਟਣ ਕਾਰਨ ਜ਼ੋਰਦਾਰ ਧਮਾਕਾ ਹੋਇਆ, ਜਿਸ ਵਿੱਚ ਦੋ ਬੱਚਿਆਂ ਅਤੇ ਤਿੰਨ ਔਰਤਾਂ ਸਮੇਤ ਕੁੱਲ 7 ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਇਸ ਘਟਨਾ ਨਾਲ ਇਲਾਕੇ ਵਿਚ ਦਹਿਸ਼ਤ ਫੈਲ ਗਈ। ਘਟਨਾ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ। ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ ਇਹ ਹਾਦਸਾ ਇਮਾਰਤ ਦੀ ਤੀਜੀ ਮੰਜ਼ਿਲ 'ਤੇ ਸਥਿਤ ਇੱਕ ਕਮਰੇ ਵਿੱਚ ਵਾਪਰਿਆ। ਇਸ ਕਮਰੇ ਵਿੱਚ ਚਾਰ ਮੈਂਬਰਾਂ ਦਾ ਇੱਕ ਪਰਿਵਾਰ ਕਿਰਾਏ 'ਤੇ ਰਹਿੰਦਾ ਹੈ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਦੀ ਗੂੰਜ ਦੂਰ-ਦੂਰ ਤੱਕ ਸੁਣਾਈ ਦਿੱਤੀ, ਜਿਸ ਕਾਰਨ ਇਲਾਕੇ ਵਿੱਚ ਦਹਿਸ਼ਤ ਫੈਲ ਗਈ ਅਤੇ ਲੋਕ ਡਰ ਦੇ ਮਾਰੇ ਆਪਣੇ ਘਰਾਂ ਤੋਂ ਬਾਹਰ ਆ ਗਏ। ਧਮਾਕੇ ਦੀ ਲਪੇਟ ਵਿੱਚ ਆਉਣ ਕਾਰਨ ਤੀਜੀ ਮੰਜ਼ਿਲ 'ਤੇ ਮੌਜੂਦ ਪੰਜ ਲੋਕ (ਜਿਨ੍ਹਾਂ ਵਿੱਚ ਇੱਕ ਔਰਤ ਅਤੇ ਦੋ ਬੱਚੇ ਸ਼ਾਮਲ ਹਨ) ਬੁਰੀ ਤਰ੍ਹਾਂ ਝੁਲਸ ਗਏ। ਇਸ ਤੋਂ ਇਲਾਵਾ ਧਮਾਕੇ ਦਾ ਪ੍ਰਭਾਵ ਇੰਨਾ ਜ਼ਿਆਦਾ ਸੀ ਕਿ ਦੂਜੀ ਮੰਜ਼ਿਲ 'ਤੇ ਰਹਿਣ ਵਾਲੀਆਂ ਦੋ ਹੋਰ ਔਰਤਾਂ ਵੀ ਇਸ ਦੀ ਲਪੇਟ 'ਚ ਆ ਕੇ ਜ਼ਖ਼ਮੀ ਹੋ ਗਈਆਂ। ਸਾਰੇ ਜ਼ਖ਼ਮੀਆਂ ਨੂੰ ਤੁਰੰਤ ਬੁਰਾੜੀ ਦੇ ਸਰਕਾਰੀ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਸੂਚਨਾ ਮਿਲਦੇ ਹੀ ਪੁਲਸ ਅਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ। ਅੱਗ 'ਤੇ ਕਾਬੂ ਪਾ ਲਿਆ ਗਿਆ ਹੈ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ, ਅਸੀਂ ਹਾਦਸੇ ਦੇ ਕਾਰਨਾਂ ਦੀ ਜਾਂਚ ਕਰ ਰਹੇ ਹਾਂ। ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਸਿਲੰਡਰ ਫਟਣ ਪਿੱਛੇ ਕੋਈ ਲਾਪਰਵਾਹੀ ਸੀ ਜਾਂ ਕੋਈ ਹੋਰ ਤਕਨੀਕੀ ਕਾਰਨ। ਪੁਲਸ ਨੇ ਭਰੋਸਾ ਦਿੱਤਾ ਹੈ ਕਿ ਜਾਂਚ ਦੇ ਆਧਾਰ 'ਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

# ਪੰਜਾਬ 'ਚ ਕਤਲ ਹੋ ਰਹੇ ਪਰ ਫਿਰ ਵੀ ਇਥੋਂ ਦੀ ਸਰਕਾਰ ਚੁੱਪ: ਮਲਿਕਾਰਜੁਨ ਖੜਗੇ

ਕੌਮੀ ਪਤ੍ਰਿਕਾ

ਬਰਨਾਲਾ 3 ਮਾਰਚ। ਕਾਂਗਰਸ ਪਾਰਟੀ ਵੱਲੋਂ ਬਰਨਾਲਾ 'ਚ ਵਿਸ਼ਾਲ 'ਮਨਰੇਗਾ ਮਜ਼ਦੂਰ ਅਤੇ ਕਿਸਾਨ ਬਚਾਓ ਰੈਲੀ' ਕੀਤੀ ਗਈ। ਇਸ ਦੌਰਾਨ ਰਾਹੁਲ ਗਾਂਧੀ, ਮਲਿਕਾਰਜੁਨ ਖੜਗੇ, ਪ੍ਰਤਾਪ ਸਿੰਘ ਬਾਜਵਾ, ਰਾਜਾ ਵੜਿੰਗ ਸਮੇਤ ਸਮੂਚੀ ਕਾਂਗਰਸ ਦੀ ਲੀਡਰਸ਼ਿਪ ਮੌਜੂਦ ਰਹੀ। ਰੈਲੀ ਦੌਰਾਨ ਪਾਰਟੀ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੈਨੂੰ ਅੱਜ ਖ਼ੁਸ਼ੀ ਹੋ ਰਹੀ ਹੈ ਜੋ ਪੰਜਾਬ ਦੀ ਇਸ ਧਰਤੀ 'ਤੇ ਕਿਸਾਨ ਅਤੇ ਮਜ਼ਦੂਰਾਂ ਦੀ ਮਹਾਰੈਲੀ ਹੋ ਰਹੀ ਹੈ। ਇਥੇ ਗੱਲਾਂ ਕਿਸਾਨਾਂ ਦੇ ਪੱਖ ਵਿਚ ਹੋਣਗੀਆਂ। ਜਿਵੇਂ ਤੁਸੀਂ ਤਿੰਨ ਖੇਤੀ ਕਾਨੂੰਨਾਂ ਖ਼?ਲਾਫ਼ ਲੜੇ ਸੀ, ਉਸੇ ਤਰ੍ਹਾਂ ਹੀ ਤੁਹਾਨੂੰ ਇਸ ਦੇ ਖ਼?ਲਾਫ਼ ਲੜਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਦੋ ਮੋਰਚਿਆਂ 'ਤੇ ਵੱਡੀ ਲੜਾਈ ਲੜਨੀ ਹੈ। ਇਕ ਪਾਸੇ ਮੋਦੀ ਸਰਕਾਰ ਤਾਂ ਦੂਜੇ ਪਾਸੇ ਪੰਜਾਬ ਸਰਕਾਰ ਨਾਲ ਲੜਨਾ ਹੈ। ਪੰਜਾਬ ਦੀ ਕਾਨੂੰਨ ਵਿਵਸਥਾ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਵਰ੍ਹਦੇ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਪੰਜਾਬ ਦੀ ਧਰਤੀ ਨੇ ਸਾਨੂੰ ਸਮਾਜਿਕ ਨਿਆਂ ਦਾ ਸੰਦੇਸ਼ ਦਿੱਤਾ ਹੈ ਪਰ ਅੱਜ ਇਸ ਧਰਤੀ 'ਤੇ ਬਹੁਤ ਖ਼ੂਨ-ਖਰਾਬਾ ਹੋ ਰਿਹਾ ਹੈ। ਲੋਕਾਂ ਦੇ ਕਤਲ ਹੋ ਰਹੇ ਹਨ, ਰੋਜ਼ਾਨਾ ਗੋਲ?ਆਂ ਚੱਲ ਰਹੀਆਂ ਹਨ ਅਤੇ ਜਬਰ-ਜ਼ਿਨਾਹ ਵਰਗੀਆਂ ਘਟਨਾਵਾਂ ਹੋ ਰਹੀਆਂ ਹਨ, ਫਿਰ ਵੀ ਇਥੇ ਦੀ ਪੰਜਾਬ ਸਰਕਾਰ ਚੁੱਪ ਹੈ। ਇਹ ਸਰਕਾਰ



ਭਾਜਪਾ ਦੀ ਬੀ-ਟੀਮ ਹੈ। ਪੰਜਾਬ ਦੀ ਧਰਤੀ 'ਤੇ ਦੇਸ਼ ਦਾ ਪਹਿਲਾਂ ਕਿਸਾਨ ਅੰਦੋਲਨ 1907 ਵਿਚ ਚਲਿਆ ਸੀ, ਜੋਕਿ ਸਫ਼ਲ ਰਿਹਾ ਸੀ। ਖੜਗੇ ਨੇ ਕਿਹਾ ਕਿ ਬ੍ਰਿਟਿਸ਼ ਸ਼ਾਸਨ ਦੌਰਾਨ ਦੇਸ਼ ਦੇ ਕਿਸਾਨ ਅੰਦੋਲਨ ਦੀ ਅਗਵਾਈ ਸਰਦਾਰ ਅਜੀਤ ਸਿੰਘ ਨੇ ਕੀਤੀ ਸੀ। ਇਹ ਸਫ਼ਲ ਰਿਹਾ ਸੀ। ਸ਼ਹੀਦ-ਏ-ਆਜ਼ਮ ਭਗਤ ਸਿੰਘ ਇਸ ਧਰਤੀ ਦੇ ਪੁੱਤਰ ਸਨ। ਉਨ੍ਹਾਂ ਨੇ ਏਕਤਾ ਦਾ ਸੰਦੇਸ਼ ਦਿੱਤਾ। ਕਾਂਗਰਸ ਪਾਰਟੀ ਉਸ ਸੰਦੇਸ਼ 'ਤੇ ਚੱਲ ਰਹੀ ਹੈ। ਕੁਝ ਲੋਕ ਭਗਤ ਸਿੰਘ ਦੀ ਤਸਵੀਰ ਲਗਾਉਂਦੇ ਹਨ ਪਰ ਉਹ ਉਨ੍ਹਾਂ ਦੇ ਸਿਧਾਂਤਾਂ ਦੀ ਪਾਲਣਾ ਨਹੀਂ ਕਰਦੇ। ਮੋਦੀ ਜਿੱਥੇ ਵੀ ਜਾਂਦੇ ਹਨ ਭਗਤ ਸਿੰਘ ਦਾ ਨਾਮ ਲੈਂਦੇ ਹਨ। ਉਹ ਉਨ੍ਹਾਂ ਨੂੰ ਸ਼ਰਧਾਂਜਲੀ ਦਿੰਦੇ ਹਨ ਪਰ ਕੰਮ ਉਲਟ ਕਰਦੇ ਹਨ। ਇੰਝ ਹੀ ਉਹ ਬਾਬਾ ਸਾਹਿਬ ਅੰਬੇਡਕਰ ਅਤੇ ਹੋਰਾਂ ਦੇ ਨਾਮ ਲੈਂਦੇ ਹਨ ਪਰ ਇਸ ਦਾ ਉਲਟਾ ਪ੍ਰਭਾਵ ਪੈ ਰਿਹਾ ਹੈ। ਸਰਕਾਰ 'ਤੇ ਵਰ੍ਹਦੇ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਕੇਂਦਰ ਸਰਕਾਰ ਹਰ ਕੰਮ ਉਲਟਾ ਕਰਦੀ ਜਾ ਰਹੀ ਹੈ, ਜਿਸ ਨਾਲ ਦੇਸ਼ ਦੇ ਲੋਕਾਂ ਦਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਹੀਂ ਹਨ, ਇਹ ਤਾਂ 'ਸਰੈਂਡਰ ਮੋਦੀ' ਹਨ। ਨਰਿੰਦਰ ਮੋਦੀ ਨੇ ਟਰੰਪ ਦੇ ਸਾਹਮਣੇ ਸਰੈਂਡਰ ਕੀਤਾ ਹੋਇਆ ਹੈ। ਜੋ ਟਰੰਪ ਕਹਿੰਦੇ ਹਨ, ਉਹ ਮੋਦੀ ਕਰਦੇ ਹਨ। ਸਾਨੂੰ ਫਿਰ ਤੋਂ ਗੁਲਾਮੀ ਵਿਚ ਰੱਖਣ ਦਾ ਕੰਮ ਨਰਿੰਦਰ ਮੋਦੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸੇਫ ਹੈ ਤਾਂ ਦੇਸ਼ ਸੇਫ ਹੈ, ਜੇਕਰ ਪੰਜਾਬ ਇਕ ਹੈ ਤਾਂ ਸਾਰਾ ਦੇਸ਼ ਇਕ ਹੈ।

# ਅਸਾਮ ਚੋਣਾਂ: ਕਾਂਗਰਸ ਨੇ ਜਾਰੀ ਕੀਤੀ 42 ਉਮੀਦਵਾਰਾਂ ਦੀ ਪਹਿਲੀ ਸੂਚੀ, ਗੌਰਵ ਗੋਗੋਈ ਜੋਰਹਾਟ ਤੋਂ ਲੜਨਗੇ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨੈਸ਼ਨਲ ਡੈਸਕ 3 ਮਾਰਚ। ਅਸਾਮ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਕਾਂਗਰਸ ਪਾਰਟੀ ਨੇ ਮੰਗਲਵਾਰ ਨੂੰ ਸੂਬੇ ਦੀਆਂ 126 ਵਿਧਾਨ ਸਭਾ ਸੀਟਾਂ ਲਈ 42 ਉਮੀਦਵਾਰਾਂ ਦੀ ਆਪਣੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਹੈ। ਇਸ ਸੂਚੀ ਵਿੱਚ ਸਭ ਤੋਂ ਪ੍ਰਮੁੱਖ ਨਾਮ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਉਪ ਨੇਤਾ ਅਤੇ ਸੰਸਦ ਮੈਂਬਰ ਗੌਰਵ ਗੋਗੋਈ ਦਾ ਹੈ, ਜੋ ਜੋਰਹਾਟ ਵਿਧਾਨ ਸਭਾ ਸੀਟ ਤੋਂ ਚੋਣ ਲੜਨਗੇ। ਕਾਂਗਰਸ ਦੀ ਕੇਂਦਰੀ ਚੋਣ ਕਮੇਟੀ ਨੇ ਉਪਰਲੇ ਅਸਾਮ, ਹੇਠਲੇ ਅਸਾਮ ਅਤੇ ਬਰਾਕ ਘਾਟੀ ਦੇ ਵੱਖ-ਵੱਖ ਹਲਕਿਆਂ ਲਈ ਉਮੀਦਵਾਰਾਂ ਦੀ ਚੋਣ ਕੀਤੀ ਹੈ। ਸੂਚੀ ਅਨੁਸਾਰ ਅਭਿਜੀਤ ਪਾਲ ਨੂੰ ਸਿਲਚਰ ਤੋਂ, ਇੰਦਰਨੀਲ ਪੇਗੂ ਨੂੰ ਮਾਜੁਲੀ ਤੋਂ ਅਤੇ ਮੀਰਾ ਬੋਰਠਾਕੁਰ ਗੋਸਵਾਮੀ ਨੂੰ ਦਿਸਪੁਰ ਤੋਂ ਉਮੀਦਵਾਰ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਰਿਪੁਨ ਬੋਰਾ ਬਰਚੱਲਾ ਤੋਂ ਚੋਣ ਮੈਦਾਨ ਵਿੱਚ ਹੋਣਗੇ। ਪਾਰਟੀ ਨੇ ਕਈ ਮੌਜੂਦਾ ਵਿਧਾਇਕਾਂ 'ਤੇ ਵੀ ਭਰੋਸਾ ਜਤਾਇਆ ਹੈ, ਜਿਨ੍ਹਾਂ



ਵਿੱਚ ਬੋਂਗਾਈਗਾਂਵ ਤੋਂ ਗਿਰੀਸ਼ ਬਰੂਆ ਅਤੇ ਹਾਜੋ-ਸੁਆਲਕੁਚੀ ਤੋਂ ਨੰਦਿਤਾ ਦਾਸ ਸ਼ਾਮਲ ਹਨ। ਅਸਾਮ ਦੀ 126 ਮੈਂਬਰੀ ਵਿਧਾਨ ਸਭਾ ਲਈ ਚੋਣਾਂ ਮਾਰਚ-ਅਪ੍ਰੈਲ ਵਿੱਚ ਹੋਣ ਦੀ ਸੰਭਾਵਨਾ ਹੈ ਅਤੇ ਭਾਰਤੀ ਚੋਣ ਕਮਿਸ਼ਨ ਕਿਸੇ ਵੀ ਦਿਨ ਚੋਣ ਪ੍ਰੋਗਰਾਮ ਦਾ ਐਲਾਨ ਕਰ ਸਕਦਾ ਹੈ। ਵਰਤਮਾਨ ਵਿੱਚ, ਭਾਜਪਾ ਦੇ 64 ਮੈਂਬਰ ਹਨ, ਜਦੋਂ ਕਿ ਉਸ ਦੇ ਸਹਿਯੋਗੀਆਂ (ਅਸਾਮ ਗਣ ਪ੍ਰੀਸ਼ਦ ਅਤੇ ਯੂਨਾਈਟਿਡ ਪੀਪਲਜ਼ ਪਾਰਟੀ ਲਿਬਰਲ) ਸਮੇਤ ਐਨਡੀਏ (©41) ਦੀ ਸਥਿਤੀ ਮਜ਼ਬੂਤ ਹੈ। ਦੂਜੇ ਪਾਸੇ, ਵਿਰੋਧੀ ਧਿਰ ਵਿੱਚ ਕਾਂਗਰਸ ਕੋਲ 26 ਵਿਧਾਇਕ ਹਨ। ਕਾਂਗਰਸ ਨੂੰ ਉਮੀਦ ਹੈ ਕਿ ਜਿਨ੍ਹਾਂ 42 ਸੀਟਾਂ 'ਤੇ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ, ਉੱਥੇ ਜਿੱਤ ਦੀਆਂ ਸੰਭਾਵਨਾਵਾਂ ਕਾਫ਼ੀ ਜ਼ਿਆਦਾ ਹਨ। ਸਾਲ 2021 ਦੀਆਂ ਚੋਣਾਂ ਵਿੱਚ ਭਾਜਪਾ ਦੀ ਅਗਵਾਈ ਵਾਲੇ ਗਠਜੋੜ ਨੇ 75 ਸੀਟਾਂ ਜਿੱਤ ਕੇ ਸੱਤਾ ਬਰਕਰਾਰ ਰੱਖੀ ਸੀ। ਕਾਂਗਰਸ ਦੀ ਅਗਵਾਈ ਵਾਲੇ 'ਮਹਾਜੋਤ' ਗਠਜੋੜ ਨੇ 50 ਸੀਟਾਂ ਹਾਸਲ ਕੀਤੀਆਂ ਸਨ। ਹੁਣ 2026 ਦੀਆਂ ਚੋਣਾਂ ਵਿੱਚ ਕਾਂਗਰਸ ਮੁੜ ਆਪਣੀ ਪਕੜ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

# ਭਾਜਪਾ ਨੇ ਰਾਜ ਸਭਾ ਉਮੀਦਵਾਰਾਂ ਦਾ ਐਲਾਨ, ਕੌਮੀ ਪ੍ਰਧਾਨ ਨੂੰ ਬਿਹਾਰ ਤੋਂ ਦਿੱਤੀ ਟਿਕਟ

ਨਵੀਂ ਦਿੱਲੀ/ਪਟਨਾ 3 ਮਾਰਚ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਰਾਜ ਸਭਾ ਚੋਣਾਂ 2026 ਲਈ ਆਪਣੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਹੈ। ਪਾਰਟੀ ਨੇ 10 ਸੂਬਿਆਂ ਦੀਆਂ 37




ਸੀਟਾਂ 'ਤੇ ਹੋਣ ਵਾਲੀਆਂ ਚੋਣਾਂ ਲਈ 9 ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਹੈ। ਪਾਰਟੀ ਨੇ ਬਿਹਾਰ ਤੋਂ ਦੋ ਉਮੀਦਵਾਰਾਂ ਨਿਤਿਨ ਨਵੀਨ ਅਤੇ ਸ਼ਿਵੇਸ਼ ਕੁਮਾਰ ਨੂੰ ਅੰਤਿਮ ਰੂਪ ਦੇ ਦਿੱਤਾ ਹੈ। ਇਸ ਸੂਚੀ ਵਿੱਚ ਬਿਹਾਰ, ਹਰਿਆਣਾ, ਅਸਾਮ ਅਤੇ ਪੱਛਮੀ ਬੰਗਾਲ ਸਮੇਤ ਕਈ ਅਹਿਮ ਸੂਬਿਆਂ ਦੇ ਆਗੂਆਂ ਨੂੰ ਟਿਕਟ ਦਿੱਤੀ ਗਈ ਹੈ। ਭਾਜਪਾ ਦੀ ਇਸ ਸੂਚੀ ਤੋਂ ਬਾਅਦ ਹੁਣ ਵਿਰੋਧੀ ਧਿਰਾਂ ਵੱਲੋਂ ਵੀ ਆਪਣੇ ਪੱਤੇ ਖੋਲ੍ਹੇ ਜਾਣ ਦੀ ਉਮੀਦ ਹੈ, ਜਿਸ ਨਾਲ ਚੋਣ ਮੈਦਾਨ ਹੋਰ ਵੀ ਭਖ ਗਿਆ ਹੈ। ਰਾਜ ਸਭਾ ਚੋਣਾਂ ਦੀ ਨਾਮਜ਼ਦਗੀ ਪ੍ਰਕਿਰਿਆ ਹੁਣ ਆਪਣੇ ਆਖਰੀ ਪੜਾਅ 'ਤੇ ਹੈ। 3 ਅਤੇ 4 ਮਾਰਚ ਨੂੰ ਹੋਲੀ ਦੀ ਛੁੱਟੀ ਹੋਣ ਕਾਰਨ ਨਾਮਜ਼ਦਗੀ ਦਾ ਕੰਮ ਬੰਦ ਰਿਹਾ। ਹੁਣ ਉਮੀਦਵਾਰਾਂ ਕੋਲ ਪਰਚੇ ਦਾਖਲ ਕਰਨ ਲਈ ਸਿਰਫ਼ 5 ਮਾਰਚ (ਵੀਰਵਾਰ) ਦਾ ਦਿਨ ਬਾਕੀ ਬਚਿਆ ਹੈ। ਦੱਸ ਦੇਈਏ ਕਿ ਇਨ੍ਹਾਂ 37 ਸੀਟਾਂ 'ਤੇ 16 ਮਾਰਚ ਨੂੰ ਵੋਟਾਂ ਪੈਣਗੀਆਂ। ਬਿਹਾਰ ਦੀਆਂ 5 ਰਾਜ ਸਭਾ ਸੀਟਾਂ ਲਈ ਐੱਨ.ਡੀ.ਏ. ਅਤੇ ਆਰ.ਜੇ.ਡੀ. ਵਿਚਾਲੇ ਸਖ਼ਤ ਮੁਕਾਬਲਾ ਦੇਖਣ ਨੂੰ ਮਿਲ ਰਿਹਾ ਹੈ। ਅਪ੍ਰੈਲ ਵਿੱਚ ਬਿਹਾਰ ਦੇ ਜਿਨ੍ਹਾਂ 5 ਮੈਂਬਰਾਂ ਦਾ ਕਾਰਜਕਾਲ ਖ਼ਤਮ ਹੋ ਰਿਹਾ ਹੈ, ਉਨ੍ਹਾਂ ਵਿੱਚ ਹਰਿਵੰਸ਼ ਨਾਰਾਇਣ ਸਿੰਘ (ਰਾਜ ਸਭਾ ਦੇ ਉਪ ਸਭਾਪਤੀ - ਜੇਡੀਯੂ), ਰਾਮਨਾਥ ਠਾਕੁਰ (ਕੇਂਦਰੀ ਮੰਤਰੀ - ਜੇਡੀਯੂ), ਪ੍ਰੇਮਚੰਦਰ ਗੁਪਤਾ (ਆਰ.ਜੇ.ਡੀ.), ਅਮਰੇਂਦਰ ਧਾਰੀ ਸਿੰਘ (ਆਰ.ਜੇ.ਡੀ.), ਉਪੇਂਦਰ ਕੁਸ਼ਵਾਹਾ (ਆਰ.ਐੱਲ.ਐੱਮ.) ਵਰਗੇ ਵੱਡੇ ਨਾਮ ਸ਼ਾਮਲ ਹਨ।

# ਖਮੇਨੀ ਦੇ ਕਤਲ 'ਤੇ ਸਰਕਾਰ ਦੀ ਚੁੱਪੀ ਨਿਰਪੱਖਤਾ ਨਹੀਂ, ਸੰਸਦ 'ਚ ਹੋਵੇ ਚਰਚਾ : ਸੋਨੀਆ ਗਾਂਧੀ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 3 ਮਾਰਚ। ਕਾਂਗਰਸ ਸੰਸਦੀ ਦਲ ਦੀ ਚੇਅਰਪਰਸਨ ਸੋਨੀਆ ਗਾਂਧੀ ਨੇ ਮੰਗਲਵਾਰ ਨੂੰ ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਮੇਨੀ ਦੀ ਨਿਸ਼ਾਨਾਬੱਧ ਹੱਤਿਆ 'ਤੇ ਮੋਦੀ ਸਰਕਾਰ ਦੀ ਚੁੱਪ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਸਦਾ ਰੁਖ਼ ਭਾਰਤ ਦੀ ਵਿਦੇਸ਼ ਨੀਤੀ ਦੀ ਦਿਸ਼ਾ ਅਤੇ ਭਰੋਸੇਯੋਗਤਾ 'ਤੇ ਗੰਭੀਰ ਸ਼ੱਕ ਪੈਦਾ ਕਰਦਾ ਹੈ। ਅੰਗਰੇਜ਼ੀ ਦੀ ਇਕ ਅਖ਼ਬਾਰ ਵਿਚ ਪ੍ਰਕਾਸ਼ਿਤ ਲੇਖ ਵਿੱਚ ਇਹ ਵੀ ਕਿਹਾ ਕਿ ਜਦੋਂ ਸੰਸਦ ਦੇ ਬਜਟ ਸੈਸ਼ਨ ਦਾ ਦੂਜਾ ਪੜਾਅ 9 ਮਾਰਚ ਨੂੰ ਸ਼ੁਰੂ ਹੋਵੇਗਾ, ਤਾਂ ਅੰਤਰਰਾਸ਼ਟਰੀ ਵਿਵਸਥਾ ਦੇ ਟੁੱਟਣ 'ਤੇ ਸਰਕਾਰ ਦੀ ਪਰੇਸ਼ਾਨ ਕਰਨ ਵਾਲੀ ਚੁੱਪ 'ਤੇ ਇੱਕ ਸਪੱਸ਼ਟ ਚਰਚਾ ਹੋਣੀ ਚਾਹੀਦੀ ਹੈ। ਸੋਨੀਆ ਗਾਂਧੀ ਨੇ ਕਿਹਾ, ਚੱਲ ਰਹੇ ਕੂਟਨੀਤਕ ਗੱਲਬਾਤ ਦੌਰਾਨ ਇੱਕ ਮੌਜੂਦਾ ਮੁਖੀ ਦੀ ਹੱਤਿਆ ਸਮਕਾਲੀ ਅੰਤਰਰਾਸ਼ਟਰੀ ਸਬੰਧਾਂ ਵਿੱਚ ਇੱਕ ਭਿਆਨਕ ਟੁੱਟਣ ਦਾ ਸੰਕੇਤ ਦਿੰਦੀ ਹੈ। ਪਰ ਇਸ ਹੈਰਾਨ ਕਰਨ ਵਾਲੀ ਘਟਨਾ ਤੋਂ ਪਰੇ ਨਵੀਂ ਦਿੱਲੀ ਦੀ ਚੁੱਪੀ ਵੀ ਹੈਰਾਨੀਜਨਕ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ ਨਾ ਤਾਂ ਇਸ ਕਤਲ ਦੀ ਨਿੰਦਾ ਕੀਤੀ ਹੈ ਅਤੇ ਨਾ ਹੀ ਈਰਾਨ ਦੀ ਪ੍ਰਭੂਸੱਤਾ ਦੀ ਉਲੰਘਣਾ ਦੀ। ਸਾਬਕਾ ਕਾਂਗਰਸ ਪ੍ਰਧਾਨ ਨੇ ਕਿਹਾ, ਅਮਰੀਕਾ-ਇਜ਼ਰਾਈਲ ਵਿਆਪਕ ਹਮਲੇ ਨੂੰ ਨਜ਼ਰਅੰਦਾਜ਼ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਆਪਣੇ ਆਪ ਨੂੰ ਯੂਏਈ 'ਤੇ ਈਰਾਨ ਦੇ ਜਵਾਬੀ ਹਮਲੇ ਦੀ ਨਿੰਦਾ ਕਰਨ ਤੱਕ ਸੀਮਤ ਰੱਖਿਆ ਅਤੇ ਇਸ ਤੋਂ ਪਹਿਲਾਂ ਹੋਈਆਂ ਘਟਨਾਵਾਂ ਦਾ ਜ਼ਿਕਰ ਨਹੀਂ ਕੀਤਾ। ਬਾਅਦ ਵਿੱਚ ਉਨ੍ਹਾਂ ਨੇ ਡੂੰਘੀ ਚਿੰਤਾ ਪ੍ਰਗਟ ਕੀਤੀ ਅਤੇ ਸੰਵਾਦ ਅਤੇ ਕੂਟਨੀਤੀ ਦੀ ਗੱਲ ਕੀਤੀ, ਭਾਵੇਂ ਇਹ ਪ੍ਰਕਿਰਿਆ ਇਜ਼ਰਾਈਲ ਅਤੇ ਅਮਰੀਕਾ ਦੁਆਰਾ ਵਿਆਪਕ, ਬਿਨਾਂ ਭੜਕਾਹਟ ਦੇ ਹਮਲਿਆਂ ਤੋਂ ਪਹਿਲਾਂ ਚੱਲ ਰਹੀ ਸੀ। ਉਨ੍ਹਾਂ ਕਿਹਾ, ਜਦੋਂ ਸਾਡਾ ਦੇਸ਼ ਸਪੱਸ਼ਟ ਤੌਰ 'ਤੇ ਪ੍ਰਭੂਸੱਤਾ ਜਾਂ ਅੰਤਰਰਾਸ਼ਟਰੀ ਕਾਨੂੰਨ ਦਾ ਬਚਾਅ ਨਹੀਂ ਕਰਦਾ ਅਤੇ ਕਿਸੇ ਵਿਦੇਸ਼ੀ ਨੇਤਾ ਦੀ ਨਿਸ਼ਾਨਾ ਬਣਾ ਕੇ ਕੀਤੀ ਗਈ ਹੱਤਿਆ ਦੇ ਜਵਾਬ ਵਿੱਚ ਨਿਰਪੱਖਤਾ ਨੂੰ ਛੱਡ ਦਿੱਤਾ ਜਾਂਦਾ ਹੈ, ਤਾਂ ਇਹ ਸਾਡੀ ਵਿਦੇਸ਼ ਨੀਤੀ ਦੀ ਦਿਸ਼ਾ ਅਤੇ ਭਰੋਸੇਯੋਗਤਾ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਚੁੱਪ ਰਹਿਣਾ ਨਿਰਪੱਖਤਾ ਨਹੀਂ ਹੈ। ਸੋਨੀਆ ਗਾਂਧੀ ਨੇ ਕਿਹਾ ਕਿ ਈਰਾਨੀ ਨੇਤਾ ਦੀ ਹੱਤਿਆ ਜੰਗ ਦੇ ਰਸਮੀ ਐਲਾਨ ਤੋਂ ਬਿਨਾਂ ਅਤੇ ਚੱਲ ਰਹੀ ਕੂਟਨੀਤਕ ਪ੍ਰਕਿਰਿਆ ਦੌਰਾਨ ਹੋਈ। ਉਨ੍ਹਾਂ ਕਿਹਾ, ਸੰਯੁਕਤ ਰਾਸ਼ਟਰ ਚਾਰਟਰ ਦੀ ਧਾਰਾ 2(4) ਕਿਸੇ ਵੀ ਰਾਜ ਦੀ ਖੇਤਰੀ ਅਖੰਡਤਾ ਜਾਂ ਰਾਜਨੀਤਿਕ ਆਜ਼ਾਦੀ ਵਿਰੁੱਧ ਧਮਕੀ ਜਾਂ ਤਾਕਤ ਦੀ ਵਰਤੋਂ ਦੀ ਮਨਾਹੀ ਕਰਦੀ ਹੈ। ਇੱਕ ਸੇਵਾ ਨਿਭਾ ਰਹੇ ਰਾਜ ਮੁਖੀ ਦੀ ਨਿਸ਼ਾਨਾ ਬਣਾ ਕੇ ਹੱਤਿਆ ਇਹਨਾਂ ਸਿਧਾਂਤਾਂ 'ਤੇ ਸਿੱਧਾ



ਹਮਲਾ ਹੈ। ਉਨ੍ਹਾਂ ਦਲੀਲ ਦਿੱਤੀ ਕਿ ਜੇਕਰ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੁਆਰਾ ਅਜਿਹੇ ਕੰਮਾਂ 'ਤੇ ਸਿਧਾਂਤਕ ਇਤਰਾਜ਼ ਨਹੀਂ ਕੀਤਾ ਜਾਂਦਾ ਹੈ, ਤਾਂ ਅੰਤਰਰਾਸ਼ਟਰੀ ਨਿਯਮਾਂ ਦੇ ਖੋਰੇ ਨੂੰ ਆਮ ਬਣਾਉਣਾ ਆਸਾਨ ਹੋ ਜਾਂਦਾ ਹੈ। ਸੋਨੀਆ ਗਾਂਧੀ ਨੇ ਕਿਹਾ, ਸਮਾਂ ਵੀ ਪਰੇਸ਼ਾਨ ਕਰਨ ਵਾਲਾ ਹੈ। ਹੱਤਿਆ ਤੋਂ ਸਿਰਫ਼ 48 ਘੰਟੇ ਪਹਿਲਾਂ ਪ੍ਰਧਾਨ ਮੰਤਰੀ ਇਜ਼ਰਾਈਲ ਦੇ ਦੌਰੇ ਤੋਂ ਵਾਪਸ ਆਏ, ਜਿੱਥੇ ਉਨ੍ਹਾਂ ਨੇ ਬੈਂਜਾਮਿਨ ਨੇਤਨਯਾਹੂ ਦੀ ਸਰਕਾਰ ਲਈ ਆਪਣਾ ਸਪੱਸ਼ਟ ਸਮਰਥਨ ਦੁਹਰਾਇਆ, ਜਦੋਂ ਕਿ ਗਾਜ਼ਾ ਸੰਘਰਸ਼ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕਾਂ, ਖਾਸ ਕਰਕੇ ਔਰਤਾਂ ਅਤੇ ਬੱਚਿਆਂ ਦੀ ਮੌਤ 'ਤੇ ਵਿਸ਼ਵਵਿਆਪੀ ਰੋਸ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮੇਂ ਜਦੋਂ ਗਲੋਬਲ ਸਾਊਥ ਦੇ ਬਹੁਤ ਸਾਰੇ ਦੇਸ਼, ਨਾਲ ਹੀ ਭਾਰਤ ਦੇ ਬ੍ਰਿਕਸ ਭਾਈਵਾਲ ਜਿਵੇਂ ਕਿ ਰੂਸ ਅਤੇ ਚੀਨ, ਦੂਰੀ ਬਣਾ ਕੇ ਰੱਖ ਰਹੇ ਹਨ, ਭਾਰਤ ਦਾ ਉੱਚ-ਪੱਧਰੀ ਰਾਜਨੀਤਿਕ ਸਮਰਥਨ, ਨੈਤਿਕ ਸਪੱਸ਼ਟਤਾ ਤੋਂ ਬਿਨਾਂ, ਇੱਕ ਚਿੰਤਾਜਨਕ ਤਬਦੀਲੀ ਦਾ ਸੰਕੇਤ ਦਿੰਦਾ ਹੈ। ਕਾਂਗਰਸ ਨੇਤਾ ਨੇ ਕਿਹਾ ਕਿ ਭਾਰਤ ਦਾ ਰੁਖ਼ ਇਸ ਦੁਖਾਂਤ ਲਈ ਚੁੱਪ-ਚਾਪ ਸਮਰਥਨ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨੇ ਈਰਾਨ ਦੀ ਧਰਤੀ 'ਤੇ ਬੰਬ ਹਮਲਿਆਂ ਅਤੇ ਨਿਸ਼ਾਨਾ ਸਾਧਣ ਵਾਲੀਆਂ ਹੱਤਿਆਵਾਂ ਦੀ ਸਪੱਸ਼ਟ ਤੌਰ 'ਤੇ ਨਿੰਦਾ ਕੀਤੀ ਹੈ। ਸੋਨੀਆ ਗਾਂਧੀ ਨੇ ਕਿਹਾ, ਅਸੀਂ ਈਰਾਨੀ ਲੋਕਾਂ ਅਤੇ ਦੁਨੀਆ ਭਰ ਦੇ ਸ਼ੀਆ ਭਾਈਚਾਰਿਆਂ ਪ੍ਰਤੀ ਆਪਣੀ ਸੰਵੇਦਨਾ ਪ੍ਰਗਟ ਕੀਤੀ ਹੈ ਅਤੇ ਦੁਹਰਾਇਆ ਹੈ ਕਿ ਭਾਰਤ ਦੀ ਵਿਦੇਸ਼ ਨੀਤੀ ਵਿਵਾਦਾਂ ਦੇ ਸ਼ਾਂਤੀਪੂਰਨ ਹੱਲ 'ਤੇ ਅਧਾਰਤ ਹੈ, ਜਿਵੇਂ ਕਿ ਭਾਰਤੀ ਸੰਵਿਧਾਨ ਦੀ ਧਾਰਾ 51 ਵਿੱਚ ਦਰਸਾਇਆ ਗਿਆ ਹੈ। ਉਨ੍ਹਾਂ ਦੇ ਅਨੁਸਾਰ, ਪ੍ਰਭੂਸੱਤਾ ਸਮਾਨਤਾ, ਦਖਲਅੰਦਾਜ਼ੀ ਨਾ ਕਰਨਾ ਅਤੇ ਸ਼ਾਂਤੀ ਨੂੰ ਉਤਸ਼ਾਹਿਤ ਕਰਨਾ ਉਹ ਸਿਧਾਂਤ ਹਨ ਜੋ ਇਤਿਹਾਸਕ ਤੌਰ 'ਤੇ ਭਾਰਤ ਦੀ ਕੂਟਨੀਤਕ ਪਛਾਣ ਦਾ ਹਿੱਸਾ ਰਹੇ ਹਨ। ਸੋਨੀਆ ਗਾਂਧੀ ਨੇ ਕਿਹਾ, ਇਸ ਲਈ ਮੌਜੂਦਾ ਸਰਕਾਰ ਦੀ ਚੁੱਪੀ ਨਾ ਸਿਰਫ਼ ਰਣਨੀਤਕ ਹੈ, ਸਗੋਂ ਸਾਡੇ ਦੱਸੇ ਗਏ ਸਿਧਾਂਤਾਂ ਦੇ ਉਲਟ ਵੀ ਜਾਪਦੀ ਹੈ। ਇਹ ਘਟਨਾ ਭਾਰਤ ਲਈ ਖਾਸ ਤੌਰ 'ਤੇ ਚਿੰਤਾਜਨਕ ਹੈ। ਸੋਨੀਆ ਗਾਂਧੀ ਨੇ ਸਵਾਲ ਕੀਤਾ ਕਿ ਜੇਕਰ ਅਸੀਂ ਅੱਜ ਈਰਾਨ ਦੇ ਮਾਮਲੇ ਵਿੱਚ ਪ੍ਰਭੂਸੱਤਾ ਦੀ ਅਣਦੇਖੀ ਕਰਨ ਤੋਂ ਝਿਜਕਦੇ ਹਾਂ, ਤਾਂ ਗਲੋਬਲ ਸਾਊਥ ਦੇ ਦੇਸ਼ ਕੱਲ੍ਹ ਨੂੰ ਆਪਣੀ ਖੇਤਰੀ ਅਖੰਡਤਾ ਦੀ ਰੱਖਿਆ ਲਈ ਭਾਰਤ 'ਤੇ ਕਿਵੇਂ ਭਰੋਸਾ ਕਰਨਗੇ? ਉਨ੍ਹਾਂ ਕਿਹਾ, ਇਸ ਮੁੱਦੇ ਨੂੰ ਹੱਲ ਕਰਨ ਲਈ ਸੰਸਦ ਢੁਕਵਾਂ ਮੰਚ ਹੈ। ਜਦੋਂ ਕਾਰਵਾਈ ਮੁੜ ਸ਼ੁਰੂ ਹੁੰਦੀ ਹੈ, ਤਾਂ ਅੰਤਰਰਾਸ਼ਟਰੀ ਵਿਵਸਥਾ ਦੇ ਇਸ ਵਿਘਨ 'ਤੇ ਭਾਰਤ ਦੀ ਚੁੱਪੀ ਬਾਰੇ ਖੁੱਲ੍ਹੀ ਅਤੇ ਸਪੱਸ਼ਟ ਚਰਚਾ ਹੋਣੀ ਚਾਹੀਦੀ ਹੈ।

# ਆਬਕਾਰੀ ਵਿਭਾਗ ਨੇ ਭਿੰਡੀ-ਸੈਦਾਂ ਪਿੰਡ ਤੇ ਸ਼ਹਿਰੀ ਖੇਤਰਾਂ 'ਚ ਕੀਤੀ ਛਾਪੇਮਾਰੀ, ਸ਼ਰਾਬ ਮਾਫੀਆ 'ਚ ਹੜਕੰਪ

ਅੰਮ੍ਰਿਤਸਰ 3 ਮਾਰਚ। ਜ਼ਿਲ੍ਹਾ ਆਬਕਾਰੀ ਵਿਭਾਗ ਅਤੇ ਪੁਲਸ ਦੀ ਸਾਂਝੀ ਕਾਰਵਾਈ ਵਿੱਚ ਅਜਨਾਲਾ ਦੇ ਭਿੰਡੀ-ਸੈਦਾਂ ਇਲਾਕਿਆਂ ਵਿੱਚ ਨਾਜਾਇਜ਼ ਸ਼ਰਾਬ ਖਿਲਾਫ ਕੀਤੀ ਗਈ ਕਾਰਵਾਈ ਵਿੱਚ 5000 ਲੀਟਰ ਨਾਜਾਇਜ਼ ਸ਼ਰਾਬ ਦਾ ਜਖੀਰਾ ਬਰਾਮਦ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸ਼ਹਿਰੀ ਖੇਤਰਾਂ ਵਿੱਚ ਦੋ ਥਾਵਾਂ ਤੋਂ ਅੰਗਰੇਜੀ ਸ਼ਰਾਬ ਵੀ ਬਰਾਮਦ ਕੀਤੀ ਗਈ ਹੈ, ਜੋ ਕਿ ਸਰਕਾਰ ਦੇ ਮਾਲੀਏ ਲਈ ਸਿੱਧੇ ਤੌਰ 'ਤੇ ਖ਼ਤਰਾ ਪੈਦਾ ਹੈ। ਆਬਕਾਰੀ ਵਿਭਾਗ ਦੀ ਕਾਰਵਾਈ ਕਾਰਨ ਗੈਰ-ਕਾਨੂੰਨੀ ਸ਼ਰਾਬ ਮਾਫੀਆ ਵਿੱਚ ਹੜਕੰਪ ਮੱਚਿਆ ਹੋਇਆ ਹੈ। ਇਹ ਕਾਰਵਾਈ ਜ਼ਿਲ੍ਹਾ ਆਬਕਾਰੀ ਅਫ਼ਸਰ ਮਨੀਸ਼ ਗੋਇਲ ਦੀ ਨਿਗਰਾਨੀ ਹੇਠ ਕੀਤੀ ਗਈ, ਜਿਸ ਵਿੱਚ ਆਬਕਾਰੀ ਇੰਸਪੈਕਟਰ ਧਰਮਿੰਦਰ ਸ਼ਰਮਾ, ਮੋਹਿਤ ਗੁਪਤਾ ਅਤੇ ਮੈਡਮ ਜਗਦੀਪ ਕੌਰ ਦੀ ਅਗਵਾਈ ਹੇਠ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਦੌਰਾਨ ਆਬਕਾਰੀ ਪੁਲਸ ਅਤੇ ਜ਼ਿਲ੍ਹਾ ਪੁਲਸ ਦੇ ਕਰਮਚਾਰੀ ਸ਼ਾਮਲ ਸਨ। ਇਸ ਕਾਰਵਾਈ ਵਿੱਚ ਜ਼ਿਲ੍ਹਾ ਅੰਮ੍ਰਿਤਸਰ-2 ਦੇ ਅਜਨਾਲਾ ਸਰਕਲ ਵਿੱਚ ਭਿੰਡੀ-ਸੈਦਾਂ ਨਾਮਕ ਜਗ?ਹਾ ਤੋਂ 5 ਹਜ਼ਾਰ ਲੀਟਰ ਸ਼ਰਾਬ ਨਾਲ ਭਰੇ ਡਰੰਮ ਬਰਾਮਦ ਕੀਤੇ ਗਏ, ਜਿਸ ਵਿੱਚ ਇਸ ਕਾਰਵਾਈ ਦੀ ਅਗਵਾਈ ਇੰਸਪੈਕਟਰ ਮੈਡਮ ਜਗਦੀਪ ਕੌਰ ਨੇ ਕੀਤੀ। ਇਸ ਮਾਮਲੇ ਵਿੱਚ ਪੁਲਸ ਨੇ ਭਿੰਡੀ-ਸੈਦਾ ਦੇ ਰਹਿਣ ਵਾਲੇ ਕੁਲਵੰਤ ਸਿੰਘ



ਪੁੱਤਰ ਅੰਗਰੇਜ਼ ਸਿੰਘ ਖਿਲਾਫ਼ ਕੇਸ ਦਰਜ ਕੀਤਾ ਹੈ। ਇਸ ਦੇ ਨਾਲ ਹੀ ਉਸੇ ਇੰਸਪੈਕਟਰ ਜਗਦੀਪ ਕੌਰ ਨੇ ਰਾਮਦਾਸ ਖੇਤਰ ਦੇ ਅਧੀਨ ਆਉਂਦੇ ਦੂਜੋਵਾਲ ਵਿੱਚ ਛਾਪਾ ਮਾਰਿਆ ਅਤੇ 7500 ਮਿਲੀਲੀਟਰ ਨਾਜਾਇਜ਼ ਤਰਲ ਪਦਾਰਥ ਬਰਾਮਦ ਕੀਤਾ। ਇਸ ਸਬੰਧੀ ਥਾਣਾ ਰਾਮਦਾਸ ਪੁਲਸ ਨੇ ਵਿਕਰਮ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਦੂਜੋਵਾਲ ਖ਼?ਲਾਫ਼ ਕੇਸ ਦਰਜ ਕੀਤਾ ਹੈ। ਇਸੇ ਤਰ੍ਹਾਂ ਅੰਗਰੇਜੀ ਸ਼ਰਾਬ ਬਰਾਮਦ ਕਰਨ ਦੀ ਕਵਾਇਦ ਵਿੱਚ ਆਬਕਾਰੀ ਵਿਭਾਗ ਦੇ ਇੰਸਪੈਕਟਰ ਧਰਮਿੰਦਰ ਸ਼ਰਮਾ ਨੇ ਦਵਿੰਦਰ ਸ਼ਰਮਾ ਉਰਫ਼ ਰਾਜੂ ਪੁੱਤਰ ਤਿਲਕ ਰਾਜ ਵਾਸੀ ਅਜੀਤ ਐਨਕਲੇਵ ਗੁੰਮਟਾਲਾ ਖਿਲਾਫ 12 ਬੋਤਲਾਂ ਅੰਗਰੇਜੀ ਸ਼ਰਾਬ ਰਾਇਲ ਸਟੈਗ ਸਮੇਤ ਅੰਮ੍ਰਿਤਸਰ ਸ਼ਹਿਰ ਦੇ ਥਾਣਾ ਕੰਟੋਨਮੈਂਟ ਵਿਖੇ ਕੇਸ ਦਰਜ ਕੀਤਾ ਹੈ। ਜ਼ਿਲ੍ਹਾ ਆਬਕਾਰੀ ਅਧਿਕਾਰੀ ਮਨੀਸ਼ ਗੋਇਲ ਨੇ ਦੱਸਿਆ ਕਿ ਇੰਸਪੈਕਟਰ ਮੋਹਿਤ ਗੁਪਤਾ ਅਤੇ ਧਰਮਿੰਦਰ ਸ਼ਰਮਾ ਦੀ ਅਗਵਾਈ ਹੇਠ ਆਬਕਾਰੀ ਟੀਮ ਨੇ ਗਵਾਲ ਮੰਡੀ ਅਤੇ ਲਾਰੈਂਸ ਰੋਡ ਇਲਾਕੇ ਵਿੱਚ ਕਈ ਥਾਵਾਂ 'ਤੇ ਚੈਕਿੰਗ ਕੀਤੀ। ਇਸ ਦੌਰਾਨ ਲਾਰੈਂਸ ਰੋਡ 'ਤੇ ਇੱਕ ਘਰ ਬਾਹਰ ਖੜੀ ਆਲਟੋ ਕਾਰ ਵਿੱਚੋਂ ਇੰਗਲਿਸ਼ ਇੰਪੀਰੀਅਲ-ਬਲੂ ਬ੍ਰਾਂਡ ਦੀਆਂ 21 ਬੋਤਲਾਂ ਬਰਾਮਦ ਕੀਤੀਆਂ ਗਈਆਂ। ਜ਼ਿਲ੍ਹਾ ਆਬਕਾਰੀ ਅਧਿਕਾਰੀ ਮਨੀਸ਼ ਨੇ ਦੱਸਿਆ ਕਿ ਅੰਗਰੇਜ਼ੀ ਸ਼ਰਾਬ ਜ਼ਬਤ ਕਰ ਲਈ ਗਈ ਹੈ। ਇਸ ਦੇ ਨਾਲ ਹੀ, ਪੇਂਡੂ ਖੇਤਰਾਂ ਤੋਂ ਬਰਾਮਦ ਕੀਤੀ ਗਈ ਲਾਹਣ ਦੇ ਰੂਪ ਵਿੱਚ ਨਾਜਾਇਜ਼ ਸ਼ਰਾਬ ਦੀ ਸਮੱਗਰੀ ਨੂੰ ਨਸ਼ਟ ਕਰ ਦਿੱਤਾ ਗਿਆ ਹੈ। ਸਹਾਇਕ ਕਮਿਸ਼ਨਰ ਅੰਮ੍ਰਿਤਸਰ ਰੇਂਜ ਸੁਖਵਿੰਦਰ ਸਿੰਘ ਨੇ ਕਿਹਾ ਹੈ ਕਿ ਵਿਭਾਗ ਦੀ ਨਾਜਾਇਜ਼ ਸ਼ਰਾਬ ਖਿਲਾਫ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਹਰਿਆਣਾ ਦੇ ਇਸ ਜ਼ਿਲ੍ਹੇ ਤੋਂ ਸ਼ੁਰੂ ਹੋਈ ਅੰਮ੍ਰਿਤਸਰ ਸਾਹਿਬ ਲਈ ਬੱਸ ਸੇਵਾ

ਡੈਸਕ 3 ਮਾਰਚ। ਸਿਰਸਾ ਦੇ ਲੋਕਾਂ ਲਈ ਇੱਕ ਵੱਡੀ ਖ਼ਬਰ ਆਈ ਹੈ। ਦਰਅਸਲ ਸਿਰਸਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸਿੱਧੀ ਰੋਡਵੇਜ਼ ਬੱਸ ਸ਼ੁਰੂ ਹੋਈ ਹੈ। ਅੱਜ ਵੱਡੀ ਗਿਣਤੀ ਵਿੱਚ ਸ਼ਰਧਾਲੂ ਬੱਸ ਵਿੱਚ ਅੰਮ੍ਰਿਤਸਰ ਲਈ ਰਵਾਨਾ ਹੋਏ ਹਨ। ਟ?ਰੈਫਿਕ ਮੈਨੇਜਰ (ਟੀਐੱਮ) ਸੁਧੀਰ ਕੁਮਾਰ ਨੇ ਸਿਰਸਾ ਬੱਸ ਸਟੈਂਡ ਤੋਂ ਇਸ ਬੱਸ ਸੇਵਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਹੈ। ਇਸ ਦੇ ਨਾਲ ਹੀ ਰੋਡਵੇਜ਼ ਬੱਸ ਦੇ ਡਰਾਈਵਰ ਅਤੇ ਕੰਡਕਟਰ ਨੂੰ ਮਠਿਆਈਆਂ ਦਿੱਤੀਆਂ ਗਈਆਂ ਅਤੇ ਯਾਤਰੀਆਂ ਦਾ ਸਵਾਗਤ ਕੀਤਾ ਗਿਆ। ਸਿਰਸਾ ਤੋਂ ਅੰਮ੍ਰਿਤਸਰ ਤੱਕ ਦਾ ਸਫ਼ਰ ਲਗਭਗ 7 ਘੰਟੇ ਦਾ ਹੈ। ਦੱਸਿਆ ਜਾ ਰਿਹਾ ਹੈ ਕਿ ਸਿਰਸਾ ਤੋਂ ਅੰਮ੍ਰਿਤਸਰ ਜਾਣ ਲਈ ਇੱਕ ਪਾਸੇ ਦਾ ਕਿਰਾਇਆ 375 ਰੁਪਏ ਰੱਖਿਆ ਗਿਆ ਹੈ। ਜਾਣਕਾਰੀ ਅਨੁਸਾਰ ਰੋਡਵੇਜ਼ ਪ੍ਰਸ਼ਾਸਨ ਸਿਰਸਾ ਤੋਂ ਅੰਮ੍ਰਿਤਸਰ ਲਈ ਆਨਲਾਈਨ ਟਿਕਟ ਬੁਕਿੰਗ ਦੀ ਸਹੂਲਤ ਵੀ ਸ਼ੁਰੂ ਕਰ ਸਕਦਾ ਹੈ। ਇਹ ਸਿਰਸਾ ਤੋਂ ਸਵੇਰੇ



9.40 ਵਜੇ ਚੱਲੇਗੀ। ਇਸ ਤੋਂ ਬਾਅਦ ਇਹ ਸਵੇਰੇ 11 ਵਜੇ ਡੱਬਵਾਲੀ, ਦੁਪਹਿਰ 12.13 ਵਜੇ ਬਠਿੰਡਾ, ਦੁਪਹਿਰ 13.54 ਵਜੇ ਫਰੀਦਕੋਟ, ਦੁਪਹਿਰ 17.00 ਵਜੇ ਅੰਮ੍ਰਿਤਸਰ ਯਾਨੀ ਸ਼ਾਮ 5 ਵਜੇ ਪਹੁੰਚੇਗੀ। ਅੰਮ੍ਰਿਤਸਰ ਤੋਂ ਵਾਪਸੀ 'ਤੇ ਇਹ ਬੱਸ ਅਗਲੇ ਦਿਨ ਸਵੇਰੇ 6.25 ਵਜੇ ਰਵਾਨਾ ਹੋਵੇਗੀ। ਇਸ ਤੋਂ ਬਾਅਦ ਇਹ ਸਵੇਰੇ 9.23 ਵਜੇ ਫਰੀਦਕੋਟ, ਸਵੇਰੇ 11.30 ਵਜੇ ਬਠਿੰਡਾ, ਦੁਪਹਿਰ 12.40 ਵਜੇ ਡੱਬਵਾਲੀ ਹੁੰਦੀ ਹੋਈ ਦੁਪਹਿਰ 2 ਵਜੇ ਸਿਰਸਾ ਬੱਸ ਸਟੈਂਡ ਪਹੁੰਚੇਗੀ।

## ਦਿਨ-ਦਿਹਾੜੇ ਤਾੜ-ਤਾੜ ਚੱਲੀਆਂ ਗੋਲੀਆਂ

ਝਬਾਲ, 3 ਮਾਰਚ। ਪੰਜਾਬ 'ਚ ਗੋਲੀਆਂ ਚੱਲਣ ਦੀਆਂ ਘਟਨਾਵਾਂ ਦਿਨੋਂ ਦਿਨ ਵਧਦੀਆਂ ਜਾ ਰਹੀਆਂ ਹਨ। ਅੱਜ ਦਿਨ-ਦਿਹਾੜੇ ਝਬਾਲ ਨਜ਼ਦੀਕ ਮੋੜ ਬਾਬਾ ਬੁੱਢਾ ਸਾਹਿਬ ਠੱਠਾ ਵਿਖੇ ਇਕ ਰੈਡੀਮੈਡ ਕੱਪੜਿਆਂ ਦੇ ਸ਼ੋਅਰੂਮ 'ਤੇ 3 ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਕੀਤੀ ਫਾਇਰਿੰਗ ਕੀਤੀ ਗਈ। ਇਸ ਘਟਨਾ ਨਾਲ ਇਲਾਕੇ ਵਿਚ ਦਹਿਸ਼ਤ ਫੈਲ ਗਈ। ਜਾਣਕਾਰੀ ਅਨੁਸਾਰ ਬਾਬਾ ਬੁੱਢਾ ਸਾਹਿਬ ਮੋੜ ਅੱਡਾ ਠੱਠਾ ਵਿਖੇ ਕੱਪੜਿਆਂ ਦੀ ਰੈਡੀਮੇਡ ਮਾਝਾ ਕਲਾਥ ਹਾਊਸ ਦੀ ਦੁਕਾਨ ਹੈ ਜਿਸਦੇ ਮਾਲਕ ਕਰਨਦੀਪ ਸਿੰਘ ਤੇ ਪ੍ਰਿਤਪਾਲ ਸਿੰਘ ਹਨ। ਸ਼ੁੱਕਰਵਾਰ ਸ਼ਾਮ ਲਗਭਗ ਸਾਢੇ 6 ਵਜੇ ਜਦੋਂ ਉਨ੍ਹਾਂ ਦੇ ਮੈਨੇਜਰ ਦਲਜੀਤ ਸਿੰਘ ਅਤੇ ਕਰਿੰਦਾ ਗੁਰਵਿੰਦਰ ਸਿੰਘ ਦੁਕਾਨ 'ਤੇ ਮੌਜੂਦ ਗਾਹਕਾਂ ਨੂੰ ਕੱਪੜਾ ਦੇ ਰਹੇ ਸਨ ਤਾਂ ਮੋਟਰ ਸਾਈਕਲ 'ਤੇ 3 ਅਣਪਛਾਤਿਆਂ ਨੇ ਦੁਕਾਨ 'ਤੇ ਗੋਲੀਆਂ



ਚਲਾਉਣੀਆਂ ਸ਼ੁਰੂ ਕਰ ਦਿਤੀਆਂ। ਫਈਰਿੰਗ ਦੌਰਾਨ ਕਿਸੇ ਵੀ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ। ਦਲਜੀਤ ਸਿੰਘ ਨੇ ਦੱਸਿਆ ਕਿ ਗੋਲੀਆਂ ਦੀ ਆਵਾਜ਼ ਸੁਣਕੇ ਅਸੀਂ ਹੇਠਾਂ ਬੈਠ ਗਏ। ਗੋਲੀਆਂ ਚਲਾਉਣ ਤੋਂ ਬਾਅਦ ਅਣਪਛਾਤੇ ਵਿਅਕਤੀ ਮੋਟਰਸਾਈਕਲ 'ਤੇ ਝਬਾਲ ਅੱਡੇ ਵੱਲ ਦੌੜ ਗਏ, ਜਿਥੇ ਸਾਰਾ ਦਿਨ ਪੁਲਸ ਦਾ ਨਾਕਾ ਹੁੰਦਾ ਹੈ। ਦੁਕਾਨ ਮਾਲਕਾਂ ਦੇ ਦੱਸਣ ਮੁਤਾਬਕ ਗੋਲੀਆਂ ਚੱਲਣ ਦੀ ਵਾਰਦਾਤ ਬਾਰੇ ਝਬਾਲ ਪੁਲਸ ਨੂੰ ਦੱਸਣ ਦੇ ਬਾਵਜੂਦ ਪੁਲਸ ਅੱਧੇ ਘੰਟੇ ਬਾਅਦ ਮੌਕੇ ਤੇ ਪਹੁੰਚੀ। ਦਿਨ ਦਿਹਾੜੇ ਹੋਈ ਇਸ ਘਟਨਾ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ ਹੈ। ਗੋਲੀਆਂ ਚੱਲਣ ਦੀ ਸਾਰੀ ਘਟਨਾ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ। ਇਸ ਸਬੰਧੀ ਥਾਣਾ ਮੁਖੀ ਝਬਾਲ ਆਈਪੀਐੱਸ ਅਸ਼ੋਕ ਮੀਨਾ ਨੇ ਕਿਹਾ ਕਿ ਸੀਸੀਟੀਵੀ ਕੈਮਰੇ ਖਗਾਲੇ ਜਾ ਰਹੇ ਹਨ ਅਤੇ ਜਲਦੀ ਗੋਲੀ ਚਲਾਉਣ ਵਾਲੇ ਵਿਅਕਤੀ ਗ੍ਰਿਫਤਾਰ ਕਰ ਲਏ ਜਾਣਗੇ।

# ਵਿਆਹ ਸਮਾਗਮ 'ਚ ਪੈ ਗਿਆ ਭੜਥੂ, ਹਸਪਤਾਲ 'ਚ ਦਾਖਲ ਕਰਾਉਣੇ ਪਏ 51 ਲੋਕ

ਕੋਰਬਾ 3 ਮਾਰਚ। ਛੱਤੀਸਗੜ੍ਹ ਦੇ ਕੋਰਬਾ ਜ਼ਿਲ੍ਹੇ ਵਿਚ ਇਕ ਵਿਆਹ ਸਮਾਰੋਹ ਦੌਰਾਨ ਭੋਜਨ ਕਰਨ ਮਗਰੋਂ 43 ਬੱਚਿਆਂ ਸਮੇਤ 51 ਲੋਕ ਬੀਮਾਰ ਹੋ ਗਏ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਉਰਗਾ ਥਾਣਾ ਖੇਤਰ ਦੇ ਅਧੀਨ ਭੈਸਮਾ ਪਿੰਡ ਵਿਚ ਵਿਆਹ ਸਮਾਰੋਹ ਦੌਰਾਨ ਭੋਜਨ ਕਰਨ ਮਗਰੋਂ 51 ਲੋਕ ਬੀਮਾਰ ਹੋ ਗਏ। ਇਨ੍ਹਾਂ ਵਿਚ 14 ਕੁੜੀਆਂ, 23 ਮੁੰਡੇ, 11 ਔਰਤਾਂ ਅਤੇ ਤਿੰਨ ਪੁਰਸ਼ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਭੈਸਮਾ ਪਿੰਡ ਦੇ ਪਹਰੀਪਾਰਾ ਦੇ ਪਿੰਡ ਵਾਸੀ ਵੀਰਵਾਰ ਨੂੰ ਪਿੰਡ 'ਚ ਇਕ ਵਿਆਹ ਸਮਾਗਮ 'ਚ ਸ਼ਾਮਲ ਹੋਣ ਗਏ ਸਨ। ਜਦੋਂ ਪਿੰਡ ਵਾਲਿਆਂ ਨੇ ਰਾਤ ਨੂੰ ਖਾਣਾ ਖਾਧਾ ਤਾਂ ਕੁਝ ਸਮੇਂ ਬਾਅਦ ਉਨ੍ਹਾਂ ਨੂੰ ਉਲਟੀਆਂ ਅਤੇ ਦਸਤ ਦੀ ਸ਼ਿਕਾਇਤ ਹੋਣ



ਲੱਗੀ। ਅਧਿਕਾਰੀਆਂ ਨੇ ਦੱਸਿਆ ਕਿ ਬੀਮਾਰ ਪਿੰਡ ਵਾਸੀਆਂ ਨੂੰ ਕੋਰਬਾ ਜ਼ਿਲ੍ਹਾ ਹੈੱਡਕੁਆਰਟਰ ਸਥਿਤ ਮੈਡੀਕਲ ਕਾਲਜ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਮੈਡੀਕਲ ਕਾਲਜ ਦੇ ਸੁਪਰਡੈਂਟ ਡਾ. ਗੋਪਾਲ ਕੰਵਰ ਨੇ ਦੱਸਿਆ ਕਿ 51 ਲੋਕਾਂ ਨੂੰ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਸਾਰਿਆਂ ਦੀ ਹਾਲਤ ਆਮ ਹੈ। ਕੰਵਰ ਨੇ ਕਿਹਾ ਕਿ ਪਿੰਡ ਵਾਸੀਆਂ ਨੇ ਦੱਸਿਆ ਹੈ ਕਿ ਵਿਆਹ ਦੌਰਾਨ ਖਾਣਾ ਖਾਣ ਤੋਂ ਬਾਅਦ ਉਸ ਦੀ ਸਿਹਤ ਵਿਗੜ ਗਈ। ਉਨ੍ਹਾਂ ਮੁਤਾਬਕ ਇਹ ਸ਼ੱਕ ਹੈ ਕਿ ਪਿੰਡ ਵਾਸੀ ਜ਼ਹਿਰੀਲੇ ਭੋਜਨ ਕਾਰਨ ਬੀਮਾਰ ਹੋਏ ਹਨ ਪਰ ਅਸਲ ਕਾਰਨ ਜਾਂਚ ਤੋਂ ਬਾਅਦ ਹੀ ਪਤਾ ਲੱਗੇਗਾ। ਅਧਿਕਾਰੀਆਂ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਹਸਪਤਾਲ ਪਹੁੰਚੇ ਅਤੇ ਬੀਮਾਰ ਪਿੰਡ ਵਾਸੀਆਂ ਤੋਂ ਪੁੱਛਗਿੱਛ ਕੀਤੀ।

## ਕਹਿਰ ਓ ਰੱਬਾ ! ਮਾਂ ਦੀ ਬੁੱਕਲ 'ਚੋਂ ਖਿੱਚ ਕੇ ਲੈ ਗਈ ਮੌਤ

ਨੈਸ਼ਨਲ ਡੈਸਕ 3 ਮਾਰਚ। ਮਹਾਰਾਸ਼ਟਰ ਸੂਬੇ ਤੋਂ ਇਕ ਬੇਹੱਦ ਦੁਖ਼ਦਾਈ ਖ਼ਬਰ ਸਾਹਮਣੇ ਆਈ ਹੈ, ਜਿਸ ਨੂੰ ਸੁਣ ਕੇ ਹਰ ਕਿਸੇ ਦਾ ਦਿਲ ਵਲੂੰਧਰਿਆ ਗਿਆ ਹੈ। ਉੱਥੋਂ ਦੇ ਪਾਲਘਰ 'ਚ ਇਕ ਬਿਲਡਿੰਗ ਦੀ 21ਵੀਂ ਮੰਜ਼ਿਲ 'ਤੇ ਬੈਠੀ ਮਾਂ ਦੀ ਗੋਦ 'ਚੋਂ ਫ਼?ਸਲ ਕੇ 7 ਮਹੀਨੇ ਦਾ ਮਾਸੂਮ ਹੇਠਾਂ ਆ ਡਿੱਗਾ, ਜਿਸ ਕਾਰਨ ਉਸ ਦੀ ਦਰਦਨਾਕ ਮੌਤ ਹੋ ਗਈ।



ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਬੋਲਿੰਜ ਕਸਬੇ 'ਚ ਵਾਪਰੀ, ਜਿੱਥੇ ਮਾਂ ਨੇ ਬੱਚੇ ਨੂੰ ਗੋਦੀ 'ਚ ਉਠਾਇਆ ਹੋਇਆ ਸੀ। ਇਸ ਦੌਰਾਨ ਉਹ ਕਮਰੇ ਦੀ ਖੁੱਲ੍ਹੀ ਹੋਈ ਖਿੜਕੀ ਨੂੰ ਬੰਦ ਕਰਨ ਲੱਗੀ ਤਾਂ ਬੱਚਾ ਉਸ ਦੀ ਗੋਦ 'ਚੋਂ ਤਿਲਕ ਗਿਆ ਤੇ ਹੇਠਾਂ ਡਿੱਗ ਗਿਆ। ਅਧਿਕਾਰੀਆਂ ਨੇ ਅੱਗੇ ਦੱਸਿਆ ਕਿ ਉਸ ਨੂੰ ਤੁਰੰਤ ਨਜ਼ਦੀਕੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਬੱਚੇ ਦੇ ਡਿੱਗਦਿਆਂ ਹੀ ਬੱਚੇ ਦੀ ਮਾਂ ਚੀਕਾਂ ਮਾਰਦੀ ਹੋਈ ਬੇਹੋਸ਼ ਹੋ ਕੇ ਡਿੱਗ ਗਈ, ਜੋ ਕਿ ਹਾਲੇ ਬੱਚੇ ਦੀ ਮੌਤ ਕਾਰਨ ਸਦਮੇ 'ਚ ਹੈ। ਫਿਲਹਾਲ ਪੁਲਸ ਨੇ ਬੱਚੇ ਦੀ ਮੌਤ ਦਾ ਕੇਸ ਦਰਜ ਕਰ ਲਿਆ ਹੈ ਤੇ ਮਾਮਲੇ ਦੀ ਹੋਰ ਜਾਣਕਾਰੀ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ।

# ਚੋਰ ਨੇ ਇਕ ਘਰ ਨੂੰ ਬਣਾਇਆ ਨਿਸ਼ਾਨਾ, ਲਗਾਤਾਰ 4 ਦਿਨ ਤੱਕ ਦਿੰਦਾ ਰਿਹਾ ਵਾਰਦਾਤ ਨੂੰ ਅੰਜਾਮ

ਅੰਮ੍ਰਿਤਸਰ 3 ਮਾਰਚ। ਅੰਮ੍ਰਿਤਸਰ 'ਚ ਇਕ ਵਾਰ ਫਿਰ ਚੋਰੀ ਦੀਆਂ ਵਾਰਦਾਤਾਂ ਵਧਦੀਆਂ ਦਿਖਾਈ ਦੇ ਰਹੀਆਂ ਹਨ ਤੇ ਚੋਰ ਬੇਖੌਫ ਹੋ ਕੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਇਸ ਦੀ ਤਾਜ਼ਾ ਉਦਾਹਰਨ ਅੰਮ੍ਰਿਤਸਰ ਦੇ ਰਿਸ਼ੀ ਵਿਹਾਰ 'ਚ ਦੇਖਣ ਨੂੰ ਮਿਲੀ, ਜਿੱਥੇ ਕਿ ਇਕ ਚੋਰ ਇਕ ਘਰ 'ਚ ਲਗਾਤਾਰ ਹੀ ਚਾਰ ਦਿਨ ਤੱਕ ਚੋਰੀ ਕਰਦਾ ਰਿਹਾ ਅਤੇ ਜਦੋਂ ਪੰਜਵੇਂ ਦਿਨ ਚੋਰੀ ਕਰਨ ਗਿਆ ਤਾਂ ਚੋਰ ਘਰਦਿਆਂ ਦੇ ਅੜੀਕੇ ਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਘਰ ਦੀ ਮਾਲਕ ਨੇ ਦੱਸਿਆ ਕਿ ਉਹ ਚਾਰ ਤਿੰਨ ਲਈ ਦੇਹਰਾਦੂਨ ਗਏ ਹੋਏ ਸਨ ਅਤੇ ਉਨ੍ਹਾਂ ਦੇ ਘਰ ਸੀਸੀਟੀਵੀ ਕੈਮਰੇ ਲੱਗੇ ਹਨ ਅਤੇ ਪਿੱਛੋਂ ਚਾਰ ਦਿਨ ਤੱਕ ਲਗਾਤਾਰ ਹੀ ਚੋਰ ਉਨ੍ਹਾਂ ਦੇ ਘਰ ਚੋਰੀ ਕਰਨ ਲਈ ਆਉਂਦਾ ਰਿਹਾ। ਉਨ੍ਹਾਂ ਦੱਸਿਆ ਕਿ ਜਦੋਂ ਚੋਰ ਚੋਰੀ ਕਰਨ ਆਉਂਦਾ ਸੀ ਤਾਂ ਉਹ ਸੀਸੀਟੀਵੀ ਕੈਮਰੇ ਦਾ ਮੂੰਹ ਵੀ ਘੁਮਾ ਦਿੰਦਾ ਸੀ ਅਤੇ ਚੋਰ ਵੱਲੋਂ ਘਰ 'ਚ ਲੱਗੀਆਂ ਟੂਟੀਆਂ ਤੋਂ ਲੈ ਕੇ ਸੋਨੇ ਦੇ ਗਹਿਣੇ ਤੱਕ ਵੀ ਚੋਰੀ ਕਰ ਲਏ ਗਏ। ਉਨ੍ਹਾਂ ਦੱਸਿਆ ਕਿ ਜਦੋਂ ਪੰਜਵੇਂ ਦਿਨ ਚੋਰ ਫਿਰ ਚੋਰੀ ਕਰਨ ਲਈ ਘਰ ਆਇਆ ਤਾਂ ਘਰ ਦੇ ਮਾਲਕਾਂ ਵੱਲੋਂ ਚੋਰ ਨੂੰ ਕਾਬੂ ਕਰ ਲਿਆ ਗਿਆ। ਜਿਸ ਤੋਂ ਬਾਅਦ ਉਨ੍ਹਾਂ ਨੇ ਮੁਹੱਲੇ ਵਾਸੀਆਂ ਦੀ ਮਦਦ ਨਾਲ ਚੋਰ ਨੂੰ ਪੁਲਸ ਦੇ ਹਵਾਲੇ ਕੀਤਾ ਅਤੇ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ। ਪਰਿਵਾਰ ਨੇ ਕਿਹਾ ਕਿ ਚੋਰ ਵੱਲੋਂ ਚੋਰੀ ਕੀਤਾ ਸਮਾਨ ਵੀ ਬਰਾਮਦ ਕੀਤਾ ਜਾਵੇ। ਦੂਜੇ ਪਾਸੇ ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਚੋਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਹੁਣ ਚੋਰ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

# ਹੁਣ ਧੀਆਂ ਦੇ ਵਿਆਹ 'ਤੇ ਮਿਲਣਗੇ ਇਕ ਲੱਖ ਰੁਪਏ, ਤੋਹਫ਼ੇ ਤੇ ਖਰਚ ਵੀ ਚੁੱਕੇਗੀ ਸਰਕਾਰ

ਲਖਨਊ 3 ਮਾਰਚ। ਨਿਊਜ਼: ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਮੁੱਖ ਮੰਤਰੀ ਸਮੂਹਿਕ ਵਿਆਹ ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ 2 ਲੱਖ ਰੁਪਏ ਦੀ ਸਾਲਾਨਾ ਆਮਦਨ ਸੀਮਾ ਵਧਾ ਕੇ 3 ਲੱਖ ਰੁਪਏ ਕਰਨ ਦੀ ਜ਼ਰੂਰਤ ਪ੍ਰਗਟਾਈ ਹੈ। ਤੁਹਾਨੂੰ ਦੱਸ ਦੇਈਏ ਕਿ ਵੀਰਵਾਰ ਨੂੰ ਸਮਾਜ ਭਲਾਈ ਵਿਭਾਗ ਦੀ ਸਮੀਖਿਆ ਮੀਟਿੰਗ 'ਚ ਯੋਗ ਯੋਗੀ ਨੇ ਕਿਹਾ ਕਿ ਰਾਜ ਸਰਕਾਰ ਨੇ ਨਵੇਂ ਵਿੱਤੀ ਸਾਲ ਤੋਂ ਸਮੂਹਿਕ ਵਿਆਹ ਯੋਜਨਾ ਤਹਿਤ ਯੋਗ ਨਵ-ਵਿਆਹੇ ਜੋੜਿਆਂ ਨੂੰ 51 ਹਜ਼ਾਰ ਰੁਪਏ ਦੀ ਬਜਾਏ 1 ਲੱਖ ਰੁਪਏ ਦੇਣ ਦਾ ਫੈਸਲਾ ਕੀਤਾ ਹੈ। 1 ਲੱਖ ਰੁਪਏ ਦੀ ਇਸ ਰਕਮ ਵਿੱਚੋਂ 60 ਹਜ਼ਾਰ ਰੁਪਏ ਲੜਕੀ ਦੇ ਬੈਂਕ ਖਾਤੇ ਵਿੱਚ ਜਮ?ਹਾ ਕੀਤੇ ਜਾਣੇ ਚਾਹੀਦੇ ਹਨ, ਜਦਕਿ 25 ਹਜ਼ਾਰ ਰੁਪਏ ਦੇ ਤੋਹਫ਼ੇ ਨਵ-ਵਿਆਹੇ ਜੋੜੇ ਨੂੰ ਦਿੱਤੇ ਜਾਣੇ ਚਾਹੀਦੇ ਹਨ, ਬਾਕੀ 15 ਹਜ਼ਾਰ ਰੁਪਏ ਵਿਆਹ ਸਮਾਗਮ 'ਚ ਖਰਚ ਕੀਤੇ ਜਾਣੇ ਚਾਹੀਦੇ ਹਨ। ਮੁੱਖ ਮੰਤਰੀ ਨੇ ਇਸ ਪ੍ਰਣਾਲੀ ਨੂੰ ਤੁਰੰਤ ਲਾਗੂ ਕਰਨ ਦੇ ਨਿਰਦੇਸ਼ ਦਿੱਤੇ



ਹਨ। ਬੁਢਾਪਾ ਪੈਨਸ਼ਨ ਦੀ ਅਪਡੇਟ ਕੀਤੀ ਸਥਿਤੀ ਦੀ ਸਮੀਖਿਆ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਇੱਕ ਵੀ ਯੋਗ ਬਜ਼ੁਰਗ ਵਿਅਕਤੀ ਪੈਨਸ਼ਨ ਤੋਂ ਵਾਂਝਾ ਨਾ ਰਹੇ। ਯੋਜਨਾ ਨੂੰ ਬਿਹਤਰ ਢੰਗ ਨਾਲ ਲਾਗੂ ਕਰਨ ਲਈ ਇਸਨੂੰ ਪਰਿਵਾਰਕ ਆਈਡੀ ਨਾਲ ਜੋੜਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਰਿਵਾਰਕ ਆਈਡੀ ਨਾਲ ਲਿੰਕ ਕਰਨ ਤੋਂ ਬਾਅਦ ਯੋਗਤਾ ਸ਼੍ਰੇਣੀ ਵਿੱਚ ਕੋਈ ਵੀ ਬੇਸਹਾਰਾ ਬਜ਼ੁਰਗ ਵਿਅਕਤੀ 60 ਸਾਲ ਦੀ ਉਮਰ ਦੇ ਹੁੰਦੇ ਹੀ ਤੁਰੰਤ ਪੈਨਸ਼ਨ ਦੀ ਰਕਮ ਪ੍ਰਾਪਤ ਕਰਨਾ ਸ਼ੁਰੂ ਕਰ ਦੇਵੇਗਾ। ਮੁੱਖ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਰਿਵਾਰਕ ਆਈਡੀ ਰਾਹੀਂ ਬੁਢਾਪਾ ਪੈਨਸ਼ਨ ਕਵਰੇਜ ਵਧਾਉਣ ਲਈ ਜ਼ਰੂਰੀ ਤਕਨੀਕੀ ਪ੍ਰਬੰਧ ਕੀਤੇ ਜਾਣ।

### 8 ਕਿਲੋ ਤੋਂ ਵੱਧ ਅਫੀਮ ਜ਼ਬਤ, ਮਹਿਲਾ ਸਣੇ 2 ਤਸਕਰ ਗ੍ਰਿਫ਼ਤਾਰ

ਸੋਲਨ 3 ਮਾਰਚ। ਹਿਮਾਚਲ ਪ੍ਰਦੇਸ਼ ਪੁਲਸ ਨੇ ਜ਼ਿਲ੍ਹੇ ਦੇ ਸਦਰ ਥਾਣਾ ਖੇਤਰ ਦੇ ਅਧੀਨ ਆਉਂਦੇ ਸਲੋਗੜਾ ਵਿਖੇ ਪਿੰਜੌਰ-ਸ਼ਿਮਲਾ ਨੈਸ਼ਨਲ ਹਾਈਵੇਅ 'ਤੇ ਇਕ ਔਰਤ ਸਮੇਤ 2 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ 'ਚੋਂ 8.184 ਕਿਲੋਗ੍ਰਾਮ ਅਫੀਮ ਬਰਾਮਦ ਕੀਤੀ ਹੈ। ਪੁਲਸ ਸੁਪਰਡੈਂਟ (ਐੱਸਪੀ) ਗੌਰਵ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਟੀਮ ਨੂੰ ਸੂਚਨਾ ਮਿਲੀ ਸੀ ਕਿ ਨੇਪਾਲੀ ਮੂਲ ਦਾ ਇਕ ਆਦਮੀ ਅਤੇ ਇਕ ਔਰਤ ਸੋਲਨ ਤੋਂ ਸ਼ਿਮਲਾ ਜਾ ਰਹੀ ਇਕ ਬੱਸ 'ਚ ਵੱਡੀ ਮਾਤਰਾ 'ਚ ਅਫੀਮ ਲੈ ਕੇ ਯਾਤਰਾ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਉਹ ਸ਼ਿਮਲਾ ਖੇਤਰ 'ਚ ਲੋਕਾਂ ਨੂੰ ਅਫੀਮ ਦੀ ਸਪਲਾਈ ਕਰਨ ਦੀ ਯੋਜਨਾ ਬਣਾ ਰਹੇ ਸਨ। ਸੂਚਨਾ ਦੇ ਆਧਾਰ 'ਤੇ ਟੀਮ ਦੇ ਮੈਂਬਰਾਂ ਨੇ ਸਲੋਗਰਾ ਕੋਲ ਨਾਕਾਬੰਦੀ ਕੀਤੀ ਅਤੇ ਨਿੱਜੀ ਬੱਸ ਦੀ ਤਲਾਸ਼ੀ ਲਈ। ਗ੍ਰਿਫ਼ਤਾਰ ਕੀਤੇ ਗਏ ਦੋਵਾਂ ਲੋਕਾਂ ਕੋਲੋਂ 8.184 ਕਿਲੋਗ੍ਰਾਮ ਅਫੀਮ ਬਰਾਮਦ ਕੀਤੀ ਗਈ। ਸ਼?ਰੀ ਸਿੰਘ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਕਿ ਦੋਸ਼ੀ ਨੇਪਾਲ ਤੋਂ ਅਫੀਮ ਦੀ ਤਸਕਰੀ ਕਰ ਕੇ ਹਿਮਾਚਲ ਲਿਆਏ ਸਨ ਅਤੇ ਸ਼ਿਮਲਾ ਖੇਤਰ 'ਚ ਲੋਕਾਂ ਨੂੰ ਵੇਚਣ ਵਾਲੇ ਸਨ। ਦੋਸ਼ੀਆਂ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ

# 2,50,000 ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਵਿਚ ਪਟਵਾਰੀ ਗ੍ਰਿਫ਼ਤਾਰ

ਚੰਡੀਗੜ੍ਹ/ਜਲੰਧਰ 3 ਮਾਰਚ। ਪੰਜਾਬ ਵਿਜੀਲੈਂਸ ਬਿਊਰੋ ਨੇ ਰਿਸ਼ਵਤ ਮੰਗਣ ਦੇ ਦੋਸ਼ ਵਿਚ ਪਟਵਾਰੀ ਨੂੰ ਗ੍ਰਿਫ਼ਤਾਰ ਕੀਤਾ ਹੈ। ਸੂਬੇ ਦੇ ਵਿਜੀਲੈਂਸ ਚੀਫ ਡਾਇਰੈਕਟਰ ਸੁਰਿੰਦਰ ਸਿੰਘ ਪਰਮਾਰ ਨੇ ਦੱਸਿਆ ਕਿ ਵਿਜੀਲੈਂਸ ਵਿਭਾਗ ਨੂੰ ਸ਼ਿਕਾਇਤਕਰਤਾ ਅਰਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੇ ਭਣਵੱਈਏ ਸੁੱਚਾ ਸਿੰਘ ਪੁੱਤਰ ਗੁਰਬਖਸ਼ ਸਿੰਘ ਨੇ 2022 ਵਿਚ ਸੁਲਤਾਨਵਿੰਡ ਵਿਚ 303 ਵਰਗ ਗਜ਼ ਦਾ ਇਕ ਪਲਾਟ ਖਰੀਦਿਆ ਸੀ। ਇਸ ਵਿਚੋਂ ਸਿਰਫ 293 ਵਰਗ ਗਜ਼ ਦੀ ਮਿਊਟੇਸ਼ਨ ਮਾਲੀਆ ਰਿਕਾਰਡ ਵਿਚ ਦਰਜ ਹੋਈ ਸੀ ਅਤੇ ਬਾਕੀ 40 ਵਰਗ ਗਜ਼ ਦੀ ਪ੍ਰਕਿਰਿਆ ਪੈਂਡਿੰਗ ਸੀ। ਸ਼ਿਕਾਇਤਕਰਤਾ ਆਪਣੇ ਭਣਵੱਈਏ ਨਾਲ ਉਕਤ ਪਟਵਾਰੀ ਕੋਲ ਦਸਤਾਵੇਜ਼ਾਂ ਸਮੇਤ ਮਿਊਟੇਸ਼ਨ ਕਰਵਾਉਣ ਗਿਆ। ਪਟਵਾਰੀ ਨੇ ਇਸ ਕੰਮ ਲਈ 2,50,000 ਰੁਪਏ ਦੀ ਰਿਸ਼ਵਤ ਮੰਗੀ। ਉਸ ਨੇ ਦੱਸਿਆ ਕਿ 1 ਲੱਖ ਰੁਪਏ ਤਹਿਸੀਲਦਾਰ ਨੂੰ ਅਤੇ 1



ਲੱਖ ਰੁਪਏ ਗੁਰਦਾਵਰ ਨੂੰ ਦਿੱਤੇ ਜਾਣਗੇ। ਸਿਰਫ 50 ਹਜ਼ਾਰ ਰੁਪਏ ਉਹ ਖੁਦ ਰੱਖੇਗਾ। ਸ਼ਿਕਾਇਤਰਤਾ ਨੇ 23-4-2025 ਨੂੰ ਗੁਰਬਖਸ਼ ਸਿੰਘ ਨੇ 2022 ਵਿਚ ਸੁਲਤਾਨਵਿੰਡ ਵਿਚ 303 ਵਰਗ ਗਜ਼ ਦਾ ਇਕ ਪਲਾਟ ਖਰੀਦਿਆ ਸੀ। ਇਸ ਵਿਚੋਂ ਸਿਰਫ 293 ਵਰਗ ਗਜ਼ ਦੀ ਮਿਊਟੇਸ਼ਨ ਮਾਲੀਆਵਿਜੀਲੈਂਸ ਬਿਊਰੋ ਇਕਾਈ ਅੰਮ੍ਰਿਤਸਰ ਪਹੁੰਚ ਕੇ 50 ਹਜ਼ਾਰ ਰੁਪਏ ਪੇਸ਼ ਕੀਤੇ ਅਤੇ ਆਪਣਾ ਬਿਆਨ ਦਰਜ ਕਰਵਾਇਆ। ਵਿਜੀਲੈਂਸ ਵਿਭਾਗ ਨੇ ਹਰਪ੍ਰੀਤ ਸਿੰਘ ਪਟਵਾਰੀ ਨੂੰ ਗ੍ਰਿਫਤਾਰ ਕਰ ਕੇ ਉਸ ਖ਼?ਲਾਫ਼ ਮਾਮਲਾ ਦਰਜ ਕੀਤਾ। ਫਿਲਹਾਲ ਵਿਭਾਗ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ।

## ਕੋਚਿੰਗ ਸੈਂਟਰ 'ਚ ਲੱਗੀ ਭਿਆਨਕ ਅੱਗ, ਕਲਾਸ 'ਚ 500 ਬੱਚੇ ਸਨ ਮੌਜੂਦ

ਨੈਸ਼ਨਲ ਡੈਸਕ 3 ਮਾਰਚ। ਕਰਨਾਲ ਦੇ ਸੈਕਟਰ-6 'ਚ ਮੰਗਲਵਾਰ ਦੁਪਹਿਰ ਨੂੰ ਇੱਕ ਕੋਚਿੰਗ ਇੰਸਟੀਚਿਊਟ 'ਚ ਅੱਗ ਲੱਗ ਗਈ। ਇਸ ਅੱਗ ਕਾਰਨ ਕਲਾਸ 'ਚ ਬੈਠੇ ਲਗਪਗ 500 ਬੱਚਿਆਂ ਵਿੱਚ ਭਾਜੜ ਮਚ ਗਈ। ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਸੈਕਟਰ-6 ਸਥਿਤ ਜੈਨੇਸਿਸ ਕਲਾਸਾਂ ਵਿੱਚ ਦੁਪਹਿਰ ਵੇਲੇ ਅਚਾਨਕ ਅੱਗ ਲੱਗ ਗਈ। ਜਦੋਂ ਅੱਗ ਲੱਗੀ, ਉਸ ਸਮੇਂ ਕਲਾਸਾਂ ਵਿੱਚ ਲਗਭਗ 500 ਵਿਦਿਆਰਥੀ ਮੌਜੂਦ ਸਨ। ਅਚਾਨਕ ਸੈਂਟਰ ਦੇ ਰਿਕਾਰਡਿੰਗ ਰੂਮ ਵਿੱਚੋਂ ਧੂੰਆਂ ਉੱਠਣਾ ਸ਼ੁਰੂ ਹੋ ਗਿਆ। ਥੋੜ੍ਹੇ ਹੀ ਸਮੇਂ ਵਿੱਚ ਅੱਗ ਲੱਗ ਗਈ। ਡਰੇ ਹੋਏ ਬੱਚਿਆਂ ਵਿੱਚ ਹਫੜਾ-ਦਫੜੀ ਮਚ ਗਈ। ਬੱਚਿਆਂ ਨੇ ਕੇਂਦਰ ਤੋਂ ਭੱਜ ਕੇ ਆਪਣੀ ਜਾਨ ਬਚਾਈ। ਅੱਗ ਲੱਗਣ ਦੀ ਸੂਚਨਾ ਪੁਲਿਸ ਅਤੇ ਫਾਇਰ ਬ੍ਰਿਗੇਡ ਨੂੰ ਦਿੱਤੀ ਗਈ। ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਲਗਭਗ ਅੱਧੇ ਘੰਟੇ ਦੀ ਮਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਫਿਲਹਾਲ ਅੱਗ ਲੱਗਣ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

### ਧਾਰਮਿਕ ਅਸਥਾਨ ਤੋਂ ਪਰਤ ਰਹੇ ਨੌਜਵਾਨਾਂ ਨਾਲ ਵਾਪਰਿਆ ਹਾਦਸਾ

ਲੁਧਿਆਣਾ 3 ਮਾਰਚ। ਇਕ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਤੋਂ ਬਾਅਦ ਵਾਪਸ ਆ ਰਹੇ ਦੋਸਤ ਇਕ ਹੋਰ ਕਾਰ ਚਾਲਕ ਦੀ ਲਾਪਰਵਾਹੀ ਕਾਰਨ ਹੋਏ ਸੜਕ ਹਾਦਸੇ ਵਿਚ ਜ਼ਖਮੀ ਹੋ ਗਏ। ਇਸ ਮਾਮਲੇ ਵਿਚ ਸਦਰ ਥਾਣੇ ਦੀ ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਦੀ ਪਛਾਣ ਵਿਪਨ ਕੁਮਾਰ ਵਜੋਂ ਹੋਈ ਹੈ, ਜੋ ਕਿ ਰਾਜਗੁਰੂ ਨਗਰ ਦਾ ਰਹਿਣ ਵਾਲਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ, ਬਾਜਵਾ ਨਗਰ ਦੇ ਵਸਨੀਕ ਤੁਸ਼ਾਰ ਮਲਹੋਤਰਾ ਨੇ ਕਿਹਾ ਕਿ 21 ਅਪ੍ਰੈਲ ਨੂੰ ਉਹ ਆਪਣੇ ਦੋਸਤ ਜਤਿਨ ਮਲਹੋਤਰਾ ਨਾਲ ਕ੍ਰੇਟਾ ਕਾਰ ਵਿਚ ਲਲਤੋਂ ਕਲਾਂ ਤੋਂ ਵਾਪਸ ਆ ਰਿਹਾ ਸੀ। ਜਦੋਂ ਉਹ ਖੇੜੀ ਚੌਕ ਦੇ ਨੇੜੇ ਪਹੁੰਚੇ ਤਾਂ ਬੋਲੈਰੋ ਕਾਰ ਵਿਚ ਅੱਗੇ ਜਾ ਰਹੇ ਮੁਲਜ਼ਮ ਨੇ ਅਚਾਨਕ ਸੜਕ ਦੇ ਵਿਚਕਾਰ ਬ੍ਰੇਕ ਲਗਾ ਦਿੱਤੀ, ਜਿਸ ਕਾਰਨ ਉਹ ਸੜਕ ਹਾਦਸੇ ਵਿਚ ਜ਼ਖਮੀ ਹੋ ਗਏ।

# ਪਹਿਲਾਂ ਇਕੱਠੇ ਬੈਠ ਪੀਤੀ ਸ਼ਰਾਬ, ਫਿਰ ਦੋਸਤ ਨੇ ਕਰ 'ਤਾ ਦੋਸਤ ਦਾ ਕਤਲ

ਚੰਡੀਗੜ੍ਹ 3 ਮਾਰਚ। ਸੈਕਟਰ-54 ਦੇ ਸਰਕਾਰੀ ਸਕੂਲ ਨੇੜੇ ਅੰਬਾਲਾ ਵਾਸੀ ਸੰਦੀਪ ਦਾ ਕਤਲ ਕਰਨ ਵਾਲੇ ਫ਼ਰਾਰ ਮੁਲਜ਼ਮ ਨੂੰ ਜ਼ਿਲ੍ਹਾ ਕ੍ਰਾਈਮ ਸੈੱਲ ਦੀ ਟੀਮ ਨੇ ਅੰਬਾਲਾ ਕੈਂਟ ਸਟੇਸ਼ਨ ਦੇ ਐਂਟਰੀ ਗੇਟ ਤੋਂ ਗ੍ਰਿਫ਼ਤਾਰ ਕਰ ਲਿਆ। ਉਸ ਦੀ ਪਛਾਣ ਅੰਬਾਲਾ ਦੇ ਦੁਰਗਾ ਨਗਰ ਵਾਸੀ ਰੋਹਿਤ ਉਰਫ਼ ਰੌਕੀ ਵਜੋਂ ਹੋਈ ਹੈ। ਪੁਲਸ ਨੇ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਖ਼ੂਨ ਨਾਲ ਲਿਬੜੀ ਟੀ-ਸ਼ਰਟ ਬਰਾਮਦ ਕੀਤੀ ਹੈ। ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਐੱਸ. ਐੱਸ. ਪੀ. ਕੰਵਰਦੀਪ ਕੌਰ ਨੇ ਕਾਤਲ ਨੂੰ ਫੜਨ ਲਈ ਟੀਮ ਬਣਾਈ ਸੀ। ਪੁਲਸ ਨੇ 700 ਤੋਂ ਵੱਧ ਸੀ. ਸੀ. ਟੀ. ਵੀ. ਫੁਟੇਜ ਦੀ ਜਾਂਚ ਕੀਤੀ। ਇਸ ਦੇ ਨਾਲ ਹੀ ਮੁਲਜ਼ਮ ਦੀ ਭਾਲ ਚੰਡੀਗੜ੍ਹ, ਮੋਹਾਲੀ, ਅੰਬਾਲਾ ਕੈਂਟ, ਬੱਸ ਸਟੈਂਡ, ਝੁੱਗੀ-ਝੌਂਪੜੀਆਂ, ਮੰਦਰ, ਗੁਰਦੁਆਰਾ, ਧਰਮਸ਼ਾਲਾ, ਕਬਾੜੀ ਮਾਰਕੀਟ, ਆਟੋ ਅਤੇ ਟੈਕਸੀ ਸਟੈਂਡ ਵਰਗੀਆਂ ਦਰਜਨਾਂ ਥਾਵਾਂ 'ਤੇ ਕੀਤੀ। ਜਾਂਚ ਦੌਰਾਨ ਪਤਾ ਲੱਗਾ ਕਿ ਮੁਲਜ਼ਮ ਵਾਰਦਾਤ ਤੋਂ ਬਾਅਦ ਪੈਦਲ ਅੰਬਾਲਾ ਵੱਲ ਨਿਕਲਿਆ ਸੀ। ਉਸ ਦੀ ਆਖਰੀ ਲੋਕੇਸ਼ਨ ਫਰੈਂਕੋ ਹੋਟਲ, ਭੈਣਾਂ ਦਾ ਢਾਬਾ ਅਤੇ ਏਅਰਪੋਰਟ ਰੋਡ ਤੋਂ ਹੁੰਦਿਆਂ ਸ਼ੰਭੂ ਬੈਰੀਅਰ ਵੱਲ ਟਰੇਸ ਕੀਤੀ ਗਈ ਸੀ। ਇਸ ਤੋਂ ਬਾਅਦ ਉਸ ਨੂੰ ਅੰਬਾਲਾ ਕੈਂਟ ਰੇਲਵੇ ਸਟੇਸ਼ਨ ਦੇ ਗੇਟ ਨੰਬਰ-1 ਨੇੜਿਓਂ ਕਾਬੂ ਕਰ ਲਿਆ। ਦੋਵੇਂ 13 ਅਪ੍ਰੈਲ ਨੂੰ ਚੰਡੀਗੜ੍ਹ ਕਲੱਬ 'ਚ ਵੇਟਰ ਵਜੋਂ ਕੰਮ ਕਰਨ ਲਈ ਆਏ, ਜਿੱਥੇ ਭਾਂਡੇ ਧੋਣ ਦਾ ਕੰਮ ਕੀਤਾ। ਪੈਮੇਂਟ ਮਿਲਣ 'ਤੇ ਇਕੱਠੇ ਸ਼ਰਾਬ ਪੀਤੀ। ਨਸ਼ੇ ਦੀ ਹਾਲਤ 'ਚ ਸੈਕਟਰ-54 ਸਥਿਤ ਉਕਤ ਥਾਂ ਪਹੁੰਚੇ, ਜਿੱਥੇ ਬਾਅਦ 'ਚ ਸੰਦੀਪ




ਦੀ ਲਾਸ਼ ਮਿਲੀ। ਪਤਾ ਲੱਗਾ ਹੈ ਕਿ ਸ਼ਰਾਬ ਦੇ ਨਸ਼ੇ 'ਚ ਪੈਸਿਆਂ ਨੂੰ ਲੈ ਕੇ ਦੋਵਾਂ ਵਿਚ ਬਹਿਸ ਹੋ ਗਈ, ਜੋ ਬਾਅਦ 'ਚ ਲੜਾਈ 'ਚ ਬਦਲ ਗਈ। ਗੁੱਸੇ 'ਚ ਰੋਹਿਤ ਨੇ ਪੱਥਰ ਨਾਲ ਸੰਦੀਪ ਦੇ ਸਿਰ 'ਤੇ ਵਾਰ ਕਰਕੇ ਉਸ ਦਾ ਕਤਲ ਕਰ ਦਿੱਤਾ। ਇਸ ਤੋਂ ਬਾਅਦ ਮੁਲਜ਼ਮ ਨੇ ਆਪਣੇ ਫਟੇ ਹੋਏ ਕੱਪੜਿਆਂ ਦੀ ਥਾਂ ਮ੍ਰਿਤਕ ਦੇ ਕੱਪੜੇ ਪਾ ਲਏ ਅਤੇ ਫ਼ਰਾਰ ਹੋ ਗਿਆ। ਪੁਲਸ ਮੁਤਾਬਕ ਮੁਲਜ਼ਮ ਰੋਹਿਤ ਮਜ਼ਦੂਰੀ ਕਰਦਾ ਹੈ। ਉਸ ਦਾ ਅਪਰਾਧਿਕ ਰਿਕਾਰਡ ਨਹੀਂ ਹੈ ਅਤੇ ਪਹਿਲੀ ਵਾਰ ਚੰਡੀਗੜ੍ਹ ਆਇਆ ਸੀ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਗੁਨਾਹ ਕਬੂਲ ਕਰ ਲਿਆ ਹੈ ਅਤੇ ਖ਼ੂਨ ਨਾਲ ਲਿਬੜੀ ਟੀ-ਸ਼ਰਟ ਸਣੇ ਟਰਾਊਜ਼ਰ ਵੀ ਪੁਲਸ ਨੂੰ ਸੌਂਪ ਦਿੱਤੇ ਹਨ।

### ਇਲੈਕਟਰਾਨਿਕ ਸ਼ੋਅਰੂਮ 'ਚ ਲੱਗੀ ਭਿਆਨਕ ਅੱਗ ਨੇ ਮਚਾਇਆ ਤਾਂਡਵ

ਨੈਸ਼ਨਲ ਡੈਸਕ 3 ਮਾਰਚ। ਮੁੰਬਈ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਬਾਂਦ੍ਰਾ ਦੇ ਲਿੰਕਿੰਗ ਰੋਡ ਇਲਾਕੇ 'ਚ ਇਲੈਕਟ?ਰਾਨਿਕਸ ਕੰਪਨੀ ਕ੍ਰੋਮਾ ਦੇ ਸ਼ੋਅਰੂਮ 'ਚ ਮੰਗਵਲਾਰ ਤੜਕੇ ਭਿਆਨਕ ਅੱਗ ਲੱਗ ਗਈ। ਹਾਲਾਂਕਿ ਇਸ ਘਟਨਾ ਕਾਰਨ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ। ਜਾਣਕਾਰੀ ਦਿੰਦਿਆਂ ਮੁੰਬਈ ਫਾਇਰ ਬ੍ਰਿਗੇਡ ਅਧਿਕਾਰੀਆਂ ਨੇ ਦੱਸਿਆ ਕਿ ਲਿੰਕ ਸਕੁਆਇਰ ਮਾਲ 'ਚ ਸਥਿਤ ਸ਼ੋਰੂਮ 'ਚ ਲੱਗੀ ਅੱਗ ਕਾਰਨ ਪੂਰੇ ਮਾਲ 'ਚ ਧੂੰਆ ਫੈਲ ਗਿਆ। ਇਹ ਅੱਗ ਸਵੇਰੇ ਕਰੀਬ 4.15 ਵਜੇ ਪਹਿਲੀ ਮੰਜ਼ਿਲ 'ਤੇ ਲੱਗੀ ਤੇ ਦੇਖਦੇ ਹੀ ਦੇਖਦੇ ਇਹ ਅੱਗ ਚੌਥੀ ਮੰਜ਼ਿਲ ਤੱਕ ਪਹੁੰਚ ਗਈ। ਇਸ ਅੱਗ 'ਤੇ ਕਾਬੂ ਪਾਉਣ ਲਈ ਫਾਇਰ ਬ੍ਰਿਗੇਡ ਦੀਆਂ 12 ਗੱਡੀਆਂ ਤੇ 9 ਜੰਬੋ ਵਾਟਰ ਟੈਂਕ ਮੌਕੇ 'ਤੇ ਪਹੁੰਚੇ, ਜੋ ਕਿ ਅੱਗ ਬੁਝਾਉਣ 'ਚ ਰੁੱਝੀਆਂ ਹੋਈਆਂ ਹਨ। ਇਸ ਤੋਂ ਇਲਾਵਾ ਇਕ ਕੁਇਕ ਰਿਸਪਾਂਸ ਵ?ਹੀਕਲ ਤੇ ਰੈਸਕਿਊ ਵੈਨ ਵੀ ਮੌਕੇ 'ਤੇ ਪਹੁੰਚ ਗਈ ਹੈ।

ਕੌਮੀ ਪੱਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪੱਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਮੋਗਾ ਪੁਲਸ ਵਲੋਂ ਲੁੱਟਾਂ ਖੋਹਾਂ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਇਕ ਕਾਬੂ

**ਕੌਮੀ ਪਤ੍ਰਿਕਾ**

ਮੋਗਾ 3 ਮਾਰਚ। ਜ਼ਿਲਾ ਪੁਲਸ ਮੁਖੀ ਨੇ ਦੱਸਿਆ ਕਿ ਮਾੜੇ ਅਨਸਰਾਂ ਅਤੇ ਲੁੱਟਾਂ ਖੋਹਾਂ ਕਰਨ ਵਾਲੇ ਗਿਰੋਹਾਂ ਨੂੰ ਬੇਨਕਾਬ ਅਤੇ ਕਾਬੂ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਉਸ ਸਮੇਂ ਸਫਲਤਾ ਮਿਲੀ ਜਦੋਂ ਥਾਣਾ ਅਜੀਤਵਾਲ ਪੁਲਸ ਨੇ ਲੁੱਟਾਂ ਖੋਹਾਂ ਕਰਨ ਵਾਲੇ ਇਕ ਪੰਜ ਮੈਂਬਰੀ ਗਿਰੋਹ ਨੂੰ ਬੇਨਕਾਬ ਕਰਕੇ ਇਕ ਵਿਅਕਤੀ ਨੂੰ ਕਾਬੂ ਕੀਤਾ। ਇਸ ਸਬੰਧ ਵਿਚ ਅਗਲੇਰੀ ਜਾਣਕਾਰੀ ਦਿੰਦਿਆਂ ਡੀਐੱਸਪੀ ਅਨਵਰ ਅਲੀ ਨੇ ਦੱਸਿਆ ਕਿ ਪਿੰਡ ਕੋਕਰੀ ਕਲਾਂ ਨਿਵਾਸੀ ਕੁਲਵਿੰਦਰ ਸਿੰਘ ਜੋ ਪਿੰਡ ਤਲਵੰਡੀ ਮੱਲੀਆਂ ਵਿਖੇ ਇਲੈਕਟ?ਰੀਸ਼ਨ ਦੀ ਦੁਕਾਨ ਕਰਦਾ ਹੈ, ਜਦੋਂ ਉਹ 16 ਫਰਵਰੀ ਨੂੰ ਆਪਣੀ ਦੁਕਾਨ ਬੰਦ ਕਰ ਕੇ ਮੋਟਰ ਸਾਈਕਲ 'ਤੇ ਘਰ ਜਾ ਰਿਹਾ ਸੀ ਤਾਂ ਰਸਤੇ ਵਿਚ ਕਾਰ ਸਵਾਰ ਹਥਿਆਰਬੰਦ ਨੌਜਵਾਨਾਂ ਨੇ ਉਸ ਨੂੰ ਘੇਰ ਲਿਆ ਅਤੇ ਜਾਨੋਂ ਮਾਰਨ ਦੀ ਧਮਕੀ ਦੇਕੇ ਉਸ ਕੋਲੋਂ 2500 ਰੁਪਏ ਨਗਦ, ਦੋ ਮੋਬਾਇਲ ਫੋਨ ਅਤੇ ਅਧਾਰ ਕਾਰਡ ਖੋਹ ਕੇ ਫਰਾਰ ਹੋ ਗਏ ਜਿਸ 'ਤੇ ਅਜੀਤਵਾਲ ਸਿੰਘ ਉਰਫ ਗੌਂਡਾ, ਵਿਕਰਮਜੀਤ ਸਿੰਘ ਉਰਫ ਵਿੱਕੀ, ਮਨਪ੍ਰੀਤ



ਪੁਲਸ ਵਲੋਂ ਕੁਲਵਿੰਦਰ ਸਿੰਘ ਦੇ ਬਿਆਨਾਂ 'ਤੇ ਮਾਮਲਾ ਦਰਜ ਕੀਤਾ ਗਿਆ ਹੈ। ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਥਾਣਾ ਮੁਖੀ ਰਾਜ ਸਿੰਘ ਨੇ ਜਦੋਂ ਲੁੱਟਖੋਹ ਕਰਨ ਵਾਲੇ ਗਿਰੋਹ ਨੂੰ ਕਾਬੂ ਕਰਨ ਦੇ ਲਈ ਇਲਾਕੇ ਵਿਚ ਗਸਤ ਕਰ ਰਹੇ ਸੀ ਤਾਂ ਪੁਲਸ ਨੇ ਉਕਤ ਮਾਮਲੇ ਵਿਚ ਸੁਖਵਿੰਦਰ ਸਿੰਘ ਉਰਫ ਹੈਪੀ ਲੰਗੜਾ, ਰਣਜੀਤ ਸਿੰਘ ਉਰਫ ਮਨੀ ਉਰਫ ਘੰਡਾ ਅਤੇ ਪ੍ਰਭਦੀਪ ਸਿੰਘ ਉਰਫ ਆਸ਼ਿਕ ਸਾਰੇ ਨਿਵਾਸੀ ਪਿੰਡ ਭਿੰਡਰ ਖੁਰਦ ਨੂੰ ਨਾਮਜ਼ਦ ਕਰ ਕੇ ਉਨ੍ਹਾਂ ਦੇ ਇਕ ਸਾਥੀ ਵਿਕਰਮਜੀਤ ਸਿੰਘ ਉਰਫ ਵਿੱਕੀ ਨੂੰ ਕਾਬੂ ਕੀਤਾ ਅਤੇ ਉਸ ਕੋਲੋਂ ਵਾਰਦਾਤ ਸਮੇਂ ਵਰਤੀ ਗਈ ਕਾਰ ਵੀ ਬਰਾਮਦ ਕਰ ਲਈ ਗਈ ਹੈ। ਥਾਣਾ ਮੁਖੀ ਰਾਜ ਸਿੰਘ ਨੇ ਦੱਸਿਆ ਕਿ ਉਕਤ ਗਿਰੋਹ ਦੇ ਦੂਸਰੇ ਮੈਂਬਰਾਂ ਨੂੰ ਕਾਬੂ ਕਰਨ ਦੇ ਲਈ ਉਨ੍ਹਾਂ ਦੇ ਸ਼ੱਕੀ ਟਿਕਾਣਿਆਂ 'ਤੇ ਛਾਪਾਮਾਰੀ ਕੀਤੀ ਜਾ ਰਹੀ ਹੈ, ਜਿਨ੍ਹਾਂ ਦੇ ਜਲਦੀ ਕਾਬੂ ਆ ਜਾਣ ਦੀ ਸੰਭਾਵਨਾਂ ਹੈ।

# ਹੁਸੈਨਪੁਰਾ ਜ਼ੋਨ ਦੇ ਦੁਕਾਨਦਾਰਾਂ ਵੱਲੋਂ ਬੰਦ ਦਾ ਐਲਾਨ, ਰੇਲਵੇ ਰੋਡ ਨੇ ਕੀਤਾ ਇਨਕਾਰ

ਅੰਮ੍ਰਿਤਸਰ 3 ਮਾਰਚ। ਹੋਲੀ ਦੀਆਂ ਤਿੰਨ ਦਿਨਾਂ ਦੀਆਂ ਛੁੱਟੀਆਂ ਦੇ ਕਾਰਨ ਅੰਮ੍ਰਿਤਸਰ ਦੀ ਸਭ ਤੋਂ ਵੱਡੀ ਆਟੋ ਸਪੇਅਰ ਪਾਰਟਸ ਡੀਲਰਜ਼ ਐਸੋਸੀਏਸ਼ਨ ਦੋ-ਫਾੜ ਹੋਣ ਦੇ ਕਢੇ 'ਤੇ ਪਹੁੰਚ ਗਈ ਹੈ। ਯੂਨੀਅਨ ਵਿਚ ਦੋ ਧੜੇ ਬਣ ਚੁੱਕੇ ਹਨ, ਜਿਨ੍ਹਾਂ ਵਿਚੋਂ ਇਕ ਧੜਾ ਛੁੱਟੀਆਂ ਕਰਨ ਦਾ ਪੱਖਧਰ ਹੈ, ਜਦਕਿ ਦੂਜਾ ਧੜਾ ਇਸ ਦਾ ਵਿਰੋਧ ਕਰ ਰਿਹਾ ਹੈ। ਅਸਲ ਵਿਚ ਦੁਕਾਨਦਾਰਾਂ ਵਿਚ ਇਸ ਗੱਲ ਦਾ ਡਰ ਹੈ ਕਿ ਜੇਕਰ ਉਹ ਦੁਕਾਨ ਬੰਦ ਰੱਖਣਗੇ ਤਾਂ ਗਾਹਕ ਕਿਸੇ ਦੂਜੇ 'ਕੰਪੀਟੀਟਰ' ਕੋਲ ਚਲਾ ਜਾਵੇਗਾ। ਅੰਮ੍ਰਿਤਸਰ ਆਟੋ ਪਾਰਟਸ ਡੀਲਰਜ਼ ਐਸੋਸੀਏਸ਼ਨ ਦੀਆਂ ਸ਼ਹਿਰ ਵਿਚ 200 ਤੋਂ ਵੱਧ ਦੁਕਾਨਾਂ ਹਨ। ਹੁਸੈਨਪੁਰਾ ਜ਼ੋਨ ਦੇ ਦੁਕਾਨਦਾਰਾਂ ਨੇ ਹੋਲੀ 'ਤੇ ਤਿੰਨ ਛੁੱਟੀਆਂ ਦਾ ਪ੍ਰਸਤਾਵ ਪਾਸ ਕੀਤਾ ਹੈ, ਪਰ ਰੇਲਵੇ ਰੋਡ ਮਾਰਕੀਟ ਵੱਲੋਂ ਕੋਈ ਹੁੰਗਾਰਾ ਨਾ ਮਿਲਣ ਕਾਰਨ ਉਨ੍ਹਾਂ ਨੇ ਛੁੱਟੀਆਂ ਤੋਂ ਇਨਕਾਰ ਕਰ ਦਿੱਤਾ ਹੈ। ਹੁਸੈਨਪੁਰਾ ਜ਼ੋਨ ਦੇ ਆਗੂਆਂ ਅਮਨ ਦੇਵਗਨ ਅਤੇ ਹਰਜੀਤ ਸਿੰਘ ਟਾਈਗਰ ਨੇ ਕਿਹਾ ਹੈ ਕਿ ਉਹ ਆਪਣੇ ਫ਼ੈਸਲੇ 'ਤੇ ਕਾਇਮ ਰਹਿਣਗੇ ਅਤੇ ਦੁਕਾਨਾਂ ਬੰਦ ਰੱਖਣਗੇ, ਚਾਹੇ ਕੋਈ ਹੋਰ ਬੰਦ ਕਰੇ ਜਾਂ ਨਾ। ਸ਼ਹਿਰ ਦੀ ਮਾਰਕੀਟ ਬੰਦ ਹੋਣ ਦਾ ਅਸਰ ਜ਼ਿਲ੍ਹਾ ਭਰ ਦੇ ਨੇੜਲੇ ਕਸਬਿਆਂ 'ਤੇ ਵੀ ਪੈਂਦਾ ਹੈ। ਜੇਕਰ ਸ਼ਹਿਰ ਦੇ ਦੋ ਧੜੇ ਬਣੇ ਰਹਿੰਦੇ ਹਨ, ਤਾਂ ਪੇਂਡੂ ਖੇਤਰਾਂ ਦੇ ਦੁਕਾਨਦਾਰਾਂ ਵਿਚ ਵੀ ਦੁਬਿਧਾ ਰਹੇਗੀ ਕਿਉਂਕਿ ਉਹ ਖਰੀਦਦਾਰੀ ਲਈ ਸ਼ਹਿਰ ਆਉਂਦੇ ਹਨ। ਇਸ ਤੋਂ ਇਲਾਵਾ, ਜੇਕਰ ਦੁਕਾਨਾਂ ਖੁੱਲ੍ਹੀਆਂ ਰਹਿੰਦੀਆਂ ਹਨ, ਤਾਂ ਸ਼ਹਿਰ ਦੇ ਲੱਗਭਗ 2 ਹਜ਼ਾਰ ਤੋਂ ਵੱਧ ਮਕੈਨਿਕ ਵੀ ਛੁੱਟੀਆਂ ਕਰਨ ਤੋਂ ਗੁਰੇਜ਼ ਕਰਨਗੇ। ਇਸ ਵਾਰ ਹੋਲੀ ਦੀਆਂ ਛੁੱਟੀਆਂ ਐਤਵਾਰ ਤੋਂ ਬੁੱਧਵਾਰ ਤੱਕ ਹੋਣ ਦੇ ਬਾਵਜੂਦ ਲੋਕਾਂ ਦਾ ਹਿੱਲ ਸਟੇਸ਼ਨਾਂ ਵੱਲ ਜਾਣ ਦਾ ਰੁਝਾਨ ਘੱਟ ਹੈ। ਇਸ ਦਾ ਮੁੱਖ ਕਾਰਨ ਪਹਾੜੀ ਇਲਾਕਿਆਂ ਵਿਚ ਅਜੇ ਵੀ ਜਾਰੀ ਸੀਤ ਲਹਿਰ ਹੈ।

# ਕਹਿਰ ਓ ਰੱਬਾ: ਲੰਗਰ ਦੀ ਸੇਵਾ ਕਰਕੇ ਘਰ ਪਰਤ ਰਹੀ ਔਰਤ ਦੀ ਦਰਦਨਾਕ ਮੌਤ

ਗੁਰਦਾਸਪੁਰ 3 ਮਾਰਚ। ਸ੍ਰੀ ਚੋਲਾ ਸਾਹਿਬ ਜਾਣ ਵਾਲੇ ਸੰਗਤ ਦੇ ਸਵਾਗਤ ਲਈ ਲਗਾਏ ਗਏ ਲੰਗਰ ਵਿਚ ਸੇਵਾ ਕਰ ਕੇ ਵਾਪਸ ਆਪਣੇ ਪਿੰਡ ਗਜਨੀਪੁਰ ਪਰਤ ਰਹੀ ਇਕ ਔਰਤ ਦੀ ਤੇਜ਼ ਰਫ਼ਤਾਰ ਕਾਰ ਦੀ ਟੱਕਰ ਵੱਜਣ ਕਾਰਨ ਦਰਦਨਾਕ ਮੌਤ ਹੋ ਗਈ। ਇਹ ਹਾਦਸਾ ਗੁਰਦਾਸਪੁਰ-ਡੇਰਾ ਬਾਬਾ ਨਾਨਕ ਰੋਡ 'ਤੇ ਪਿੰਡ ਗਜਨੀਪੁਰ ਦੇ ਬਾਹਰ ਵਾਪਰਿਆ, ਜਿੱਥੇ ਇਕ ਬੇਕਾਬੂ ਕਾਰ ਚਾਲਕ ਔਰਤ ਨੂੰ ਟੱਕਰ ਮਾਰ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਮ੍ਰਿਤਕਾ ਦੀ ਪਛਾਣ ਬਲਵਿੰਦਰ ਕੌਰ (52) ਵਜੋਂ ਹੋਈ ਹੈ। ਪਰਿਵਾਰਕ ਮੈਂਬਰਾਂ ਸਤਵੰਤ ਸਿੰਘ, ਬਲਵਿੰਦਰ ਸਿੰਘ ਅਤੇ ਗੁਰਕੀਰਤ ਸਿੰਘ ਨੇ ਦੱਸਿਆ ਕਿ ਟੱਕਰ ਇੰਨੀ ਜ਼ਬਰਦਸਤ ਸੀ ਕਿ ਬਲਵਿੰਦਰ ਕੌਰ ਲਗਭਗ 10 ਫੁੱਟ ਤੱਕ ਹਵਾ 'ਚ ਉਛਲ ਕੇ ਸੜਕ ਕਿਨਾਰੇ ਝਾੜੀਆਂ 'ਚ ਜਾ ਡਿੱਗੀ। ਸਿਰ 'ਤੇ ਗੰਭੀਰ ਸੱਟ ਵੱਜਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਕਾਰ ਚਾਲਕ ਰੁਕਣ ਦੀ ਬਜਾਏ ਤੇਜ਼ੀ ਨਾਲ ਗੱਡੀ ਭਜਾ ਕੇ ਲੈ ਗਿਆ ਪਰ ਜ਼ੋਰਦਾਰ ਟੱਕਰ ਕਾਰਨ ਕਾਰ ਦੀ ਅਗਲੀ ਨੰਬਰ ਪਲੇਟ ਮੌਕੇ 'ਤੇ ਹੀ ਡਿੱਗ ਗਈ। ਪੀੜਤ ਪਰਿਵਾਰ ਵਲੋਂ ਪੁਲਸ ਨੂੰ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ। ਜੋੜਾ ਛੱਤਰਾਂ ਚੌਂਕੀ ਦੀ ਪੁਲਸ ਨੇ ਮੌਕੇ 'ਤੇ ਮਿਲੀ ਨੰਬਰ ਪਲੇਟ ਨੂੰ ਕਬਜ਼ੇ 'ਚ ਲੈ ਕੇ ਉਸ ਦੇ ਆਧਾਰ 'ਤੇ ਕਾਰ ਚਾਲਕ ਦੀ ਪਛਾਣ ਕਰਨੀ ਸ਼ੁਰੂ ਕਰ ਦਿੱਤੀ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਬਲਵਿੰਦਰ ਕੌਰ 3 ਮਾਰਚ ਨੂੰ ਗੁਰਦਾਸਪੁਰ ਤੋਂ ਲੰਘਣ ਵਾਲੇ ਚੋਲਾ ਸਾਹਿਬ ਦੇ ਸੰਗ ਦੇ ਸਵਾਗਤ ਲਈ ਲਗਾਏ ਜਾਣ ਵਾਲੇ ਲੰਗਰ ਦੀਆਂ ਤਿਆਰੀਆਂ 'ਚ ਸੇਵਾ ਕਰਕੇ ਘਰ ਪਰਤ ਰਹੀ ਸੀ। ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਲਾਪਰਵਾਹ ਕਾਰ ਚਾਲਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ 'ਚ ਅਜਿਹੇ ਹਾਦਸਿਆਂ ਨੂੰ ਨੱਥ ਪਾਈ ਜਾ ਸਕੇ।

# ਟਿਊਸ਼ਨ ਪੜ੍ਹ ਕੇ ਪਰਤ ਰਹੀ ਵਿਦਿਆਰਥਣ ਦਾ ਗਲਾ ਘੁੱਟ ਕੇ ਮੋਬਾਇਲ ਖੋਹਣ ਦੀ ਕੋਸ਼ਿਸ਼

ਜਲੰਧਰ 3 ਮਾਰਚ। ਚੱਕ ਜ਼ਿੰਦਾ ਪਿੰਡ ਵਿਚ ਡੰਪ ਨੇੜੇ ਮੋਟਰਸਾਈਕਲ ਸਵਾਰ ਦੋ ਲੁਟੇਰਿਆਂ ਨੇ ਟਿਊਸ਼ਨ ਪੜ੍ਹ ਕੇ ਪਰਤ ਰਹੀ ਵਿਦਿਆਰਥਣ ਦਾ ਮੋਬਾਇਲ ਖੋਹਣ ਦੀ ਕੋਸ਼ਿਸ਼ ਕੀਤੀ। ਵਿਦਿਆਰਥਣ ਨੇ ਮੋਬਾਇਲ ਨਾ ਛੱਡਿਆ ਤਾਂ ਇਕ ਲੁਟੇਰਾ ਮੋਟਰਸਾਈਕਲ ਤੋਂ ਉਤਰ ਆਇਆ ਅਤੇ ਵਿਦਿਆਰਥਣ ਦਾ ਗਲਾ ਘੁੱਟ ਕੇ ਦੁਬਾਰਾ ਮੋਬਾਇਲ ਖੋਹਣ ਲੱਗਾ ਪਰ ਇਸੇ ਦੌਰਾਨ ਬਹਾਦਰ ਵਿਦਿਆਰਥਣ ਨੇ ਲੁਟੇਰੇ ਦੇ ਜ਼ੋਰ ਦੀ ਲੱਤ ਮਾਰੀ ਅਤੇ ਰੌਲਾ ਪਾ ਦਿੱਤਾ। ਲੁਟੇਰਾ ਸਾਥੀ ਦੇ ਮੋਟਰਸਾਈਕਲ 'ਤੇ ਪਿੱਛੇ ਬੈਠ ਕੇ ਫਰਾਰ ਹੋ ਗਿਆ। ਜਾਣਕਾਰੀ ਦਿੰਦੇ ਹੋਏ ਚੱਕ ਜ਼ਿੰਦਾ ਦੇ ਰਹਿਣ ਵਾਲੇ ਲੱਕੀ ਨੇ ਦੱਸਿਆ ਕਿ ਉਸ ਦੀ ਬੇਟੀ ਸਿਮਰਨ ਐਤਵਾਰ ਸ਼ਾਮੀਂ ਸਾਢੇ ਸੱਤ ਵਜੇ ਦੇ ਲਗਭਗ ਟਿਊਸ਼ਨ ਪੜ੍ਹ ਕੇ ਘਰ ਪਰਤ ਰਹੀ ਸੀ। ਜਿਵੇਂ ਹੀ ਉਹ ਚੱਕ ਜ਼ਿੰਦਾ ਵਿਚ ਦਾਖ਼ਲ ਹੋਈ ਅਤੇ ਅਗਰਵਾਲ ਗੈਸ ਦੇ ਅੱਗੇ ਜਾ ਕੇ ਡੰਪ ਨੇੜੇ ਪਹੁੰਚੀ ਤਾਂ ਉੱਥੇ ਕਾਫ਼ੀ ਹਨੇਰਾ ਸੀ, ਜਿਸ ਦਾ ਫਾਇਦਾ ਉਠਾ ਕੇ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਉਸ ਦੇ ਹੱਥੋਂ ਮੋਬਾਇਲ ਖੋਹਣਾ ਚਾਹਿਆ। ਜਦੋਂ ਸਿਮਰਨ ਨੇ ਮੋਬਾਇਲ ਨਾ ਛੱਡਿਆ ਤਾਂ ਪਿੱਛੇ ਬੈਠਾ ਲੁਟੇਰਾ ਉਤਰ ਕੇ ਸਿਮਰਨ ਕੋਲ ਆਇਆ ਅਤੇ ਉਸ ਦਾ ਗਲਾ ਘੁੱਟ ਕੇ ਮੋਬਾਇਲ ਖੋਹਣਾ ਚਾਹਿਆ ਪਰ ਸਿਮਰਨ ਨੇ ਲੁਟੇਰੇ ਨੂੰ ਜ਼ੋਰ ਦੀ ਲੱਤ ਮਾਰੀ ਅਤੇ ਰੌਲਾ ਪਾ ਦਿੱਤਾ।


**NAME CHANGE**

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**

It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**

It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**

I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**

I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**

I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**

I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**

I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.



**ਉੱਤਰ ਰੇਲਵੇ**

**ਖੁਲੀ ਈ-ਟੈਂਡਰ ਸੂਚਨਾ**

**(ਈ-ਖਰੀਦ ਸਿਸਟਮ) ਦੇ ਦੁਆਰਾ ਤੋਂ ਟੈਂਡਰ ਮੰਗ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਡਵੀਜਨ ਇੰਜੀਨੀਅਰ - ਚੋਥੀ, ਉੱਤਰ ਰੇਲਵੇ, ਨਵੀਂ ਦਿੱਲੀ ਦੁਵਾਰਾ ਹੇਠਾ ਕੰਮ ਦੇ ਲਈ ਈ-ਟੈਂਡਰ ਦੇ ਦੁਵਾਰਾ ਤੋਂ ਟੈਂਡਰ ਮੰਗ ਕੀਤੀ ਜਾਂਦੀ ਹੈ।

| | | |
|---|---|---|
| 1 | ਕੰਮ ਦਾ ਨਾਮ | (1) ਮੰਡਲ ਇੰਜੀਨੀਅਰ - ਚੋਥੀ ਨਵੀਂ ਦਿੱਲੀ ਦੇ ਅਧੀਨ ਸੈਕਸ਼ਨ ਵਿਚ ਡਿਜਾਇਨ ਮੋਡ ਟੈਮਪਿੰਗ ਦੇ ਲਈ ਟੈਮਪਿੰਗ ਤੋਂ ਪਹਿਲਾ ਅਤੇ ਬਾਦ ਦਾ ਸਰਵੇਖਣ ਦਾ ਪ੍ਰਾਵਧਾਨ। (ਟੈਂਡਰ ਨੰਬਰ 131-25-26-W-1V) |
| 2 | ਅਨੁਮਾਨਿਤ ਲਾਗਤ | (1) Rs. 79,76,435.07 |
| 3 | ਬਿਆਨਾ ਰਾਸ਼ੀ | (1) Rs. 1,59,500.00 |
| 4 | ਈ-ਟੈਂਡਰ ਖੁਲਣ ਅਤੇ ਪੇਸ਼ ਕਰਨ ਦੀ ਲਈ ਮਿਤੀ ਅਤੇ ਸਮਾਂ | ਈ-ਟੈਂਡਰ ਭਰਨ ਦਾ ਸਮਾਂ ਸ਼ੁਰੂ 10.03.2026 ਨੂੰ 15.00 ਵਜੇ ਤਕ ਪੇਸ਼ ਕਰਨਾ ਅਤੇ ਟੈਂਡਰ ਖੁਲਣ ਦਾ ਸਮਾਂ ਤੋਂ ਮਿਤੀ 24.03.2026 ਨੂੰ 15.00 ਵਜੇ |
| 5 | ਟੈਂਡਰ ਦੀ ਵੇਬਸਾਈਟ ਜਿਥੋ ਟੈਂਡਰ ਪ੍ਰਪੱਤਰ ਖਰੀਦੀ ਜਾਂ ਸਕਦੀ ਹੈ | www.ireps.gov.in ਉਤੇ ਉਪਲਬਧ ਹੈ। |

ਪੱਤਰ ਨੰ: 128-ਡਬਲਯੂ/260/ਟੈਂਡਰ ਸੂਚਨਾ/ NIT 131/25-26-ਡਬਲਯੂ-4
ਮਿਤੀ :- 02.03.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 721/26

**NAME CHANGE**

I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**

It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**

Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



**NAME CHANGE**

I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.



**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**

My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

**PUBLIC NOTICE**

I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**

I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**

I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**

I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**

I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**

I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.



**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.



**NAME CHANGE**

I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਸਮਾਜ ਸੇਵਕ ਹਰਪ੍ਰੀਤ ਸਿੰਘ ਨੂੰ ਕੀਤਾ ਸਨਮਾਨਤ

**ਪਟਿਆਲਾ, 3 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**



ਉਘੇ ਸਮਾਜ ਸੇਵਕ, ਧਾਰਮਿਕ ਬਿਰਤੀ ਵਾਲੇ ਤੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਲਗਾਏ ਜਾਂਦੇ ਖ਼ੂਨਦਾਨ ਕੈਂਪਾਂ ਦੇ ਸਮਰੱਥਕ ਹਰਪ੍ਰੀਤ ਸਿੰਘ ਕਾਲੀ ਵੀਰ ਨੂੰ ਗਰੁੱਪ ਵੱਲੋਂ ਕੁੱਲੂ ਪੱਟੀ ਮਫਲਰ ਤੇ ਗੁਰਮੁੱਖੀ ਲਿਪੀ ਵਾਲੀ ਫੱਟੀ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਇਹ ਸਨਮਾਨ ਗਰੁੱਪ ਦੇ ਸੀਨੀਅਰ ਆਗੂ ਜਥੇਦਾਰ ਕਰਨ ਸਿੰਘ ਜੌਲੀ, ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਤੇ ਗੁਰਪ੍ਰੀਤ ਸਿੰਘ ਲਲੀਨਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਉਪਰੰਤ ਕਾਲੀ ਵੀਰ ਨੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਰੁੱਪ ਵੱਲੋਂ ਕੀਤੀ ਜਾਂਦੀ ਸੇਵਾ ਸ਼ਲਾਘਾਯੋਗ ਹੈ ਅਤੇ ਪਿਛਲੇ 14 ਸਾਲਾਂ ਤੋਂ ਲੜੀਵਾਰ ਖ਼ੂਨਦਾਨ ਕੈਂਪ ਲਗਾਉਣਾ ਵੱਡਾ ਉਪਰਾਲਾ ਹੈ। ਜਿਸ ਵਿਚ ਇਸ ਵਾਰ 5 ਮਾਰਚ ਨੂੰ ਉਹ ਆਪਣੇ ਸਾਥੀਆਂ ਸਮੇਤ ਪਹੁੰਚਣਗੇ।

# ਸੈਕਰੇਡ ਹਾਰਟ ਕਨਵੈਂਟ ਰੋਡ ਨੇ ਆਪ ਸਰਕਾਰ ਦੀ ਲਾਪਰਵਾਹੀ ਨੂੰ ਸਾਹਮਣੇ ਲਿਆਂਦਾ: ਦੀਵਾਨ

## ਲੁਧਿਆਣਾ ਵਿੱਚ ਮੁਢਲੀਆਂ ਸਹੂਲਤਾਂ ਦੀ ਮਾੜੀ ਹਾਲਤ: ਕਾਂਗਰਸ

**ਲੁਧਿਆਣਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਡੇ-ਵੱਡੇ ਦਾਅਵਿਆਂ ਦੀ ਸ਼ਰਮਨਾਕ ਸੱਚਾਈ ਨੂੰ ਦਰਸਾਉਂਦਾ ਹੈ ਕਿ ਲੁਧਿਆਣਾ ਵਿੱਚ ਮੁਢਲੀਆਂ ਸੁਵਿਧਾਵਾਂ, ਖਾਸ ਕਰਕੇ ਸੜਕਾਂ ਦੀ ਹਾਲਤ ਬਹੁਤ ਹੀ ਤਰਸਯੋਗ ਸਥਿਤੀ ਵਿੱਚ ਹੈ। ਇੱਥੇ ਜਾਰੀ ਇੱਕ ਜੋਰਦਾਰ ਬਿਆਨ ਰਾਹੀਂ ਜਿਲਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਲੁਧਿਆਣਾ ਨਗਰ ਨਿਗਮ ਦੇ ਨਾਲ-ਨਾਲ ਸਥਾਨਕ ਸਰਕਾਰਾਂ ਵਿਭਾਗ ਦੇ ਸਬੰਧਤ ਅਫ਼ਸਰਾਂ ਦੇ ਲਾਪਰਵਾਹ ਰਵਈਏ ਦੀ ਕਰੜੀ ਨਿੰਦਾ ਕੀਤੀ ਹੈ। ਦੀਵਾਨ ਨੇ ਸ਼ਹਿਰ ਭਰ ਵਿੱਚ ਟੁੱਟੀਆਂ ਸੜਕਾਂ ਅਤੇ ਵੱਡੇ ਖੱਡਿਆਂ ਦੀ ਸਮੱਸਿਆ ਦਾ ਖੁਲਾਸਾ ਕਰਦਿਆਂ, ਕਿਹਾ ਕਿ ਸਰਾਭਾ ਨਗਰ ਸਥਿਤ ਨਾਮੀ ਸੈਕਰੇਡ ਹਾਰਟ ਕਾਨਵੈਂਟ ਸਕੂਲ ਦੇ ਸਾਹਮਣੇ ਤੋਂ ਨਿਕਲਦੀ ਸੜਕ ਦੀ ਮਾੜੀ ਹਾਲਤ ਦਾ ਜ਼ਿਕਰ ਕੀਤਾ। ਜਿਥੋਂ ਰੋਜ਼ਾਨਾ ਹਜ਼ਾਰਾਂ ਲੋਕਾਂ ਦੀ ਆਵਾਜਾਈ ਦੇ ਬਾਵਜੂਦ ਇਹ ਸੜਕ ਬਹੁਤ ਹੀ ਖਸਤਾਹਾਲ ਹਾਲਤ ਵਿੱਚ ਹੈ। ਇਸੇ ਤਰ੍ਹਾਂ, ਮਾਪਿਆਂ, ਸਕੂਲ ਪ੍ਰਬੰਧਕਾਂ ਅਤੇ ਰਾਹਗੀਰਾਂ ਨੂੰ ਦੁਖਦਾਈ ਸਫ਼ਰ ਦਾ ਸਾਹਮਣਾ ਕਰਨਾ ਪੈਂਦਾ ਹੈ।

ਦੀਵਾਨ ਨੇ ਕਿਹਾ ਕਿ ਵੱਡੇ ਖੱਡਿਆਂ ਅਤੇ ਸੜਕ ਦੀ ਮਾੜੀ ਹਾਲਤ ਕਾਰਨ ਇੱਥੇ ਹਾਦਸੇ ਵਾਪਰਨਾ ਆਮ ਗੱਲ ਬਣ ਚੁੱਕੀ ਹੈ। ਇਹ ਸਥਿਤੀ ਰਾਹਗੀਰਾਂ ਲਈ ਲਗਾਤਾਰ ਖ਼ਤਰਾ ਬਣੀ ਹੋਈ ਹੈ ਅਤੇ ਇਸ ਵਿੱਚ ਤੁਰੰਤ ਸੁਧਾਰ ਕੀਤੇ ਜਾਣ ਦੀ ਲੋੜ ਹੈ।

ਉਨ੍ਹਾਂ ਹੈਰਾਨੀ ਜ਼ਾਹਿਰ ਕਰਦੇ ਹੋਏ, ਕਿਹਾ ਕਿ ਇਹੀ ਸੜਕ ਅੱਗੇ ਨਗਰ ਨਿਗਮ ਦੇ ਜ਼ੋਨ-ਡੀ ਦਫ਼ਤਰ ਤੱਕ ਜਾਂਦੀ ਹੈ, ਜਿੱਥੇ ਕਮਿਸ਼ਨਰ ਅਤੇ ਮੇਅਰ ਵੱਲੋਂ ਅਧਿਕਾਰਿਕ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ, ਫਿਰ ਵੀ ਇਸ ਦੀ ਮੁਰੰਮਤ ਲਈ ਕੋਈ ਯਤਨ ਨਹੀਂ ਕੀਤਾ ਗਿਆ। ਇਹ ਸਰਕਾਰ ਅਤੇ ਨਗਰ ਨਿਗਮ ਦੀ ਨਾਕਾਬਲੀਅਤ ਅਤੇ ਗੈਰ-ਜ਼ਿੰਮੇਵਾਰੀ ਨੂੰ ਦਰਸਾਉਂਦਾ ਹੈ।

ਦੀਵਾਨ ਨੇ ਇਹ ਵੀ ਕਿਹਾ ਕਿ ਸਥਾਨਕ ਸਰਕਾਰਾਂ ਬਾਰੇ ਮੰਤਰੀ, ਜਿਹੜੇ ਇਸ ਹਲਕੇ ਦੇ ਵਿਧਾਇਕ ਵੀ ਹਨ, ਨੇ ਵੀ ਕੋਈ ਕਾਰਵਾਈ ਨਹੀਂ ਕੀਤੀ। ਜਿਸ ਨਾਲ ਇਲਾਕੇ ਦੇ ਵਸਨੀਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਅੰਤ ਵਿੱਚ, ਉਨ੍ਹਾਂ ਨੇ ਕਿਹਾ ਕਿ ਲੁਧਿਆਣਾ ਦੀਆਂ ਸੜਕਾਂ ਦੀ ਮਾੜੀ ਹਾਲਤ ਇਸ ਸਰਕਾਰ ਦੀ ਨਾਕਾਮੀ ਦਾ ਦਰਪਣ ਹੈ। ਉਨ੍ਹਾਂ ਨੇ ਚੇਤਾਵਨੀ ਦਿੰਦਿਆਂ, ਕਿਹਾ ਕਿ ਜਿਹੜੀ ਸਰਕਾਰ ਲੋਕਾਂ ਨੂੰ ਬੁਨਿਆਦੀ ਢਾਂਚਾ ਵੀ ਮੁਹੱਈਆ ਨਹੀਂ ਕਰਵਾ ਸਕਦੀ, ਉਸਨੂੰ ਜਲਦ ਹੀ ਲੋਕਾਂ ਦੇ ਫਤਵੇ ਦਾ ਸਾਹਮਣਾ ਕਰਨਾ ਪਵੇਗਾ।

# ਅੰਮ੍ਰਿਤਸਰ ਦੇ ਸਕੂਲਾਂ ਨੂੰ ਫਿਰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

**ਅੰਮ੍ਰਿਤਸਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਅਤੇ ਇਸ ਦੇ ਆਲੇ-ਦੁਆਲੇ ਦੇ ਕਈ ਸਕੂਲਾਂ ਨੂੰ ਅੱਜ ਮੁੜ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਕਾਰਨ ਦਹਿਸ਼ਤ ਦਾ ਮਾਹੌਲ ਬਣ ਗਿਆ। ਧਮਕੀ ਦੀ ਸੂਚਨਾ ਮਿਲਦਿਆਂ ਹੀ ਅੰਮ੍ਰਿਤਸਰ ਪੁਲੀਸ ਕਮਿਸ਼ਨਰੇਟ ਦੇ ਡੀਸੀਪੀ ਆਲਮ ਵਿਜੈ ਸਿੰਘ ਦੀ ਅਗਵਾਈ ਵਿੱਚ ਸੀਨੀਅਰ ਅਧਿਕਾਰੀ ਅਤੇ ਭੰਨਤੋੜ ਵਿਰੋਧੀ (Anti-sabotage) ਟੀਮਾਂ ਤੁਰੰਤ ਮੌਕੇ 'ਤੇ ਪਹੁੰਚ ਗਈਆਂ।

ਪੁਲਿਸ ਮੁਤਾਬਕ ਸਾਈਬਰ ਅਤੇ ਤਕਨੀਕੀ ਟੀਮਾਂ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀਆਂ ਹਨ ਕਿ ਇਹ ਈਮੇਲ ਕਿੱਥੋਂ ਅਤੇ ਕਿਸ ਵੱਲੋਂ ਭੇਜੀ ਗਈ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧਕਾਂ ਨੂੰ ਵੀ ਅਜਿਹੀਆਂ ਧਮਕੀਆਂ ਮਿਲ ਚੁੱਕੀਆਂ ਹਨ। ਪੁਲਿਸ ਅਧਿਕਾਰੀਆਂ ਨੇ ਸਕੂਲ ਪ੍ਰਬੰਧਕਾਂ, ਮਾਪਿਆਂ ਅਤੇ ਵਿਦਿਆਰਥੀਆਂ ਨੂੰ ਸ਼ਾਂਤੀ ਬਣਾਏ ਰੱਖਣ ਦੀ ਅਪੀਲ ਕੀਤੀ ਹੈ। ਡੀਸੀਪੀ ਨੇ ਖਦਸ਼ਾ ਜਤਾਇਆ ਹੈ ਕਿ ਇਸ ਸਮੇਂ ਬੋਰਡ ਦੀਆਂ ਪ੍ਰੀਖਿਆਵਾਂ ਚੱਲ ਰਹੀਆਂ ਹਨ ਅਤੇ ਕੁਝ ਸ਼ਰਾਰਤੀ ਅਨਸਰ ਪ੍ਰੀਖਿਆਵਾਂ ਵਿੱਚ ਵਿਘਨ ਪਾਉਣ ਲਈ ਅਜਿਹੀਆਂ ਹਰਕਤਾਂ ਕਰ ਸਕਦੇ ਹਨ।

ਪੁਲਿਸ ਨੇ ਲੋਕਾਂ ਨੂੰ ਭਰੋਸਾ ਦਿੱਤਾ ਹੈ ਕਿ ਸ਼ਹਿਰ ਵਿੱਚ ਅਮਨ-ਸ਼ਾਂਤੀ ਕਾਇਮ ਰੱਖਣ ਲਈ ਪੂਰੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਅਤੇ ਕਾਨੂੰਨ ਵਿਵਸਥਾ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਵਿਜੀਲੈਂਸ ਬਿਊਰੋ ਨੇ ਪਟਵਾਰੀ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਕਾਬੂ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਜ਼ਿਲ੍ਹਾ ਬਠਿੰਡਾ ਦੇ ਕੋਟ ਸ਼ਮੀਰ ਦੇ ਮਾਲ ਦਫ਼ਤਰ ਵਿਖੇ ਤਾਇਨਾਤ ਪਟਵਾਰੀ ਮਨਜੋਤ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਕੋਟ ਸ਼ਮੀਰ, ਜ਼ਿਲ੍ਹਾ ਬਠਿੰਡਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਆਪਣੇ ਰਿਸ਼ਤੇਦਾਰ ਦੀ ਜੱਦੀ ਜਾਇਦਾਦ ਦੇ ਇੰਤਕਾਲ ਲਈ ਦੋਸ਼ੀ ਪਟਵਾਰੀ ਨੂੰ ਮਿਲਿਆ ਸੀ।

ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਪਟਵਾਰੀ ਨੇ ਉਸਦੇ ਰਿਸ਼ਤੇਦਾਰ ਦੀ ਜਾਇਦਾਦ ਦੇ ਇੰਤਕਾਲ ਕਰਨ ਬਦਲੇ 10,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ।

ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ ਇਸ ਲਈ ਉਸਨੇ ਪੰਜਾਬ ਵਿਜੀਲੈਂਸ ਬਿਊਰੋ ਰੇਂਜ, ਬਠਿੰਡਾ ਨਾਲ ਸੰਪਰਕ ਕੀਤਾ ਅਤੇ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ 'ਤੇ ਕਾਰਵਾਈ ਕਰਦਿਆਂ, ਵਿਜੀਲੈਂਸ ਬਿਊਰੋ ਨੇ ਇੱਕ ਜਾਲ ਵਿਛਾਇਆ, ਜਿਸ ਦੌਰਾਨ ਦੋਸ਼ੀ ਪਟਵਾਰੀ ਨੂੰ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਇਸ ਸਬੰਧੀ, ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮੌਜੂਦਾ ਸਰਕਾਰ ਅਤੇ ਪੁਲਿਸ ਪੰਜਾਬ ਨੂੰ ਮੁੜ ਕਾਲੇ ਦੌਰ ਵਿਚ ਧੱਕਣਾ ਚਾਹੁੰਦੀ ਹੈ: ਰੱਖੜਾ

## ਨੌਜਵਾਨ ਸਰਕਾਰ ਦੀਆਂ ਸਾਜਿਸ਼ਾਂ ਤੋਂ ਸੁਚੇਤ ਰਹਿਣ

**ਪਟਿਆਲਾ, 3 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**



ਗੁਰਦਾਸਪੁਰ ਜਿਲ੍ਹੇ ਦੇ ਪਿੰਡ ਆਦੀਆਂ ਵਿਖੇ ਸ਼ਹੀਦ ਪੁਲਸ ਮੁਲਾਜ਼ਮਾਂ ਅਤੇ ਕਥਿਤ ਮੁਕਾਬਲੇ ਵਿਚ ਮਾਰੇ ਗਏ 19 ਸਾਲਾ ਨੌਜਵਾਨ ਰਣਜੀਤ ਸਿੰਘ ਅਤੇ ਉਸਦੇ ਸਾਥੀਆਂ 'ਤੇ ਮਾਮਲੇ ਦਰਜ ਕਰਨ ਤੋਂ ਇੰਜ ਲੱਗ ਰਿਹਾ ਹੈ ਕਿ ਜਿਵੇਂ ਪੰਜਾਬ ਸਰਕਾਰ ਅਤੇ ਪੁਲਸ ਸੂਬੇ ਨੂੰ ਮੁੜ ਤੋਂ ਅੱਤਵਾਦ ਦੇ ਕਾਲੇ ਦੌਰ ਵਿਚ ਧੱਕਣਾ ਚਾਹੁੰਦੀ ਹੈ, ਜਿਸ ਦੀ ਭੇਂਟ ਪੰਜਾਬ ਦੀ ਨੌਜਵਾਨੀ ਚਾੜ੍ਹਨ ਦੀ ਤਾਕ ਵਿਚ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੁਲਸ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਨੌਜਵਾਨਾਂ ਦੀ ਬਲੀ ਲੈ ਰਹੀ ਹੈ ਜੋ ਕਿ ਅਤਿ ਨਿੰਦਣਯੋਗ ਹੈ। ਕਿਉਂਕਿ ਵਾਰਦਾਤਾਂ ਕਰਨ ਵਾਲੇ ਪੁਲਸ ਦੇ ਹੱਥ ਨਹੀਂ ਲੱਗ ਰਹੇ, ਜਿਸ ਕਰਕੇ ਇਹ ਝੂਠੇ ਮੁਕਾਬਲਿਆਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਝੂਠੇ ਮੁਕਾਬਲੇ ਬਣਾ ਕੇ ਨੌਜਵਾਨਾਂ 'ਤੇ ਤਸ਼ੱਦਦ ਕੀਤਾ ਜਾ ਰਿਹਾ ਹੈ। ਜਿਸ ਨੂੰ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਰਣਜੀਤ ਸਿੰਘ ਐਨਕਾਊਂਟਰ ਮਾਮਲੇ ਵਿਚ ਉਸ ਦੇ ਪਰਿਵਾਰਕ ਮੈਂਬਰ ਇਨਸਾਫ ਦੀ ਗੁਹਾਰ ਲਗਾ ਰਹੇ ਹਨ। ਜਿਨ੍ਹਾਂ ਨੇ ਆਪਣੇ ਲੜਕੇ ਦਾ ਸਸਕਾਰ ਵੀ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਗ੍ਰਹਿ ਮੰਤਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਨ, ਜਿਨ੍ਹਾਂ ਨੂੰ ਤੁਰੰਤ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨਾਲ ਅਜਿਹੇ ਝੂਠੇ ਮੁਕਾਬਲੇ ਸੰਬੰਧੀ ਗੱਲਬਾਤ ਕਰਨੀ ਚਾਹੀਦੀ ਹੈ ਤਾਂ ਜੋ ਭਵਿੱਖ ਵਿਚ ਹੋਰ ਨੌਜਵਾਨ ਅਜਿਹੇ ਐਨਕਾਊਂਟਰਾਂ ਦੀ ਬਲੀ ਨਾ ਚੜ੍ਹ ਸਕਣ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲੇ ਦੀ ਤਾਂ ਸੀ. ਬੀ. ਆਈ. ਤੋਂ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਪੰਜਾਬ ਪੁਲਸ ਦੀ ਪੋਲ੍ਹ ਖੁਲ੍ਹ ਕੇ ਲੋਕਾਂ ਸਾਹਮਣੇ ਸੱਚਾਈ ਆਵੇ। ਰੱਖੜਾ ਨੇ ਕਿਹਾ ਕਿ ਅੱਜ ਸੂਬੇ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਪੂਰੀ ਤਰ੍ਹਾਂ ਲੜਖੜਾਈ ਹੋਈ ਹੈ, ਦਿਨ ਦਿਹਾੜੇ ਹੀ ਲੁੱਟਾਂ-ਖੋਹਾਂ, ਕਤਲੋਗਾਰਤ ਆਮ ਗੱਲ ਹੋ ਗਈ ਹੈ। ਜਿਸ ਤੇ ਪੁਲਸ ਦਾ ਕੰਟਰੋਲ ਨਹੀਂ ਰਿਹਾ ਹੈ ਤਾਂ ਹੀ ਇਹ ਵਾਰਦਾਤਾਂ ਵਿਚ ਵਾਧਾ ਹੁੰਦਾ ਜਾ ਰਿਹਾ ਹੈ। ਉਨ੍ਹਾਂ ਪੰਜਾਬ ਦੇ ਸਮੂਹ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰ ਅਤੇ ਪੁਲਸ ਦੀਆਂ ਸਾਜਿਸ਼ਾਂ ਤੋਂ ਸੁਚੇਤ ਰਹਿਣ ਅਤੇ ਆਪਣੀਆਂ ਸੋਸ਼ਲ ਮੀਡੀਆ 'ਤੇ ਮਾਹੌਲ ਭੜਕਾਉਣ ਵਾਲੀਆਂ ਗਤੀਵਿਧੀਆਂ 'ਤੇ ਕੰਟਰੋਲ ਰੱਖਣ ਤਾਂ ਜੋ ਉਨ੍ਹਾਂ ਦੇ ਮਾਪਿਆਂ ਨੂੰ ਕੋਈ ਮਾੜਾ ਸਮਾਂ ਨਾ ਦੇਖਣਾ ਪਵੇ। ਲਿਹਾਜ਼ਾ ਭਾਵੇਂ ਕਿ ਲੁੱਟਾਂ ਖੋਹਾਂ ਕਰਨ ਵਾਲਿਆਂ ਦੀਆਂ ਵੀਡੀਓ ਫੁੱਟੇਜ਼ ਸੀ. ਸੀ. ਟੀ. ਵੀ. ਕੈਮਰਿਆਂ ਰਾਹੀਂ ਦੇਖੇ ਜਾ ਸਕਦੇ ਹਨ ਪਰ ਫਿਰ ਵੀ ਵਾਰਦਾਤਾਂ ਕਰਨ ਵਾਲੇ ਪੁਲਸ ਦੀ ਪਕੜ ਤੋਂ ਬਾਹਰ ਹਨ। ਜੇਕਰ ਇਸੇ ਤਰ੍ਹਾਂ ਚੱਲਦਾ ਰਿਹਾ ਤਾਂ ਪੰਜਾਬ ਦੀ ਸਥਿਤੀ ਬਿਹਾਰ ਤੋਂ ਵੀ ਮਾੜੀ ਹੋ ਜਾਵੇਗੀ। ਭਾਵੇਂਕਿ ਬਿਹਾਰ ਅੰਦਰ ਅਜਿਹੀਆਂ ਵਾਰਦਾਤਾਂ ਨੂੰ ਲੈ ਕੇ ਕਾਫੀ ਸੁਧਾਰ ਹੋ ਚੁੱਕਾ ਹੈ ਪਰ ਪੰਜਾਬ ਅੰਦਰ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ। ਅੱਜ ਪੰਜਾਬ ਦਾ ਹਰ ਨਾਗਰਿਕ ਦਿਨ ਵੇਲੇ ਵੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝ ਰਿਹਾ ਅਤੇ ਆਪਣੇ ਬੱਚਿਆਂ ਨੂੰ ਕਾਲਜਾਂ ਸਕੂਲਾਂ ਅੰਦਰ ਪੜ੍ਹਾਉਣ ਲਈ ਦਿਨ ਵੇਲੇ ਹੀ ਖਤਰਾ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਸ ਦਿਨ ਤੋਂ ਆਪ ਸਰਕਾਰ ਨੇ ਸੱਤਾ ਸੰਭਾਲੀ ਹੈ, ਉਸ ਦਿਨ ਤੋਂ ਹੀ ਪੰਜਾਬ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਡਾਵਾਂਡੋਲ ਹੋਣੀ ਸ਼ੁਰੂ ਹੋ ਗਈ ਸੀ। ਜਿਸ 'ਤੇ ਗ੍ਰਹਿ ਮੰਤਰੀ ਵਜੋਂ ਸੇਵਾਵਾਂ ਦੇਣ ਵਾਲੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬੁਰੀ ਤਰ੍ਹਾਂ ਫੇਲ੍ਹ ਨਜ਼ਰ ਆ ਰਹੇ ਹਨ। ਇਸ ਮੌਕੇ ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਜਥੇਦਾਰ ਸਤਵਿੰਦਰ ਸਿੰਘ ਟੌਹੜਾ ਮੈਂਬਰ ਐਸ. ਜੀ. ਪੀ. ਸੀ., ਹਰਜਿੰਦਰ ਸਿੰਘ ਬੱਲ ਸਾਬਕਾ ਚੇਅਰਮੈਨ, ਬਲਦੇਵ ਸਿੰਘ ਬਠੋਈ ਸਾਬਕਾ ਚੇਅਰਮੈਨ, ਮਲਕੀਤ ਸਿੰਘ ਡਕਾਲਾ ਸਾਬਕਾ ਚੇਅਰਮੈਨ, ਗੁਰਦੀਪ ਸਿੰਘ ਗਾਜੇਵਾਸ, ਅਸ਼ੋਕ ਮੋਦਗਿੱਲ, ਰਾਣਾ ਸੇਖੋਂ ਸਮਾਣਾ, ਹਰਿੰਦਰ ਸਿੰਘ ਕੁਲਬੁਰਛਾਂ, ਸੁੱਖੀ ਮੂੰਡਖੇੜਾ, ਦੀਦਾਰ ਸਿੰਘ ਅਚਰਾਲਾਂ, ਲਖਵੀਰ ਸਿੰਘ ਢੈਂਠਲ, ਸੁਖਵਿੰਦਰ ਸਿੰਘ ਰਾਜਲਾ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

# ਕੀਮਤੀ ਭਗਤ ਨੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਦਾ ਸੰਭਾਲਿਆ ਅਹੁਦਾ



**ਮੁਹਾਲੀ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਕੀਮਤੀ ਭਗਤ ਨੇ ਅੱਜ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਦੀ ਹਾਜ਼ਰੀ ਵਿੱਚ ਆਪਣਾ ਅਹੁਦਾ ਸੰਭਾਲ ਲਿਆ।

ਇਸ ਮੌਕੇ ਸ੍ਰੀ ਕੀਮਤੀ ਭਗਤ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ, ਸਾਧੂ-ਸੰਤ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕ ਹਾਜ਼ਰ ਸਨ।

ਸ੍ਰੀ ਭਗਤ ਨੇ ਅਹੁਦਾ ਸੰਭਾਲਣ ਮੌਕੇ ਕਿਹਾ ਕਿ ਉਹ ਪੰਜਾਬ ਰਾਜ ਵਿੱਚ ਬੇਸਹਾਰਾ ਗਊ ਮਾਤਾ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰਨਗੇ।

ਉਨ੍ਹਾਂ ਕਿਹਾ ਕਿ ਉਹ ਬੇਸਹਾਰਾ ਪਸ਼ੂਆਂ ਕਾਰਨ ਹੋ ਰਹੇ ਜਾਨੀ-ਮਾਲੀ ਨੁਕਸਾਨ ਨੂੰ ਰੋਕਣ ਲਈ ਵੀ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਜ਼ ਅਤੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਕੋਸ਼ਿਸ਼ ਕਰਨਗੇ ਕਿ ਇਨ੍ਹਾਂ ਬੇਸਹਾਰਾ ਪਸ਼ੂਆਂ ਨੂੰ ਵੀ ਗਊਸ਼ਾਲਾਵਾਂ ਵਿੱਚ ਰੱਖਿਆ ਜਾ ਸਕੇ।

# ਗੁਰਦਾਸਪੁਰ ਐਨਕਾਊਂਟਰ ਮਾਮਲਾ: ਰਣਜੀਤ ਸਿੰਘ ਦੇ ਪਰਿਵਾਰ ਨੇ ਅੰਤਿਮ ਸਸਕਾਰ ਤੋਂ ਕੀਤਾ ਇਨਕਾਰ

**ਗੁਰਦਾਸਪੁਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਦਾਸਪੁਰ ਵਿੱਚ ਪੁਲਿਸ ਮੁਕਾਬਲੇ ਦੌਰਾਨ ਮਾਰੇ ਗਏ 19 ਸਾਲਾ ਨੌਜਵਾਨ ਰਣਜੀਤ ਸਿੰਘ ਦੀ ਮੌਤ ਨੇ ਹੁਣ ਇੱਕ ਵੱਡਾ ਸਿਆਸੀ ਅਤੇ ਸਮਾਜਿਕ ਰੂਪ ਧਾਰਨ ਕਰ ਲਿਆ ਹੈ। ਰਣਜੀਤ ਸਿੰਘ ਦੇ ਪਰਿਵਾਰ ਨੇ ਉਸ ਦਾ ਅੰਤਿਮ ਸੰਸਕਾਰ ਕਰਨ ਤੋਂ ਸਾਫ਼ ਮਨਾ ਕਰ ਦਿੱਤਾ ਹੈ। ਪਰਿਵਾਰ ਦਾ ਕਹਿਣਾ ਹੈ ਕਿ ਜਦੋਂ ਤੱਕ ਇਸ ਕਥਿਤ ਐਨਕਾਊਂਟਰ ਦੀ ਜਾਂਚ ਕੇਂਦਰੀ ਬਿਊਰੋ ਆਫ ਇਨਵੈਸਟੀਗੇਸ਼ਨ (329) ਨੂੰ ਨਹੀਂ ਸੌਂਪੀ ਜਾਂਦੀ, ਉਹ ਦੇਹ ਦਾ ਸਸਕਾਰ ਨਹੀਂ ਕਰਨਗੇ।

ਜ਼ਿਕਰਯੋਗ ਹੈ ਕਿ ਪੰਜਾਬ ਪੁਲਿਸ ਨੇ ਬੁੱਧਵਾਰ ਨੂੰ ਇੱਕ ਕਾਰਵਾਈ ਦੌਰਾਨ ਰਣਜੀਤ ਸਿੰਘ ਨੂੰ ਗੋਲੀ ਮਾਰ ਦਿੱਤੀ ਸੀ। ਪੁਲਿਸ ਦਾ ਦਾਅਵਾ ਹੈ ਕਿ ਰਣਜੀਤ ਸਿੰਘ ਏ.ਐੱਸ.ਆਈ. ਗੁਰਨਾਮ ਸਿੰਘ ਅਤੇ ਹੋਮ ਗਾਰਡ ਅਸ਼ੋਕ ਕੁਮਾਰ ਦੇ ਕਤਲ ਦੇ ਮਾਮਲੇ ਵਿੱਚ ਸ਼ਾਮਲ ਸੀ ਅਤੇ ਇਹ ਮੌਤ ਇੱਕ ਮੁਕਾਬਲੇ ਦੌਰਾਨ ਹੋਈ ਹੈ। ਦੂਜੇ ਪਾਸੇ, ਪਰਿਵਾਰ ਨੇ ਪੁਲਿਸ ਦੀ ਇਸ ਕਹਾਣੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਦਾ ਇਲਜ਼ਾਮ ਹੈ ਕਿ ਇਹ ਮੁਕਾਬਲਾ ਫ਼ਰਜ਼ੀ ਹੋ ਸਕਦਾ ਹੈ ਅਤੇ ਸੱਚਾਈ ਸਾਹਮਣੇ ਲਿਆਉਣ ਲਈ ਇੱਕ ਸੁਤੰਤਰ ਜਾਂਚ ਦੀ ਲੋੜ ਹੈ।

**ਸਿਆਸੀ ਤੂਫ਼ਾਨ ਅਤੇ ਵਿਰੋਧੀ ਧਿਰਾਂ ਦੀ ਮੰਗ**

ਇਸ ਮਾਮਲੇ ਨੇ ਪੰਜਾਬ ਦੀ ਸਿਆਸਤ ਵਿੱਚ ਵੀ ਗਰਮਾਹਟ ਪੈਦਾ ਕਰ ਦਿੱਤੀ ਹੈ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਨਸਾਫ਼ ਅਤੇ ਪਾਰਦਰਸ਼ਤਾ ਲਈ ਇਸ ਮਾਮਲੇ ਦੀ ਸੀ.ਬੀ.ਆਈ. ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਨਿਰਪੱਖ ਜਾਂਚ ਹੀ ਇਹ ਸਾਬਤ ਕਰ ਸਕਦੀ ਹੈ ਕਿ ਪੁਲਿਸ ਦੀ ਕਾਰਵਾਈ ਕਾਨੂੰਨੀ ਸੀ ਜਾਂ ਨਹੀਂ।

ਇਸ ਦੇ ਨਾਲ ਹੀ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਵੀ ਇਸ ਘਟਨਾ ਦੀ ਸੁਤੰਤਰ ਅਤੇ ਸਮਾਂ-ਬੱਧ (Time-bound) ਜਾਂਚ ਦੀ ਮੰਗ ਕੀਤੀ ਹੈ।

ਉਨ੍ਹਾਂ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਸ ਦੀ ਤਹਿ ਤੱਕ ਜਾਣਾ ਬੇਹੱਦ ਜ਼ਰੂਰੀ ਹੈ। ਫਿਲਹਾਲ ਇਲਾਕੇ ਵਿੱਚ ਤਣਾਅ ਬਣਿਆ ਹੋਇਆ ਹੈ ਅਤੇ ਪ੍ਰਸ਼ਾਸਨ ਪਰਿਵਾਰ ਨੂੰ ਮਨਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤੀਰਥ ਯਾਤਰਾ ਯੋਜਨਾ ਨੂੰ ਲੋਕਾਂ ਦਾ ਭਰਪੂਰ ਸਹਿਯੋਗ : ਵਿਧਾਇਕ ਕੋਹਲੀ



**ਪਟਿਆਲਾ, 3 ਮਾਰਚ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਾਰਡ ਨੰਬਰ 60 ਪਰਤਾਪ ਨਗਰ ਤੋਂ ਸ਼ਰਧਾਲੂਆਂ ਦੇ ਜੱਥੇ ਦੀ ਬੱਸ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾ ਲਈ ਰਵਾਨਾ ਕਰਨ ਮੌਕੇ ਕੀਤਾ।

ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ। ਇਸ ਯੋਜਨਾ ਦਾ ਮਕਸਦ ਆਮ ਲੋਕਾਂ ਨੂੰ ਬਿਨ੍ਹਾਂ ਕਿਸੇ ਆਰਥਿਕ ਬੋਝ ਦੇ ਧਾਰਮਿਕ ਯਾਤਰਾ ਦਾ ਸੁਭਾਗ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿਚ ਇੰਨ੍ਹਾਂ ਧਾਰਮਿਕ ਯਾਤਰਾਵਾਂ ਪ੍ਰਤੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਰਿਹਾਇਸ਼, ਖਾਣੇ ਦੇ ਨਾਲ ਹਰ ਲੋੜੀਂਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਇਸ ਯਾਤਰਾ ਦੌਰਾਨ ਸ਼ਰਧਾਲੂ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ ਆਦਿ ਦੇ ਦਰਸ਼ਨ ਕਰਨਗੇ।

ਇਸ ਮੌਕੇ ਵਾਰਡ ਨੰਬਰ 60 ਰੁਪਿੰਦਰ ਸਿੰਘ ਕੋਚ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

# ਅਮਨਦੀਪ ਕੌਰ ਨੇ ਏਡੀਸੀ ਫਿਰੋਜ਼ਪੁਰ ਵਜੋਂ ਅਹੁਦਾ ਸੰਭਾਲਿਆ

**ਫਿਰੋਜ਼ਪੁਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਫ਼ਿਰੋਜ਼ਪੁਰ ਵਿਖੇ ਮਿਸ ਅਮਨਦੀਪ ਕੌਰ (ਪੀਸੀਐਸ) ਨੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਅਹੁਦਾ ਸੰਭਾਲ ਲਿਆ ਹੈ।

ਦਫ਼ਤਰ ਦੇ ਸਟਾਫ਼ ਨੇ ਉਨ੍ਹਾਂ ਦਾ ਫੁੱਲਾਂ ਦੇ ਗੁਲਦਸਤੇ ਨਾਲ ਸਵਾਗਤ ਕੀਤਾ।

ਚਾਰਜ ਸੰਭਾਲਣ ਤੋਂ ਬਾਅਦ, ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਤਰਜੀਹ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੁਆਰਾ ਲਾਗੂ ਕੀਤੀਆਂ ਜਾ ਰਹੀਆਂ ਸਰਕਾਰੀ ਯੋਜਨਾਵਾਂ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਪਾਰਦਰਸ਼ੀ, ਪ੍ਰਭਾਵਸ਼ਾਲੀ ਅਤੇ ਸਮੇਂ ਸਿਰ ਲਾਗੂ ਕਰਨਾ ਯਕੀਨੀ ਬਣਾਉਣਾ ਹੋਵੇਗੀ।

# ਕਥਿਤ ਸ਼ਰਾਬ ਘੁਟਾਲੇ ਦੇ ਕੇਸ ਵਿੱਚ ਕੇਜਰੀਵਾਲ ਦੀ ਜਿੱਤ ਨਾਲ ਆਪ ਪਾਰਟੀ ਬਾਗੋ ਬਾਗ

## ਜਿੱਤ ਦੀ ਖ਼ੁਸ਼ੀ ਵਿੱਚ ਆਪ ਪਾਰਟੀ ਨੇ ਥਾਂ ਥਾਂ ਵੰਡੇ ਲੱਡੂ




**ਪਟਿਆਲਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕਥਿਤ ਸ਼ਰਾਬ ਘੁਟਾਲੇ ਦੇ ਕੇਸ ਵਿੱਚ ਕੇਜਰੀਵਾਲ ਦੀ ਜਿੱਤ ਨਾਲ ਆਪ ਪਾਰਟੀ ਬਾਗੋ ਬਾਗ ਹੈ। ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਬਰੀ ਕਰਨ ਦੀ ਖ਼ੁਸ਼ੀ ਵਿੱਚ ਆਪ ਪਾਰਟੀ ਵੱਲੋਂ ਥਾਂ ਥਾਂ ਉੱਤੇ ਲੱਡੂ ਵੰਡ ਕੇ ਖੁਸ਼ੀ ਪ੍ਰਗਟ ਕੀਤੀ ਜਾ ਰਹੀ ਹੈ। ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਕਿਹਾ ਹੈ ਕਿ ਦਿੱਲੀ ਦੀ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰਨਾਂ ਨੂੰ ਕਥਿਤ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਡਿਸਚਾਰਜ (ਬਰੀ) ਕਰਨ ਦੇ ਇਤਿਹਾਸਕ ਫੈਸਲੇ ਨੇ ਉਸ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਢਹਿ-ਢੇਰੀ ਕਰ ਦਿੱਤਾ ਹੈ, ਜੋ ਕਿ ਪੂਰੀ ਤਰ੍ਹਾਂ ਸਿਆਸਤ ਤੋਂ ਪ੍ਰੇਰਿਤ ਸੀ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਅਦਾਲਤ ਨੇ ਖੁਦ ਇਸ ਕੇਸ ਨੂੰ ਅੱਗੇ ਚਲਾਉਣ ਦੇ ਅਯੋਗ ਪਾਇਆ ਹੈ। ਉਨ੍ਹਾਂ ਕਿਹਾ ਕਿ ਕੋਈ ਰਿਕਵਰੀ ਨਹੀਂ ਹੋਈ, ਕੋਈ ਨਕਦੀ ਨਹੀਂ ਮਿਲੀ, ਕੋਈ ਦਸਤਾਵੇਜ਼ ਨਹੀਂ ਮਿਲਿਆ, ਅਜਿਹਾ ਕੋਈ ਸਬੂਤ ਨਹੀਂ ਮਿਲਿਆ ਜੋ ਮੁਕੱਦਮੇ ਨੂੰ ਟਿਕਾ ਸਕੇ। ਅਦਾਲਤ ਨੇ ਆਪਣੇ ਵਿਸਤ੍ਰਿਤ ਹੁਕਮਾਂ ਵਿੱਚ ਸਪੱਸ਼ਟ ਕੀਤਾ ਹੈ ਕਿ ਬਿਨਾਂ ਕਿਸੇ ਅਧਾਰ ਦੇ ਕੇਸ ਜਾਰੀ ਨਹੀਂ ਰਹਿ ਸਕਦਾ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਨੀਂਹ ਸਿੱਖਿਆ ਅਤੇ ਸਿਹਤ ਸੰਭਾਲ ਦੇ ਥੰਮ੍ਹਾਂ 'ਤੇ ਰੱਖੀ ਗਈ ਸੀ ਅਤੇ ਦਿੱਲੀ ਵਿੱਚ ਮੁਹੱਲਾ ਕਲੀਨਿਕਾਂ ਅਤੇ ਸਰਕਾਰੀ ਸਕੂਲਾਂ ਦੇ ਸੁਧਾਰਾਂ ਵਰਗੀਆਂ ਤਬਦੀਲੀ ਲਿਆਉਣ ਵਾਲੀਆਂ ਪਹਿਲਕਦਮੀਆਂ ਨੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹੀ ਸੁਧਾਰ ਹੁਣ ਪੰਜਾਬ ਵਿੱਚ ਵੀ ਦੇਖਣ ਨੂੰ ਮਿਲ ਰਹੇ ਹਨ, ਜਿੱਥੇ ਨਵੇਂ ਕਲੀਨਿਕ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਇਤਿਹਾਸਕ ਅਕਾਦਮਿਕ ਪ੍ਰਾਪਤੀਆਂ ਜ਼ਮੀਨੀ ਪੱਧਰ 'ਤੇ ਅਸਲ ਤਬਦੀਲੀ ਨੂੰ ਦਰਸਾਉਂਦੀਆਂ ਹਨ। ਪੰਨੂ ਨੇ ਦੋਸ਼ ਲਾਇਆ ਕਿ 'ਆਪ' ਦੇ ਸ਼ਾਸਨ ਅਤੇ ਇਮਾਨਦਾਰੀ ਦਾ ਮੁਕਾਬਲਾ ਕਰਨ ਵਿੱਚ ਅਸਮਰੱਥ ਸਿਆਸੀ ਵਿਰੋਧੀਆਂ ਨੇ ਕਥਿਤ 100 ਕਰੋੜ ਰੁਪਏ ਦੇ ਘੁਟਾਲੇ ਦਾ ਬਿਰਤਾਂਤ ਘੜਿਆ ਸੀ। ਉਨ੍ਹਾਂ ਸਵਾਲ ਕੀਤਾ ਕਿ 100 ਕਰੋੜ ਰੁਪਏ ਕਿੱਥੇ ਹਨ ? ਕਿਹੜਾ ਘੁਟਾਲਾ ? ਉਨ੍ਹਾਂ ਅੱਗੇ ਕਿਹਾ ਕਿ ਕੇਜਰੀਵਾਲ, ਸਿਸੋਦੀਆ ਅਤੇ ਹੋਰਾਂ ਵੱਲੋਂ ਜੇਲ੍ਹ ਵਿੱਚ ਬਿਤਾਏ ਮਹੀਨੇ ਕਦੇ ਵਾਪਸ ਨਹੀਂ ਕੀਤੇ ਜਾ ਸਕਦੇ। ਉਨ੍ਹਾਂ ਨਿਆਂਪਾਲਿਕਾ ਦਾ ਧੰਨਵਾਦ ਕੀਤਾ ਅਤੇ ਡਾ. ਬੀਆਰ ਅੰਬੇਡਕਰ ਨੂੰ ਅਜਿਹਾ ਸੰਵਿਧਾਨ ਬਣਾਉਣ ਲਈ ਸ਼ਰਧਾਂਜਲੀ ਭੇਟ ਕੀਤੀ ਜੋ ਇਨਸਾਫ਼ ਦੀ ਰਾਖੀ ਕਰਦਾ ਹੈ। ਇਸ ਫੈਸਲੇ ਨੂੰ ਇਮਾਨਦਾਰ ਰਾਜਨੀਤੀ ਦੀ ਜਿੱਤ ਕਰਾਰ ਦਿੰਦਿਆਂ ਪੰਨੂ ਨੇ ਕਿਹਾ ਕਿ ਇਸ ਨਾਲ ਅਦਾਲਤਾਂ ਵਿੱਚ ਵਿਸ਼ਵਾਸ ਮਜ਼ਬੂਤ ਹੋਇਆ ਹੈ ਅਤੇ ਦੇਸ਼ ਭਰ ਵਿੱਚ 'ਆਪ' ਦੀਆਂ ਜੜ੍ਹਾਂ ਹੋਰ ਡੂੰਘੀਆਂ ਹੋਣਗੀਆਂ।

ਉਨ੍ਹਾਂ ਦਾਅਵਾ ਕੀਤਾ ਕਿ ਸਾਨੂੰ ਕੱਲ੍ਹ ਵੀ ਆਪਣੇ ਆਗੂਆਂ 'ਤੇ ਮਾਣ ਸੀ, ਅੱਜ ਵੀ ਮਾਣ ਹੈ ਅਤੇ ਹਮੇਸ਼ਾ ਮਾਣ ਰਹੇਗਾ। ਇਸ ਉਪਰੰਤ ਉਨ੍ਹਾਂ ਨੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਅਨਾਰਦਾਣਾ ਚੌਂਕ ਵਿਖੇ ਖੁਸ਼ੀ ਪ੍ਰਗਟਾਉਂਦਿਆਂ ਲੱਡੂ ਵੀ ਵੰਡੇ। ਇਸ ਮੌਕੇ ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ,

ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਮਹਿਲਾ ਵਿੰਗ ਦੇ ਆਗੂ ਵੀਰਪਾਲ ਕੌਰ ਚਹਿਲ, ਗੁਰਵਿੰਦਰ ਸਿੰਘ, ਜਿਲ੍ਹਾ ਮੀਡੀਆ ਇੰਚਾਰਜ ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਅਭਿਸ਼ੇਕ ਸ਼ਰਮਾ, ਸੰਦੀਪ ਬੰਧੂ, ਕੁਲਵਿੰਦਰ ਸਿੰਘ ਵਿੱਕੀ ਰਿਵਾਜ, ਮਨਦੀਪ ਸਿੰਘ ਰਾਜਾ, ਆਰ ਸੀ ਗੁਪਤਾ, ਅਮਰਿੰਦਰ ਸਿੰਘ ਰਵੀ ਕੁਮਾਰ, ਜਸਵਿੰਦਰ ਸਿੰਘ ਰਿੰਪਾ, ਰਾਜਵੀਰ ਸਿੰਘ ਅਤੇ ਹੋਰ ਹਾਜ਼ਰ ਸਨ।

# ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਅਕਾਦਮਿਕ ਸੈਸ਼ਨ 2026-27 ਤੋਂ ਪੀ.ਐਚ.ਡੀ. ਪ੍ਰੋਗਰਾਮ ਸ਼ੁਰੂ ਕਰੇਗੀ: ਡਾ. ਪੁਸ਼ਪਿੰਦਰ ਸਿੰਘ ਗਿੱਲ

**ਪਟਿਆਲਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਾਦਮਿਕ ਅਤੇ ਖੋਜ ਉੱਤਮਤਾ ਦੀ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਦਿਆਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ (ਐਮ.ਬੀ.ਐਸ.ਪੀ.ਐਸ.ਯੂ.), ਪਟਿਆਲਾ ਨੇ ਅਕਾਦਮਿਕ ਸੈਸ਼ਨ 2026-27 ਤੋਂ ਡਾਕਟਰ ਆਫ਼ ਫਿਲਾਸਫੀ (ਪੀਐਚਡੀ) ਪ੍ਰੋਗਰਾਮ ਸ਼ੁਰੂ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਅੱਜ ਇੱਥੇ ਇਸ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਪੁਸ਼ਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਸੰਸਥਾ ਨੂੰ ਉੱਤਮਤਾ ਦੀਆਂ ਨਵੀਆਂ ਉਚਾਈਆਂ 'ਤੇ ਪਹੁੰਚਾਉਣ ਦੇ ਉਦੇਸ਼ ਨਾਲ ਐਮ.ਬੀ.ਐਸ.ਪੀ.ਐਸ.ਯੂ. ਯੂਨੀਵਰਸਿਟੀ ਨਵੀਨ ਅਕਾਦਮਿਕ ਪਹਿਲਕਦਮੀਆਂ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਆਪਣੇ ਅੰਡਰਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਅਕਾਦਮਿਕ ਢਾਂਚੇ ਨੂੰ ਸਫ਼ਲਤਾਪੂਰਵਕ ਸਥਾਪਤ ਕਰਨ ਤੋਂ ਬਾਅਦ ਯੂਨੀਵਰਸਿਟੀ ਹੁਣ ਇੱਕ ਖੋਜ-ਅਧਾਰਤ ਸੰਸਥਾ 'ਚ ਤਬਦੀਲੀ ਵੱਲ ਕਦਮ ਵਧਾ ਰਹੀ ਹੈ। ਡਾ. ਗਿੱਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਯੋਗ ਫੈਕਲਟੀ, ਲੈਬਾਟਰੀਆਂ ਲਈ ਢੁਕਵਾਂ ਬੁਨਿਆਦੀ ਢਾਂਚਾ ਅਤੇ ਢਾਂਚਾਗਤ ਅਕਾਦਮਿਕ ਪ੍ਰਣਾਲੀਆਂ ਦੀ ਉਪਲਬਧਤਾ ਦੇ ਨਾਲ ਐਮ.ਬੀ.ਐਸ.ਪੀ.ਐਸ.ਯੂ. ਯੂਨੀਵਰਸਿਟੀ ਡਾਕਟਰੇਟ ਪ੍ਰੋਗਰਾਮ ਸ਼ੁਰੂ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਦੱਸਿਆ ਕਿ ਸ਼ੁਰੂ ਵਿੱਚ ਇਹ ਪੀਐਚਡੀ ਪ੍ਰੋਗਰਾਮ ਚਾਰ ਤਰਜੀਹੀ ਖੋਜ ਖੇਤਰਾਂ - ਸਪੋਰਟਸ ਬਾਇਓਮਕੈਨਿਕਸ, ਐਕਸਰਸਾਈਜ਼ ਫਿਜ਼ੀਓਲੋਜੀ, ਸਪੋਰਟਸ ਸਾਈਕੋਲੋਜੀ ਅਤੇ ਸਪੋਰਟਸ ਮੈਨੇਜਮੈਂਟ ਤੇ ਗਵਰਨੈਂਸ ਵਿੱਚ ਪੇਸ਼ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲ ਓਲੰਪਿਕ ਪ੍ਰਦਰਸ਼ਨ, ਸਾਇੰਟੀਫਿਕ ਐਥਲੀਟ ਮੌਨੀਟਰਿੰਗ ਅਤੇ ਠੋਸ ਖੇਡ ਨੀਤੀ ਵੱਲ ਦੇਸ਼ ਦੀ ਵੱਧ ਰਹੀ ਤਵੱਜੋ ਨਾਲ ਮੇਲ ਖਾਂਦੀ ਹੈ। ਯੂਨੀਵਰਸਿਟੀ ਦਾ ਉਦੇਸ਼ ਸਵਦੇਸ਼ੀ ਖੇਡ ਵਿਗਿਆਨ ਖੋਜ, ਹਾਈ-ਪਰਫਾਰਮੈਂਸ ਐਥਲੀਟ ਡਿਵੈਪਮੈਂਟ, ਇੰਜਰੀ ਪਰੀਵੈਂਸ਼ਨ ਸਟੱਡੀ ਅਤੇ ਖੇਡ ਖੇਤਰ ਵਿੱਚ ਸ਼ਾਸਨ ਸੁਧਾਰਾਂ ਦੇ ਖੇਤਰ 'ਚ ਅਰਥਪੂਰਨ ਯੋਗਦਾਨ ਪਾਉਣਾ ਹੈ ਤਾਂ ਜੋ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰ ਕੀਤਾ ਜਾ ਸਕੇ।

ਵਾਈਸ ਚਾਂਸਲਰ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਪ੍ਰੋਗਰਾਮ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਦੇ ਨਵੇਂ ਨਿਯਮਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਦੇ ਨਾਲ ਨਾਲ ਯੂਨੀਵਰਸਿਟੀ ਐਕਟ ਅਧੀਨ ਕਾਨੂੰਨੀ ਪ੍ਰਬੰਧਾਂ ਅਤੇ ਪੰਜਾਬ ਸਰਕਾਰ ਦੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰੇਗਾ।

ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਯੂਨੀਵਰਸਿਟੀ ਸਮਰਪਿਤ ਖੋਜ ਸ਼ਾਸਨ ਢਾਂਚੇ ਸਥਾਪਤ ਕਰੇਗੀ, ਜਿਸ ਵਿੱਚ ਇੱਕ ਖੋਜ ਡਿਗਰੀ ਕਮੇਟੀ (ਆਰਡੀਸੀ), ਵਿਭਾਗੀ ਖੋਜ ਕਮੇਟੀਆਂ (ਡੀਆਰਸੀ), ਖੋਜ ਸਲਾਹਕਾਰ ਕਮੇਟੀਆਂ (ਆਰਏਸੀ), ਇੱਕ ਯੂਨੀਵਰਸਿਟੀ ਖੋਜ ਨੈਤਿਕਤਾ ਕਮੇਟੀ ਅਤੇ ਸਾਹਿਤ/ਕੰਮ ਦੀ ਚੋਰੀ ਸਬੰਧੀ ਨਿਗਰਾਨ ਪ੍ਰਣਾਲੀ ਸ਼ਾਮਲ ਹੋਵੇਗੀ।

ਡਾ. ਗਿੱਲ ਨੇ ਦੱਸਿਆ ਕਿ ਪਹਿਲੇ ਸਾਲ ਦੌਰਾਨ ਦਾਖਲੇ ਲਈ ਸੀਟਾਂ ਦੀ ਗਿਣਤੀ ਸੀਮਤ ਅਤੇ ਪੂਰੀ ਤਰ੍ਹਾਂ ਸੁਪਰਵਾਈਜ਼ਰ ਯੋਗਤਾ, ਪ੍ਰਯੋਗਸ਼ਾਲਾ ਦੀ ਤਿਆਰੀ ਅਤੇ ਖੋਜ ਬੁਨਿਆਦੀ ਢਾਂਚੇ ਦੀ ਉਪਲਬਧਤਾ 'ਤੇ ਅਧਾਰਤ ਹੋਵੇਗੀ।

ਲਾਗੂਕਰਨ ਯੋਜਨਾ ਦੇ ਹਿੱਸੇ ਵਜੋਂ ਡਰਾਫਟ ਪੀਐਚਡੀ ਆਰਡੀਨੈਂਸ ਅਤੇ ਨਿਯਮਾਂ ਨੂੰ ਕਾਨੂੰਨੀ ਪ੍ਰਵਾਨਗੀ ਲਈ ਅਕਾਦਮਿਕ ਕੌਂਸਲ ਅਤੇ ਕਾਰਜਕਾਰੀ ਕੌਂਸਲ ਦੇ ਸਾਹਮਣੇ ਰੱਖਿਆ ਜਾਵੇਗਾ। ਦਾਖਲਿਆਂ ਦੀ ਨੋਟੀਫਿਕੇਸ਼ਨ ਤੋਂ ਪਹਿਲਾਂ ਬੁਨਿਆਦੀ ਢਾਂਚੇ ਦੀ ਤਿਆਰੀ ਸਬੰਧੀ ਸਰਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ।

ਪੰਜ ਸਾਲਾ ਦ੍ਰਿਸ਼ਟੀਕੋਣ ਦੀ ਰੂਪਰੇਖਾ ਬਾਰੇ ਦੱਸਦਿਆਂ ਡਾ. ਗਿੱਲ ਨੇ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਉੱਚ-ਗੁਣਵੱਤਾ ਵਾਲੀ ਡਾਕਟਰੇਟ ਖੋਜ ਕਰਕੇ ਇਸਨੂੰ ਮਾਨਤਾ ਪ੍ਰਾਪਤ ਸੂਚੀਬੱਧ ਜਰਨਲਸ ਵਿੱਚ ਪ੍ਰਕਾਸ਼ਤ ਕਰਨਾ, ਇੱਕ ਵਿਸ਼ੇਸ਼ ਖੋਜ ਲੈਬਾਟਰੀ ਸਥਾਪਤ ਕਰਨਾ ਅਤੇ ਰਾਸ਼ਟਰੀ ਖੇਡ ਸੰਸਥਾਵਾਂ ਤੇ ਖੋਜ ਸੰਸਥਾਵਾਂ ਨਾਲ ਸਹਿਯੋਗ ਵਿਕਸਤ ਕਰਨਾ ਹੈ। ਡਾ. ਗਿੱਲ ਨੇ ਅੱਗੇ ਕਿਹਾ ਕਿ ਪੀਐਚਡੀ ਪ੍ਰੋਗਰਾਮ ਦੀ ਸ਼ੁਰੂਆਤ ਐਮਬੀਐਸਪੀਐਸਯੂ ਲਈ ਕਿਸੇ ਮੀਲ ਪੱਥਰ ਤੋਂ ਘੱਟ ਨਹੀਂ ਹੈ, ਜੋ ਪੰਜਾਬ ਅਤੇ ਦੇਸ਼ ਭਰ ਵਿੱਚ ਖੇਡ ਰਿਸਰਚ ਲਈ ਉੱਤਮਤਾ ਦੇ ਇੱਕ ਭਰੋਸੇਯੋਗ ਕੇਂਦਰ ਵਜੋਂ ਉਭਰਨ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤੀ ਦੇਵੇਗਾ।

# ਭਾਰਤ-ਕੈਨੇਡਾ ਵੱਲੋਂ 50 ਬਿਲੀਅਨ ਡਾਲਰ ਦੇ ਵਪਾਰ ਦਾ ਟੀਚਾ: ਪੀਐਮ ਮੋਦੀ



**ਨਵੀਂ ਦਿੱਲੀ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਪ੍ਰਧਾਨ ਮੰਤਰੀ ਮਾਰਕ ਜੇ. ਕਾਰਨੀ ਦੀ ਅਗਵਾਈ ਹੇਠ ਕੈਨੇਡਾ ਨਾਲ ਸਬੰਧਾਂ ਦੇ ਵਾਧੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਦੋਵੇਂ ਦੇਸ਼ 2030 ਤੱਕ ਵਪਾਰ ਵਿੱਚ 50 ਬਿਲੀਅਨ ਅਮਰੀਕੀ ਡਾਲਰ ਨੂੰ ਛੂਹਣ ਦੇ ਟੀਚੇ ਨਾਲ ਆਪਣੇ ਆਰਥਿਕ ਸਹਿਯੋਗ ਨੂੰ ਹੋਰ ਡੂੰਘਾ ਕਰਨ ਦਾ ਇਰਾਦਾ ਰੱਖਦੇ ਹਨ। ਇਸ ਸਬੰਧ ਵਿੱਚ ਉਨ੍ਹਾਂ ਅੱਗੇ ਕਿਹਾ ਕਿ ਓਟਵਾ ਅਤੇ ਨਵੀਂ ਦਿੱਲੀ ਨੇ ਨੇੜਲੇ ਭਵਿੱਖ ਵਿੱਚ ਇੱਕ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਨੂੰ ਅੰਤਿਮ ਰੂਪ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਨੇ ਇਹ ਟਿੱਪਣੀ ਸੋਮਵਾਰ ਨੂੰ ਕੌਮੀ ਰਾਜਧਾਨੀ ਵਿੱਚ ਕੈਨੇਡੀਅਨ ਪੀਐਮ ਮਾਰਕ ਕਾਰਨੀ ਦੇ ਨਾਲ ਸਾਂਝੇ ਪ੍ਰੈਸ ਬਿਆਨ ਦੌਰਾਨ ਕੀਤੀ। ਪੀ ਐੱਮ ਮੋਦੀ ਨੇ ਕਿਹਾ, ਅੱਜ, ਅਸੀਂ ਇਸ ਵਿਜ਼ਨ ਨੂੰ ਅਗਲੇ ਪੱਧਰ ਦੀ ਭਾਈਵਾਲੀ ਵਿੱਚ ਬਦਲਣ ਬਾਰੇ ਚਰਚਾ ਕੀਤੀ। ਸਾਡਾ ਟੀਚਾ 2030 ਤੱਕ 50 ਬਿਲੀਅਨ ਡਾਲਰ ਦੇ ਵਪਾਰ ਤੱਕ ਪਹੁੰਚਣਾ ਹੈ। ਆਰਥਿਕ ਸਹਿਯੋਗ ਦੀ ਪੂਰੀ ਸੰਭਾਵਨਾ ਨੂੰ ਉਜਾਗਰ ਕਰਨਾ ਸਾਡੀ ਤਰਜੀਹ ਹੈ। ਇਸ ਲਈ, ਅਸੀਂ ਜਲਦੀ ਹੀ ਇੱਕ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਨੂੰ ਅੰਤਿਮ ਰੂਪ ਦੇਣ ਦਾ ਫੈਸਲਾ ਕੀਤਾ ਹੈ।

ਉਨ੍ਹਾਂ ਨੇ ਰੇਖਾਂਕਿਤ ਕੀਤਾ ਕਿ ਕਿਵੇਂ ਇਹ ਫੈਸਲਾ ਦੋਵਾਂ ਦੇਸ਼ਾਂ ਵਿੱਚ ਨਿਵੇਸ਼ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਖੋਲ੍ਹੇਗਾ। ਪੀ ਐੱਮ ਮੋਦੀ ਨੇ ਅੱਗੇ ਕਿਹਾ, ਕੈਨੇਡੀਅਨ ਪੈਨਸ਼ਨ ਫੰਡਾਂ ਨੇ ਭਾਰਤ ਵਿੱਚ 100 ਬਿਲੀਅਨ ਡਾਲਰ ਦਾ ਨਿਵੇਸ਼ ਕੀਤਾ ਹੈ। ਇਹ ਭਾਰਤ ਦੀ ਵਿਕਾਸ ਕਹਾਣੀ ਵਿੱਚ ਉਨ੍ਹਾਂ ਦੇ ਡੂੰਘੇ ਵਿਸ਼ਵਾਸ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਦਿਨ ਵਿੱਚ ਬਾਅਦ ਵਿੱਚ ਆਗੂ ਕਾਰੋਬਾਰੀ ਭਾਈਚਾਰੇ ਦੇ ਮੈਂਬਰਾਂ ਨਾਲ ਵੀ ਮੁਲਾਕਾਤ ਕਰਨਗੇ ਜਿਨ੍ਹਾਂ ਦੇ ਸੁਝਾਅ ਦੋਵਾਂ ਦੇਸ਼ਾਂ ਵਿਚਾਲੇ ਆਰਥਿਕ ਸਹਿਯੋਗ ਲਈ ਰੋਡਮੈਪ ਤਿਆਰ ਕਰਨ ਵਿੱਚ ਮਦਦ ਕਰਨਗੇ।

ਪੀਐਮ ਮੋਦੀ ਨੇ ਕਾਰਨੀ ਦੀ ਭਾਰਤ ਯਾਤਰਾ ਨੂੰ ਇੱਕ ਮਹੱਤਵਪੂਰਨ ਮੀਲ ਪੱਥਰ ਦੱਸਿਆ। ਦੋਵਾਂ ਪ੍ਰਧਾਨ ਮੰਤਰੀਆਂ ਦੀ ਮੌਜੂਦਗੀ ਵਿੱਚ ਦੋਵਾਂ ਦੇਸ਼ਾਂ ਦਰਮਿਆਨ ਕਈ ਸਮਝੌਤਿਆਂ ਦਾ ਤਬਾਦਲਾ ਵੀ ਹੋਇਆ।

# ਪੰਜਾਬ ਸਰਕਾਰ ਨੇ ਮੱਧ ਪੂਰਬੀ ਤਣਾਅ ਕਾਰਨ ਉੱਥੇ ਫਸੇ ਪੰਜਾਬੀਆਂ ਲਈ 24x7 ਹੈਲਪਲਾਈਨ ਜਾਰੀ

## ਜੰਗ ਪ੍ਰਭਾਵਿਤ ਖਾੜੀ ਖੇਤਰ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਭਾਰਤ ਸਰਕਾਰ ਨੂੰ ਦਖਲ ਦੇਣ ਦੀ ਅਪੀਲ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੱਧ ਪੂਰਬ ਦੇ ਕੁਝ ਹਿੱਸਿਆਂ ਵਿੱਚ ਵਧ ਰਹੇ ਤਣਾਅ ਕਾਰਨ ਉੱਥੇ ਫਸੇ ਪੰਜਾਬੀਆਂ ਦੀ ਸਹਾਇਤਾ ਲਈ ਦਿਨ-ਰਾਤ ਕਾਰਜਸ਼ੀਲ ਹੈਲਪਲਾਈਨ ਜਾਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਤੁਰੰਤ ਸਹਾਇਤਾ ਲਈ 0172 2260042, 0172 2260043 ’ਤੇ ਕਾਲ ਕਰ ਸਕਦੇ ਹਨ ਜਾਂ ਵਟਸਐੱਪ ਨੰ. +91 94787 79112 ’ਤੇ ਮੈਸੇਜ ਭੇਜ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਮੱਧ ਪੂਰਬ ਵਿੱਚ ਜੰਗ ਕਾਰਨ ਫਸੇ ਪੰਜਾਬੀਆਂ ਦੇ ਪੀੜਤ ਪਰਿਵਾਰਾਂ ਨੂੰ ਪੂਰਨ ਸਹਾਇਤਾ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਸੂਬਾ ਸਰਕਾਰ ਫਸੇ ਹੋਏ ਲੋਕਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ। ਅਰਬ ਦੇਸ਼ਾਂ ਵਿੱਚ ਤਣਾਅ ਕਾਰਨ ਇੱਥੇ ਬਹੁਤ ਸਾਰੇ ਪੰਜਾਬੀ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਪੰਜਾਬ ਸਰਕਾਰ ਵੱਲੋਂ ਇੱਕ ਹੈਲਪਲਾਈਨ ਜਾਰੀ ਕੀਤੀ ਗਈ ਹੈ ਅਤੇ ਜੇਕਰ ਕੋਈ ਵਿਅਕਤੀ ਜਾਂ ਉਸ ਦਾ ਪਰਿਵਾਰ ਇਨ੍ਹਾਂ ਦੇਸ਼ਾਂ ਵਿੱਚ ਫਸਿਆ ਹੋਇਆ ਹੈ ਤਾਂ ਉਹ ਇਨ੍ਹਾਂ ਨੰਬਰਾਂ ’ਤੇ ਕਾਲ ਕਰ ਸਕਦੇ ਹਨ। ਉਨ੍ਹਾਂ ਨੇ ਮੁਸੀਬਤ ਵਿੱਚ ਫਸੇ ਲੋਕਾਂ ਨੂੰ ਪੂਰੀ ਮਦਦ ਦਾ ਭਰੋਸਾ ਦਿੰਦਿਆਂ ਐਲਾਨ ਕੀਤਾ ਕਿ ਇੱਕ ਸਮਰਪਿਤ ਹੈਲਪਲਾਈਨ ਅਤੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜੋ ਦਿਨ-ਰਾਤ ਕਾਰਜਸ਼ੀਲ ਰਹੇਗਾ। ਉਨ੍ਹਾਂ ਅੱਗੇ ਕਿਹਾ, ਜੇਕਰ ਕਿਸੇ ਵੀ ਕਿਸਮ ਦੀ ਮਦਦ ਦੀ ਲੋੜ ਹੈ ਤਾਂ ਲੋਕ 0172 2260042 ਅਤੇ 0172 2260043 ’ਤੇ ਕਾਲ ਕਰ ਸਕਦੇ ਹਨ ਜਾਂ +91 94787 79112 ’ਤੇ ਵਟਸਐੱਪ ਰਾਹੀਂ ਮੈਸੇਜ ਭੇਜ ਸਕਦੇ ਹਨ।

ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਫਸੇ ਲੋਕਾਂ ਨੂੰ ਜਲਦ ਤੋਂ ਜਲਦ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹਾਂ। ਖਾੜੀ ਦੇਸ਼ਾਂ ਵਿੱਚ ਫਸੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਪਰਿਵਾਰਾਂ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ, ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਇਨ੍ਹਾਂ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।

ਉਨ੍ਹਾਂ ਨੇ ਭਾਰਤ ਸਰਕਾਰ ਨੂੰ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਤੁਰੰਤ ਦਖਲ ਦੇਣ ਦੀ ਵੀ ਅਪੀਲ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਕੇਂਦਰ ਸਰਕਾਰ ਜੰਗ ਪ੍ਰਭਾਵਿਤ ਖਾੜੀ ਦੇਸ਼ਾਂ ਵਿੱਚ ਫਸੇ ਸਾਰੇ ਲੋਕਾਂ ਦੀ ਮਦਦ ਲਈ ਤੁਰੰਤ ਲੋੜੀਂਦੇ ਕਦਮ ਚੁੱਕੇਗੀ।

# ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ CCS ਦੀ ਅਹਿਮ ਬੈਠਕ

## ਜੰਗ ਰੋਕਣ ਅਤੇ ਗੱਲਬਾਤ ਦੇ ਰਾਹ ’ਤੇ ਪਰਤਣ ਦੀ ਅਪੀਲ



**ਨਵੀਂ ਦਿੱਲੀ, 3 ਮਾਰਚ**
**-ਸ਼ਿਵ ਨਰਾਇਣ ਜਾਂਗੜਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਏਸ਼ੀਆ ਵਿੱਚ ਤੇਜ਼ੀ ਨਾਲ ਵਿਗੜ ਰਹੇ ਹਾਲਾਤ ਦਾ ਜਾਇਜ਼ਾ ਲੈਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਸੁਰੱਖਿਆ ਬਾਰੇ ਕੈਬਨਿਟ ਕਮੇਟੀ (CCS) ਦੀ ਵਿਸ਼ੇਸ਼ ਮੀਟਿੰਗ ਹੋਈ। ਇਸ ਬੈਠਕ ਵਿੱਚ ਭਾਰਤ ਨੇ ਦੋਵਾਂ ਪੱਖਾਂ ਨੂੰ ਹਿੰਸਾ ਤੁਰੰਤ ਬੰਦ ਕਰਨ ਅਤੇ ਮਸਲਿਆਂ ਦੇ ਹੱਲ ਲਈ ਮੁੜ ‘ਗੱਲਬਾਤ ਅਤੇ ਕੂਟਨੀਤੀ’ (Dialogue and Diplomacy) ਦਾ ਰਾਹ ਅਖ਼ਤਿਆਰ ਕਰਨ ਦਾ ਸੱਦਾ ਦਿੱਤਾ ਹੈ।

ਕਮੇਟੀ ਨੇ ਖਾੜੀ ਦੇਸ਼ਾਂ ਵਿੱਚ ਰਹਿ ਰਹੇ ਲੱਖਾਂ ਭਾਰਤੀ ਪ੍ਰਵਾਸੀਆਂ ਦੀ ਸੁਰੱਖਿਆ ’ਤੇ ਡੂੰਘੀ ਚਿੰਤਾ ਪ੍ਰਗਟਾਈ ਹੈ।ਇਰਾਨ ਅਤੇ ਹੋਰ ਖਾੜੀ ਦੇਸ਼ਾਂ ਵਿੱਚ ਹੋਏ ਹਵਾਈ ਹਮਲਿਆਂ ਤੋਂ ਬਾਅਦ ਉੱਥੇ ਰਹਿ ਰਹੇ ਭਾਰਤੀਆਂ ਦੀ ਸਲਾਮਤੀ ਭਾਰਤ ਲਈ ਸਭ ਤੋਂ ਵੱਡੀ ਪਹਿਲ ਹੈ।

ਬੈਠਕ ਵਿੱਚ ਉਨ੍ਹਾਂ ਭਾਰਤੀ ਯਾਤਰੀਆਂ ਦੀਆਂ ਮੁਸ਼ਕਲਾਂ ’ਤੇ ਵੀ ਚਰਚਾ ਕੀਤੀ ਗਈ ਜੋ ਇਸ ਖੇਤਰ ਰਾਹੀਂ ਸਫ਼ਰ ਕਰ ਰਹੇ ਹਨ। ਇਸ ਤੋਂ ਇਲਾਵਾ ਉਨ੍ਹਾਂ ਵਿਦਿਆਰਥੀਆਂ ਦਾ ਮੁੱਦਾ ਵੀ ਵਿਚਾਰਿਆ ਗਿਆ ਜਿਨ੍ਹਾਂ ਦੀਆਂ ਪ੍ਰੀਖਿਆਵਾਂ ਚੱਲ ਰਹੀਆਂ ਹਨ ਅਤੇ ਜੰਗ ਕਾਰਨ ਉਹ ਪ੍ਰਭਾਵਿਤ ਹੋ ਸਕਦੇ ਹਨ।

CCS ਨੇ ਜੰਗ ਦੇ ਖੇਤਰੀ ਸੁਰੱਖਿਆ ਅਤੇ ਵਪਾਰਕ ਗਤੀਵਿਧੀਆਂ ’ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਦਾ ਵੀ ਰਿਵਿਊ ਕੀਤਾ।

ਪ੍ਰਧਾਨ ਮੰਤਰੀ ਨੇ ਸਬੰਧਤ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਪ੍ਰਭਾਵਿਤ ਭਾਰਤੀ ਨਾਗਰਿਕਾਂ ਦੀ ਹਰ ਸੰਭਵ ਮਦਦ ਕੀਤੀ ਜਾਵੇ ਅਤੇ ਜ਼ਰੂਰੀ ਕਦਮ ਚੁੱਕੇ ਜਾਣ।

# ਮੱਧ ਪੂਰਬ ਵਿੱਚ ਤਣਾਅ ਦੇ ਚਲਦਿਆਂ ਤੇਲ ਦੀਆਂ ਕੀਮਤਾਂ ਨੇ ਤੋੜੇ ਰਿਕਾਰਡ

**ਨਿਊਯਾਰਕ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਅਤੇ ਇਜ਼ਰਾਈਲ ਵੱਲੋਂ ਇਰਾਨ ’ਤੇ ਕੀਤੇ ਗਏ ਹਮਲਿਆਂ ਅਤੇ ਜਵਾਬੀ ਕਾਰਵਾਈਆਂ ਕਾਰਨ ਵਿਸ਼ਵ ਪੱਧਰ ’ਤੇ ਤੇਲ ਦੀ ਸਪਲਾਈ ਲੜੀ ਬੁਰੀ ਤਰ੍ਹਾਂ ਹਿੱਲ ਗਈ ਹੈ, ਜਿਸ ਕਾਰਨ ਸੋਮਵਾਰ ਨੂੰ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਦਰਜ ਕੀਤਾ ਗਿਆ। ਹੋਰਮੁਜ਼ ਜਲਡਮਰੂਮੱਧ, ਜਿੱਥੋਂ ਦੁਨੀਆ ਦਾ ਲਗਭਗ 20 ਫੀਸਦ ਤੇਲ ਲੰਘਦਾ ਹੈ, ਵਿੱਚ ਵਪਾਰਕ ਜਹਾਜ਼ਾਂ ’ਤੇ ਹੋਏ ਹਮਲਿਆਂ ਨੇ ਬਰਾਮਦ ਨੂੰ ਸੀਮਤ ਕਰ ਦਿੱਤਾ ਹੈ। ਇਸ ਕਾਰਨ ਵੈਸਟ ਟੈਕਸਾਸ ਇੰਟਰਮੀਡੀਏਟ ਦੀ ਕੀਮਤ 7.3% ਵਧ ਕੇ 72 ਡਾਲਰ ਅਤੇ ਬ੍ਰੈਂਟ ਕਰੂਡ ਦੀ ਕੀਮਤ 7.8%




ਦੇ ਵਾਧੇ ਨਾਲ 78.55 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਹੈ।

ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਇਹ ਤਣਾਅ ਲੰਬਾ ਖਿੱਚਿਆ ਗਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਗਾਹਕਾਂ ਨੂੰ ਪੈਟਰੋਲ ਪੰਪਾਂ ਤੋਂ ਲੈ ਕੇ ਕਰਿਆਨੇ ਦੇ ਸਾਮਾਨ ਤੱਕ ਹਰ ਚੀਜ਼ ਲਈ ਵੱਧ ਜੇਬ ਢਿੱਲੀ ਕਰਨੀ ਪਵੇਗੀ। ਤੇਲ ਸੰਕਟ ਦੇ ਇਸ ਖ਼ਤਰੇ ਨੂੰ ਵੇਖਦਿਆਂ ‘ਓਪੇਕ ਪਲੱਸ’ ਦੇ ਅੱਠ ਦੇਸ਼ਾਂ, ਜਿਨ੍ਹਾਂ ਵਿੱਚ ਸਾਊਦੀ ਅਰਬ ਅਤੇ ਰੂਸ ਸ਼ਾਮਲ ਹਨ, ਨੇ ਐਤਵਾਰ ਨੂੰ ਕੱਚੇ ਤੇਲ ਦੀ ਪੈਦਾਵਾਰ ਵਧਾਉਣ ਦਾ ਐਲਾਨ ਕੀਤਾ ਹੈ। ਅਪਰੈਲ ਮਹੀਨੇ ਤੋਂ ਰੋਜ਼ਾਨਾ 2,06,000 ਬੈਰਲ ਵਾਧੂ ਤੇਲ ਉਤਪਾਦਨ ਦੀ ਯੋਜਨਾ ਬਣਾਈ ਗਈ ਹੈ। ਹਾਲਾਂਕਿ, ਬਾਜ਼ਾਰ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਸਿਰਫ਼ ਉਤਪਾਦਨ ਵਧਾਉਣਾ ਹੀ ਕਾਫ਼ੀ ਨਹੀਂ ਹੈ, ਕਿਉਂਕਿ ਅਸਲ ਚੁਣੌਤੀ ਤੇਲ ਦੀ ਸਪਲਾਈ ਦੇ ਰਸਤਿਆਂ ਨੂੰ ਸੁਰੱਖਿਅਤ ਰੱਖਣਾ ਹੈ। ਜੇਕਰ ਖਾੜੀ ਦੇਸ਼ਾਂ ਤੋਂ ਤੇਲ ਦੀ ਨਿਕਾਸੀ ਦੇ ਰਸਤੇ ਬੰਦ ਰਹਿੰਦੇ ਹਨ ਤਾਂ ਵਾਧੂ ਉਤਪਾਦਨ ਦੇ ਬਾਵਜੂਦ ਕੀਮਤਾਂ ਨੂੰ ਕਾਬੂ ਕਰਨਾ ਮੁਸ਼ਕਲ ਹੋਵੇਗਾ, ਖ਼ਾਸ ਕਰਕੇ ਜਦੋਂ ਚੀਨ ਵਰਗੇ ਵੱਡੇ ਦੇਸ਼ਾਂ ਨੂੰ ਆਪਣੀ ਪੂਰਤੀ ਲਈ ਨਵੇਂ ਵਿਕਲਪ ਲੱਭਣੇ ਪੈਣਗੇ।

# ਐਸਬੀਆਈ ਜਨਰਲ ਇੰਸ਼ੋਰੈਂਸ ਨੇ ਪੰਕਜ ਤ੍ਰਿਪਾਠੀ ਨਾਲ ਨਵਾਂ ਬ੍ਰਾਂਡ ਮੁਹਿੰਮ ਸ਼ੁਰੂ ਕੀਤੀ

**ਅੰਮ੍ਰਿਤਸਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੀਆਂ ਪ੍ਰਮੁੱਖ ਜਨਰਲ ਬੀਮਾ ਕੰਪਨੀਆਂ ਵਿੱਚੋਂ ਇੱਕ, ਐਸਬੀਆਈ ਜਨਰਲ ਇੰਸ਼ੋਰੈਂਸ ਨੇ ਪ੍ਰਸਿੱਧ ਅਦਾਕਾਰ ਪੰਕਜ ਤ੍ਰਿਪਾਠੀ ਨੂੰ ਆਪਣਾ ਬ੍ਰਾਂਡ ਅੰਬੈਸਡਰ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ। ਕੰਪਨੀ ਨੇ ਆਪਣੀ ਨਵੀਂ ਬ੍ਰਾਂਡ ਮੁਹਿੰਮ, ਚੁਣੀਏ ਭਰੋਸਾ, ਅਪਨੋ ਸਾ ਵੀ ਸ਼ੁਰੂ ਕੀਤੀ। ਸਾਂਝੇਦਾਰੀ ’ਤੇ ਬੋਲਦੇ ਹੋਏ, ਐਸਬੀਆਈ ਜਨਰਲ ਇੰਸ਼ੋਰੈਂਸ ਦੇ ਐਮਡੀ ਅਤੇ ਸੀਈਓ ਸ਼੍ਰੀ ਨਵੀਨ ਚੰਦਰ ਝਾਅ ਨੇ ਕਿਹਾ, ਭਾਰਤ ਵਿੱਚ ਪਰਿਵਾਰ ਆਪਣੀ ਸਿਹਤ ਅਤੇ ਵਿੱਤੀ ਸੁਰੱਖਿਆ ਪ੍ਰਤੀ ਵਧੇਰੇ ਜਾਗਰੂਕ ਹੋ ਰਹੇ ਹਨ। ਵਧਦੀ ਡਾਕਟਰੀ ਲਾਗਤਾਂ ਅਤੇ ਸਿਹਤ ਜਾਗਰੂਕਤਾ ਦੇ ਵਿਚਕਾਰ, ਵਿਆਪਕ ਸਿਹਤ ਬੀਮਾ ਹੁਣ ਇੱਕ ਵਿਕਲਪ ਨਹੀਂ, ਸਗੋਂ ਇੱਕ ਜ਼ਰੂਰਤ ਹੈ। ਚੁਣੀਏ ਭਰੋਸਾ, ਅਪਨੋ ਸਾ ਮੁਹਿੰਮ ਅਤੇ ਪੰਕਜ ਤ੍ਰਿਪਾਠੀ ਨਾਲ ਸਾਡੀ ਸਾਂਝੇਦਾਰੀ ਰਾਹੀਂ, ਸਾਡਾ ਉਦੇਸ਼ ਸਰਗਰਮ ਸਿਹਤ ਸੁਰੱਖਿਆ ਦੀ ਜ਼ਰੂਰਤ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਪਰਿਵਾਰਾਂ ਦੀਆਂ ਬਦਲਦੀਆਂ ਜ਼ਰੂਰਤਾਂ ਦੇ ਅਨੁਸਾਰ ਬੀਮਾ ਨੂੰ ਸਰਲ, ਪਹੁੰਚਯੋਗ ਅਤੇ ਢੁਕਵਾਂ ਬਣਾਉਣ ਲਈ ਸਾਡੀ ਵਚਨਬੱਧਤਾ ਨੂੰ ਮਜ਼ਬੂਤ ਕਰਨਾ ਹੈ। ਇਹ ਸਾਂਝੇਦਾਰੀ ਇੱਕ ਸ਼ਖਸੀਅਤ (ਪੰਕਜ ਤ੍ਰਿਪਾਠੀ) ਨੂੰ ਆਪਣੀ ਭਰੋਸੇਯੋਗਤਾ ਅਤੇ ਸਾਦਗੀ ਲਈ ਜਾਣੀ ਜਾਂਦੀ ਹੈ, ਅਤੇ ਇੱਕ ਬ੍ਰਾਂਡ (ਐਸਬੀਆਈ ਜਨਰਲ) ਨੂੰ ਵਿਸ਼ਵਾਸ ਅਤੇ ਪਾਰਦਰਸ਼ਤਾ ’ਤੇ ਬਣਾਇਆ ਗਿਆ ਹੈ। ਪੰਕਜ ਤ੍ਰਿਪਾਠੀ ਦੀ ਸਹਿਜ ਅਤੇ ਸਾਦੀ ਤਸਵੀਰ ਕੁਦਰਤੀ ਤੌਰ ’ਤੇ ਬ੍ਰਾਂਡ ਦੇ ਮੁੱਖ ਵਾਅਦੇ - ਭਰੋਸਾ - ਨੂੰ ਦਰਸਾਉਂਦੀ ਹੈ ਅਤੇ ਨਿੱਜੀ ਅਤੇ ਭਰੋਸਾ ਦੇਣ ਵਾਲੀ ਮਹਿਸੂਸ ਕਰਦੀ ਹੈ। ਬ੍ਰਾਂਡ ਨੇ ਪਰਿਵਾਰਾਂ ਦੀ ਰੱਖਿਆ ਵਿੱਚ ਇੱਕ ਭਰੋਸੇਮੰਦ ਸਾਥੀ ਬਣਨ ਦੀ ਆਪਣੀ ਵਚਨਬੱਧਤਾ ਨੂੰ ਰੇਖਾਂਕਿਤ ਕਰਨ ਲਈ ਭਰੋਸਾ ਚੁਣੋ, ਆਪਣੇ ਆਪ ਬਣੋ ਮੁਹਿੰਮ ਦੇ ਤਹਿਤ ਇੱਕ ਨਵੀਂ ਸਿਹਤ ਬੀਮਾ ਫਿਲਮ ਵੀ ਜਾਰੀ ਕੀਤੀ ਹੈ। ਇਹ ਮੁਹਿੰਮ ਇਸ ਵਿਚਾਰ ’ਤੇ ਅਧਾਰਤ ਹੈ ਕਿ ਸੱਚਾ ਭਰੋਸਾ ਛੋਟੀਆਂ ਰੋਜ਼ਾਨਾ ਜ਼ਿੰਮੇਵਾਰੀਆਂ ਅਤੇ ਦੇਖਭਾਲ ਦੀ ਨਿਰੰਤਰ ਭਾਵਨਾ ਤੋਂ ਬਣਿਆ ਹੈ, ਜੋ ਸੁਰੱਖਿਆ ਅਤੇ ਅਟੱਲ ਸਮਰਥਨ ਨੂੰ ਦਰਸਾਉਂਦਾ ਹੈ। ਫਿਲਮ ਪੰਕਜ ਤ੍ਰਿਪਾਠੀ ਨੂੰ ਪਰਿਵਾਰ ਦੇ ਅੰਦਰ ਇੱਕ ਸ਼ਾਂਤ ਪਰ ਮਜ਼ਬੂਤ ਸਮਰਥਨ ਵਜੋਂ ਦਰਸਾਉਂਦੀ ਹੈ, ਅਜ਼ੀਜ਼ਾਂ ਦੀਆਂ ਜ਼ਰੂਰਤਾਂ ਨੂੰ ਸਮਝਦੀ ਹੈ ਅਤੇ ਆਪਣੇ ਛੋਟੇ ਕੰਮਾਂ ਦੁਆਰਾ ਦੇਖਭਾਲ ਦਾ ਪ੍ਰਦਰਸ਼ਨ ਕਰਦੀ ਹੈ। ਉਸਦੀ ਮੌਜੂਦਗੀ ਜ਼ਿੰਮੇਵਾਰੀ, ਸੰਵੇਦਨਸ਼ੀਲਤਾ ਅਤੇ ਵਚਨਬੱਧਤਾ ਨੂੰ ਦਰਸਾਉਂਦੀ ਹੈ ਜੋ ਭਾਰਤੀ ਪਰਿਵਾਰਾਂ ਨਾਲ ਡੂੰਘਾਈ ਨਾਲ ਗੂੰਜਦੀ ਹੈ। ਕਹਾਣੀ ਲੋੜ ਦੇ ਸਮੇਂ ਪਰਿਵਾਰਾਂ ਨਾਲ ਮਜ਼ਬੂਤੀ ਅਤੇ ਵਿਸ਼ਵਾਸ ਨਾਲ ਖੜ੍ਹੇ ਹੋਣ ਵਿੱਚ SBI ਜਨਰਲ ਇੰਸ਼ੋਰੈਂਸ ਦੀ ਭੂਮਿਕਾ ਨੂੰ ਵੀ ਉਜਾਗਰ ਕਰਦੀ ਹੈ। ਫਿਲਮ ਨੂੰ TBWA ਲਿੰਟਾਸ ਦੁਆਰਾ ਸੰਕਲਪਿਤ ਅਤੇ ਲਾਗੂ ਕੀਤਾ ਗਿਆ ਸੀ।

# ਮਿਸਲ ਸਤਲੁਜ ਵੱਲੋਂ ਝੂਠੇ ਮੁਕਾਬਲਿਆਂ ਵਿਰੁੱਧ ਜ਼ੀਰੋ ਟੋਲਰੈਂਸ , ਇਨਸਾਫ਼ ਲਈ ਸੰਘਰਸ਼ ਦਾ ਐਲਾਨ

**ਸ੍ਰੀ ਆਨੰਦਪੁਰ ਸਾਹਿਬ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਿਸਲ ਸਤਲੁਜ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਅੱਜ ਅਨੰਦਪੁਰ ਸਾਹਿਬ ਵਿਖੇ ਇਕ ਵਿਸ਼ਾਲ ਲੋਕ ਇਕੱਠ ਨੂੰ ਸੰਬੋਧਨ ਕਰਦਿਆਂ ਰਣਜੀਤ ਸਿੰਘ ਦੇ ਕਤਲ ਮਾਮਲੇ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟ ਕੀਤੀ ਅਤੇ ਦ੍ਰਿੜ ? ਸ਼ਬਦਾਂ ਵਿੱਚ ਕਿਹਾ ਕਿ ਇਹ ਕਤਲ ਅਜਾਈ ਨਹੀਂ ਜਾਣ ਦਿੱਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ



ਕਿ ਮਿਸਲ ਸਤਲੁਜ ਰਣਜੀਤ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਵਿਧਾਨਕ ਅਤੇ ਲੋਕਤਾਂਤਰਿਕ ਪੱਧਰ ‘ਤੇ ਸੰਘਰਸ਼ ਕਰੇਗੀ।

ਸਰਦਾਰ ਬਰਾੜ ਨੇ ਕਿਹਾ ਕਿ ਪੰਜਾਬ ਦੀ ਧਰਤੀ ‘ਤੇ ਝੂਠੇ ਮੁਕਾਬਲੇ ਕਿਸੇ ਵੀ ਕੀਮਤ ‘ਤੇ ਬਰਦਾਸ਼ਤ ਨਹੀਂ ਕੀਤੇ ਜਾਣਗੇ। ਉਨ੍ਹਾਂ ਦ੍ਰਿੜਤਾ ਨਾਲ ਕਿਹਾ ਸਾਡੀ ਨੀਤੀ ਝੂਠੇ ਮੁਕਾਬਲਿਆਂ ਵਿਰੁੱਧ ਜ਼ੀਰੋ ਟੋਲਰੈਂਸ ਦੀ ਹੈ ਅਤੇ ਅਸੀਂ ਇਸ ਵਰਤਾਰੇ ਨੂੰ ਕਦੇ ਵੀ ਸਵੀਕਾਰ ਨਹੀਂ ਕਰਾਂਗੇ,।

# ਪ੍ਰਧਾਨ ਮੰਤਰੀ ਮੋਦੀ ਦੀ ਨੇਤਨਯਾਹੂ ਨਾਲ ਗੱਲਬਾਤ: ਪੱਛਮੀ ਏਸ਼ੀਆ ਦੇ ਹਾਲਾਤ ’ਤੇ ਜ਼ਾਹਰ ਕੀਤੀ ਚਿੰਤਾ

**ਨਵੀਂ ਦਿੱਲੀ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਦੇ ਵਿਚਕਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਟੈਲੀਫ਼ੋਨ ’ਤੇ ਗੱਲਬਾਤ ਕੀਤੀ। ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਖੇਤਰ ਦੇ ਤਾਜ਼ਾ ਹਾਲਾਤ ’ਤੇ ਭਾਰਤ ਦੀਆਂ ਚਿੰਤਾਵਾਂ ਤੋਂ ਜਾਣੂ ਕਰਵਾਇਆ ਅਤੇ ਮਾਸੂਮ ਨਾਗਰਿਕਾਂ ਦੀ ਸੁਰੱਖਿਆ ਨੂੰ ਸਭ ਤੋਂ ਉੱਪਰ ਰੱਖਣ ਦੀ ਲੋੜ ’ਤੇ ਜ਼ੋਰ ਦਿੱਤਾ।

ਉਨ੍ਹਾਂ ਸੋਸ਼ਲ ਮੀਡੀਆ ਪਲੇਟਫਾਰਮ ਐਕਸ ’ਤੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਭਾਰਤ ਇਸ ਖੇਤਰ ਵਿੱਚ ਹਿੰਸਾ ਅਤੇ ਜੰਗੀ ਕਾਰਵਾਈਆਂ ਨੂੰ ਤੁਰੰਤ ਰੋਕਣ ਦੇ ਪੱਖ ਵਿੱਚ ਹੈ।

ਇਹ ਗੱਲਬਾਤ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਇਰਾਨ ’ਤੇ ਕੀਤੇ ਗਏ ਹਮਲਿਆਂ ਅਤੇ ਇਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖ਼ਮੇਨੀ ਦੀ ਮੌਤ ਤੋਂ ਬਾਅਦ ਪੈਦਾ ਹੋਏ ਨਾਜ਼ੁਕ ਹਾਲਾਤ ਦੇ ਸੰਦਰਭ ਵਿੱਚ ਹੋਈ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਐਤਵਾਰ ਰਾਤ ਪੀ.ਐਮ. ਮੋਦੀ ਨੇ ਯੂ.ਏ.ਈ. (UAE) ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨਾਲ ਵੀ ਗੱਲ ਕੀਤੀ ਸੀ ਅਤੇ ਖਾੜੀ ਦੇਸ਼ਾਂ ’ਤੇ ਹੋ ਰਹੇ ਹਮਲਿਆਂ ਦੀ ਸਖ਼ਤ ਨਿਖੇਧੀ ਕਰਦਿਆਂ ਭਾਰਤ ਵੱਲੋਂ ਪੂਰਨ ਸਮਰਥਨ ਦਾ ਭਰੋਸਾ ਦਿੱਤਾ ਸੀ।

# ਮਹਿਲਾਵਾਂ ਨੂੰ ਅਧਿਕਾਰ ਦਿਵਾਉਣ ਲਈ ਸੰਘਰਸ਼ ਕਰ ਰਹੀ ਸੰਸਥਾ ਮਹਿਲਾ ਨਿਆਂਏ ਸਮਿਤਿ ਕਰੇਗੀ ਸੈਮੀਨਾਰ: ਸਤਿੰਦਰ ਧਵਨ



**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾਵਾਂ ਨੂੰ ਅਧਿਕਾਰ ਦਿਵਾਉਣ ਤੇ ਇੰਸ਼ਾਫ਼ ਦਿਵਾਉਣ ਵਾਲੀ ਸੰਸਥਾ ਮਹਿਲਾ ਨਿਆਂਏ ਸਮਿਤੀ ਚੰਡੀਗੜ੍ਹ ਵੱਲੋਂ ਸੈਕਟਰ -9 ਚੰਡੀਗੜ੍ਹ ਵਿਖੇ ਮੀਟਿੰਗ ਸਮਿਤੀ ਦੀ ਚੇਅਰਪਰਸ਼ਨ ਬੀਬੀ ਸਤਿੰਦਰ ਧਵਨ ਦੀ ਅਗਵਾਈ ਵਿੱਚ ਕੀਤੀ ਗਈ। ਜਿਸ ਵਿੱਚ ਮੀਡੀਆ ਨਾਲ ਗਲਬਾਤ ਕਰਦੇ ਬੀਬੀ ਧਵਨ ਨੇ ਸਮਿਤੀ ਦੁਆਰਾ ਕੀਤੇ ਕੰਮਕਾਜ ਬਾਰੇ ਦਸਦਿਆਂ ਕਿਹਾ ਕਿ ਮਹਿਲਾ ਨਿਆਂਏ ਸਮਿਤਿ ਦੀ ਸੰਨ 1985 ਤੋਂ ਸ਼ੁਰੂਆਤ ਕੀਤੀ ਗਈ ਤੇ ਸਮਿਤਿ 1994 ਵਿੱਚ ਰਜਿ : ਕਰਾਈ ਗਈ ਸੀ। ਉਹਨਾਂ ਇਹ ਵੀ ਕਿਹਾ ਹਰ ਸ਼ਨਿਵਾਰ ਨੂੰ ਸਭਾ ਲਗਦੀ ਹੈ ਤੇ ਹਰ ਤਰ੍ਹਾਂ ਦੇ ਕੇਸ ਦੀ ਕੌਂਸਲਿੰਗ ਕਰਕੇ ਉਹਨਾਂ ਦਾ ਨਿਵਾਰਨ ਕੀਤਾ ਜਾਂਦਾ ਹੈ । ਉਹਨਾਂ ਕਿਹਾ ਸੁਰੂਆਤ ਵਿੱਚ ਤੋਂ ਪਤੀ - ਪਤਨੀਆਂ ਦੇ ਝਗੜੇ ਦੇ ਕੇਸ ਆਨੇ ਸ਼ੁਰੂ ਹੋ ਗਏ ਸਨ ਜਿਨਾਂ ਦੀ ਸਮਿਤਿ ਮੈਂਬਰਾਂ ਵਲੋਂ ਕੌਂਸਲਿੰਗ ਕਰਕੇ ਜ਼ਿਆਦਾਤਰ ਟੁਟਦੇ ਪਰਿਵਾਰਾਂ ਦੇ ਰਿਸ਼ਤਿਆਂ ਨੂੰ ਬਚਾ ਲਿਆ ਜਾਦਾਂ ਸੀ ਜਾਂ ਪਰਿਵਾਰ ਦੀ ਰਜਾਮੰਦੀ ਨਾਲ ਸਹਿਮਤੀ ਤਲਾਕ ਕਰਵਾ ਦਿਤਾ ਜਾਂਦਾ ਹੈ । ਸਮੇਂ ਸਮੇਂ ਤੇ ਮਹਿਲਾਵਾਂ ਦੇ ਅਧਿਕਾਰਾਂ ਨੂੰ ਲੈਕੇ ਉਹਨਾਂ ਨੂੰ ਇੰਸਾਫ ਦਿਵਾਉਣ ਲਈ ਸੈਮੀਨਾਰ ਵੀ ਕਰਵਾਏ ਜਾਂਦੇ ਹਨ । 8 ਮਾਰਚ ਨੂੰ ਇੰਟਰਨੈਸ਼ਨਲ ਮਹਿਲਾ ਦਿਵਸ ਮਨਾਇਆ ਜਾਵੇਗਾ ਤੇ ਜਲਦੀ ਹੀ ਸੈਮੀਨਾਰ ਵੀ ਕਰਵਾਇਆ ਜਾਵੇਗਾ । ਉਹਨਾਂ ਇਹ ਵੀ ਕਿਹਾ ਹੁਣ ਤੱਕ ਸਮਿਤੀ ਵਲੋਂ 2000 ਤੋਂ ਵੱਧ ਕੇਸ ਨਿਪਟਾਏ ਜਾ ਚੁਕੇ ਹਨ ਜਿਸ ਵਿੱਚ ਸਾਡੀ ਟੀਮ ਦੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਬਹੁਤ ਵਡਾ ਸਹਿਯੋਗ ਰਿਹਾ ਹੈ । ਇਸ ਤੋਂ ਇਲਾਵਾ ਸਮਿਤਿ ਵਲੋਂ ਲੋੜਵੰਦ ਲੜਕੀਆਂ ਦੇ ਵਿਆਹ ਵਿੱਚ ਮਦਦ ਵੀ ਕੀਤੀ ਜਾਂਦੀ ਹੈ ਅਤੇ ਹਰ ਸਾਲ ਜ਼ਰੂਰਤ ਮੰਦਾ ਦੀ ਸੈਕਟਰ - 16 ਹਸਪਤਾਲ ਤੇ ਪੀ ਜੀ ਆਈ ਹਸਪਤਾਲ ਵੀ ਲੰਗਰ ਲਗਾਏ ਜਾਂਦੇ ਹਨ। ਇਸ ਮੌਕੇ ਮੀਟਿੰਗ ਵਿੱਚ ਸਮਿਤਿ ਪ੍ਰਧਾਨ ਸੁਨੀਤਾ ਭੱਟ, ਮੁੱਖ ਸਕੱਤਰ ਸ਼ਕੁੰਤਲਾ ਰਾਣੀ, ਅਨੀਤਾ ਧਵਨ, ਬਲਜਿੰਦਰ ਕੌਰ, ਸੁਰਜੀਤ ਬਰਾੜ, ਸੁਪਰਨਾ ਸ਼ਰਮਾ, ਸੰਤੋਸ ਸ਼ਰਮਾ, ਸੁਨੀਤਾ ਅਤੇ ਜਸਬੀਰ ਸਿੰਘ ਅਤੇ ਹੋਰ ਮੈਂਬਰ ਵੀ ਹਾਜ਼ਰ ਸਨ ।

# ‘ਹੁਣ ਰਾਜਨੀਤੀ ਪਹਿਲਾਂ ਵਰਗੀ ਨਹੀਂ ਰਹੀ’; ਨਵਜੋਤ ਕੌਰ ਸਿੱਧੂ ਨੇ ਸਿਆਸਤ ਨੂੰ ਅਲਵਿਦਾ ਕਹਿਣ ਦੇ ਦਿੱਤੇ ਸੰਕੇਤ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਪਤਨੀ ਅਤੇ ਸਾਬਕਾ ਵਿਧਾਇਕਾ ਡਾ. ਨਵਜੋਤ ਕੌਰ ਸਿੱਧੂ ਨੇ ਰਾਜਨੀਤੀ ਨੂੰ ਲੈ ਕੇ ਇੱਕ ਬਹੁਤ ਹੀ ਹੈਰਾਨੀਜਨਕ ਅਤੇ ਭਾਵੁਕ ਬਿਆਨ ਦਿੱਤਾ ਹੈ। ਫਤਿਹਗੜ੍ਹ ਸਾਹਿਬ ਦੇ ਖਮਾਣੋ ਸਥਿਤ ਸੰਤ ਰਾਮਪਾਲ ਜੀ ਦੇ ਆਸ਼ਰਮ ਵਿੱਚ ਇੱਕ ਸਮਾਗਮ ਦੌਰਾਨ ਪਹੁੰਚੀ ਡਾ. ਸਿੱਧੂ ਨੇ ਕਿਹਾ ਕਿ ਉਹ ਹੁਣ ਰਾਜਨੀਤੀ ਛੱਡ ਕੇ ਪੂਰੀ ਤਰ੍ਹਾਂ ਸੰਤਾਂ ਦੀ ਸੇਵਾ ਅਤੇ ਪ੍ਰਭੂ ਭਗਤੀ ਵਿੱਚ ਜੁੜਨ ਬਾਰੇ ਸੋਚ ਰਹੇ ਹਨ। ਡਾ. ਸਿੱਧੂ ਨੇ ਕਿਹਾ ਕਿ ਅੱਜ-ਕੱਲ੍ਹ ਦੀ ਰਾਜਨੀਤੀ ਪਹਿਲਾਂ ਵਰਗੀ ਨਹੀਂ ਰਹੀ। ਉਨ੍ਹਾਂ ਮੁਤਾਬਕ ਰਾਜਨੀਤਿਕ ਲੋਕ ਆਪਣੀ ਅਸਲੀ



ਪਛਾਣ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਭੁੱਲ ਚੁੱਕੇ ਹਨ। ਕੈਂਸਰ ਵਰਗੀ ਨਾਮੁਰਾਦ ਬਿਮਾਰੀ ’ਤੇ ਜਿੱਤ ਪ੍ਰਾਪਤ ਕਰਨ ਤੋਂ ਬਾਅਦ ਉਨ੍ਹਾਂ ਨੂੰ ਅਹਿਸਾਸ ਹੋਇਆ ਹੈ ਕਿ ਅਸਲੀ ਸੁਖ ਭਗਤੀ ਵਿੱਚ ਹੈ। ਉਨ੍ਹਾਂ ਕਿਹਾ, ਮੈਂ ਇਸ ਕਲਯੁਗ ਵਿੱਚ ਹੀ ਸਤਯੁਗ ਨੂੰ ਦੇਖ ਲਿਆ ਹੈ, ਇਸ ਤੋਂ ਵੱਧ ਮੈਂ ਕੁਝ ਨਹੀਂ ਕਹਿ ਸਕਦੀ। ਆਸ਼ਰਮ ਵਿੱਚ 7 ਲੜਕੀਆਂ ਦੇ ਬਿਨਾਂ ਦਾਜ-ਦਹੇਜ ਤੋਂ ਹੋਏ ਸਾਦੇ ਵਿਆਹਾਂ ਦੀ ਮੁਬਾਰਕਬਾਦ ਦਿੰਦਿਆਂ ਡਾ. ਸਿੱਧੂ ਨੇ ਦੱਸਿਆ ਕਿ ਉਨ੍ਹਾਂ ਦਾ ਆਪਣਾ ਵਿਆਹ ਅਤੇ ਉਨ੍ਹਾਂ ਦੇ ਬੱਚਿਆਂ ਦੇ ਵਿਆਹ ਵੀ ਬਿਨਾਂ ਕਿਸੇ ਦਾਜ-ਦਹੇਜ ਦੇ ਬਹੁਤ ਸਾਦੇ ਢੰਗ ਨਾਲ ਹੋਏ ਹਨ। ਉਹ ਖੁਦ ਹੁਣ ਤੱਕ ਲਗਭਗ 100 ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹ ਕਰਵਾ ਚੁੱਕੇ ਹਨ ਅਤੇ ਇਸ ਨੂੰ ਸਭ ਤੋਂ ਵੱਡੀ ਸੇਵਾ ਮੰਨਦੇ ਹਨ।

**ਸਰੀਰ ਦਾਨ ਦਾ ਵੱਡਾ ਫੈਸਲਾ**

ਇਸ ਮੌਕੇ ਉਨ੍ਹਾਂ ਇੱਕ ਹੋਰ ਅਹਿਮ ਖੁਲਾਸਾ ਕਰਦਿਆਂ ਦੱਸਿਆ ਕਿ ਉਨ੍ਹਾਂ ਅਤੇ ਉਨ੍ਹਾਂ ਦੇ ਪਤੀ ਨਵਜੋਤ ਸਿੰਘ ਸਿੱਧੂ ਨੇ ਆਪਣਾ ਪੂਰਾ ਸਰੀਰ (ਅੰਗ) ਦਾਨ ਕੀਤਾ ਹੋਇਆ ਹੈ।

# ਪੰਜਾਬ ਸਰਕਾਰ ਨੇ ਹੋਲੇ ਮਹੱਲੇ ਲਈ ਭਾਰਤ ਦੀ ਪਹਿਲੀ ਹਰ ਮੌਸਮ ਲਈ ਅਨੁਕੂਲ ਸਥਾਈ ਟੈਂਟ ਸਿਟੀ ਕੀਤੀ ਸਥਾਪਤ

## ਸ੍ਰੀ ਅਨੰਦਪੁਰ ਸਾਹਿਬ ਵਿਖੇ ਹਰ ਮੌਸਮ ਲਈ ਅਨੁਕੂਲ ਸਥਾਈ ਏਸੀ ਟੈਂਟ ਸਿਟੀ ਸੰਗਤ ਨੂੰ ਸਮਰਪਿਤ ਕੀਤੀ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਨੇ ਅੱਜ ਸ੍ਰੀ ਆਨੰਦਪੁਰ ਸਾਹਿਬ ਵਿਖੇ ਚੱਲ ਰਹੇ ਹੋਲਾ ਮਹੱਲਾ ਸਬੰਧੀ ਸਮਾਗਮਾਂ ਮੌਕੇ ਜੁੜਨ ਵਾਲੀ ਵੱਡੀ ਗਿਣਤੀ ਸੰਗਤ ਲਈ ਬਣਾਈ ਗਈ ਸਥਾਈ ਟੈਂਟ ਸਿਟੀ ਸਮੇਤ ਨਿਰਵਿਘਨ ਧਾਰਮਿਕ ਦਰਸ਼ਨਾਂ ਨੂੰ ਯਕੀਨੀ ਬਣਾਉਣ ਲਈ ਬੁਨਿਆਦੀ ਢਾਂਚੇ ਦੇ ਵਿਸਥਾਰ ਅਤੇ ਵਾਤਾਵਰਣਪੱਖੀ ਕਾਰਜਾਂ ਨੂੰ ਉਤਸ਼ਾਹਿਤ ਕਰਨ ਕੀਤੇ ਵਿਆਪਕ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

ਅੱਜ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਭਾਰਤ ਦੀ ਪਹਿਲੀ ਸਥਾਈ (ਪਰਮਾਨੈਂਟ) ਏਅਰ-ਕੰਡੀਸ਼ਨਡ ਟੈਂਟ ਸਿਟੀ ਅਤੇ ਗ੍ਰੀਨ ਹੋਲਾ ਮਹੱਲਾ ਸਮੇਤ ਕਈ ਅਹਿਮ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ, ਪਿਛਲੇ ਸਾਲ ਇੱਕ ਅਸਥਾਈ ਢਾਂਚੇ ਦੀ ਸਫਲਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੀਖਣ ਤੋਂ ਬਾਅਦ ਇੱਕ ਸਥਾਈ ਟੈਂਟ ਸਿਟੀ ਬਣਾਉਣ ਬਾਰੇ ਵਿਚਾਰ ਰੱਖਿਆ ਗਿਆ ਸੀ ਅਤੇ ਹੁਣ ਪਵਿੱਤਰ ਨਗਰੀ ਵਿਖੇ ਸਥਾਈ ਟੈਂਟ ਸਿਟੀ ਸਥਾਪਤ ਕੀਤੀ ਗਈ ਹੈ।

ਸਿੱਖਿਆ ਮੰਤਰੀ ਨੇ ਕਿਹਾ, ਇਹ ਪੰਜਾਬ ਦੇ ਧਾਰਮਿਕ ਸੈਰ-ਸਪਾਟੇ ਲਈ ਇੱਕ ਇਤਿਹਾਸਕ ਪਲ ਹੈ। ਅਸੀਂ ਅੱਜ ਇੱਕ ਸਥਾਈ, ਪੂਰੀ ਤਰ੍ਹਾਂ ਏਅਰ-ਕੰਡੀਸ਼ਨਡ ਟੈਂਟ ਸਿਟੀ ਸੰਗਤ ਨੂੰ ਸਮਰਪਿਤ ਕਰ ਰਹੇ ਹਾਂ। ਇਹ ਸਹੂਲਤ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਹੂਲਤ ਹੈ ਜੋ ਸਾਲ ਭਰ ਸੰਗਤ ਨੂੰ ਸੁਖਦ ਰਿਹਾਇਸ਼ ਦੇਵੇਗੀ। ਇਸ ਨਾਲ ਨਾ ਸਿਰਫ਼ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੰਗਤ ਨੂੰ ਸਹੂਲਤ ਹੋਵੇਗੀ ਬਲਕਿ ਸ੍ਰੀ ਅਨੰਦਪੁਰ ਸਾਹਿਬ ਦੀ ਸੈਰ-ਸਪਾਟਾ ਸੰਭਾਵਨਾ ਨੂੰ ਵੀ ਵੱਡਾ ਹੁਲਾਰਾ ਮਿਲੇਗਾ, ਜਿਸ ਨਾਲ ਇੱਥੇ ਆਉਣ ਵਾਲੀ ਸੰਗਤ ਨੂੰ ਬਿਹਤਰ ਅਨੁਭਵ ਮਿਲੇਗਾ।

ਵਾਤਾਵਰਣ ਸੰਭਾਲ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦਹੁਰਾਉਂਦਿਆਂ, ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਸਾਲ ਗਰੀਨ ਹੋਲਾ ਮਹੱਲਾ ਮਨਾਇਆ ਜਾਵੇਗਾ। ਸਿੱਖਿਆ ਮੰਤਰੀ ਨੇ ਅੱਗੇ ਦੱਸਿਆ ਕਿ ਸਿੰਗਲ-ਯੂਜ਼ ਪਲਾਸਟਿਕ ’ਤੇ ਵਿਆਪਕ ਪਾਬੰਦੀ ਲਾਗੂ ਕੀਤੀ ਗਈ ਹੈ, ਪਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਾਰੇ ਲੰਗਰ ਸਥਾਨਾਂ ’ਤੇ ਬਾਇਓਡੀਗ੍ਰੇਡੇਬਲ ਬਦਲ ਪ੍ਰਦਾਨ ਕਰਨ ਦਾ ਸਾਰਾ ਖਰਚ ਕੀਤਾ ਜਾਵੇਗਾ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਲੱਖਾਂ ਦੀ ਗਿਣਤੀ ਵਿੱਚ ਸੰਗਤ ਦੀ ਸੇਵਾ ਲਈ ਵੱਡੇ ਪੱਧਰ ‘ਤੇ ਲੰਗਰ ਲਗਾਏ ਜਾ ਰਹੇ ਹਨ, ਇਸ ਲਈ ਅਸੀਂ ਵਾਤਾਵਰਣ ਸਬੰਧੀ ਚਿੰਤਾਵਾਂ ਨੂੰ ਤਰਜੀਹ ਦਿੱਤੀ ਹੈ। ਵਰਤੀ ਜਾਣ ਵਾਲੀ ਹਰ ਪਲੇਟ, ਕੱਪ ਅਤੇ ਭਾਂਡੇ ਬਾਇਓਡੀਗ੍ਰੇਡੇਬਲ, ਗੈਰ-ਪਲਾਸਟਿਕ ਸਮੱਗਰੀ ਤੋਂ ਬਣੇ ਹੋਣਗੇ।



ਦੁਨੀਆਂ ਭਰ ਦੀ ਸਿੱਖ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂਘਰ ਦਰਸ਼ਨਾਂ ਲਈ ਆਉਣ ਦਾ ਸੱਦਾ ਦਿੰਦਿਆਂ, ਸ. ਬੈਂਸ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਅਤੇ ਫਤਿਹਗੜ੍ਹ ਸਾਹਿਬ ਵਿਖੇ ਸ਼ਹੀਦੀ ਸਭਾ ਨੂੰ ਪੂਰੀ ਸ਼ਰਧਾ ਨਾਲ ਮਨਾਉਣ ਤੋਂ ਬਾਅਦ, ਸੂਬਾ ਸਰਕਾਰ ਵੱਲੋਂ ਹੁਣ ਨਵੇਂ ਜੋਸ਼ ਨਾਲ ਹੋਲਾ ਮਹੱਲਾ ਮਨਾਇਆ ਜਾ ਰਿਹਾ ਹੈ। ਉਨ੍ਹਾਂ ਸਾਰੀ ਸੰਗਤ ਨੂੰ ਆਪਣੇ ਪਰਿਵਾਰਾਂ ਸਮੇਤ ਹੋਲੇ ਮਹੱਲੇ ਵਿੱਚ ਸ਼ਾਮਲ ਹੋਣ ਅਤੇ ਇਸ ਇਤਿਹਾਸਕ ਜਸ਼ਨ ਦੀ ਅਧਿਆਤਮਿਕ ਸ਼ਾਨ ਦਾ ਆਨੰਦ ਮਾਨਣ ਦਾ ਸੱਦਾ ਦਿੱਤਾ।

ਉਨ੍ਹਾਂ ਦੱਸਿਆ ਕਿ ਪਵਿੱਤਰ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਲਾਈਟਾਂ ਨਾਲ ਵੱਡੇ ਪੱਧਰ ‘ਤੇ ਸਜਾਇਆ ਗਿਆ ਹੈ ਜੋ ਰਾਤ ਸਮੇਂ ਇਕ ਰੂਹਾਨੀ ਅਨੁਭਵ ਪ੍ਰਦਾਨ ਕਰਦਾ ਹੈ। ਪੰਜ ਪਿਆਰਿਆਂ ਦੇ ਪਾਰਕ ਨੂੰ ਹੁਣ ਪੂਰੀ ਤਰ੍ਹਾਂ ਨਵਾਂ ਰੂਪ ਦਿੱਤਾ ਗਿਆ ਹੈ ਜੋ ਵਿਰਾਸਤੀ ਸ਼ਾਨ ਬਹਾਲੀ ਵੱਲ ਸਰਕਾਰ ਦੀ ਤਰਜੀਹ ਨੂੰ ਦਰਸਾਉਂਦਾ ਹੈ। ਭਾਈ ਜੈਤਾ ਜੀ ਅਜਾਇਬ ਘਰ ਅਤੇ ਹੋਰ ਸਥਾਨ ਆਪਣੇ ਅਮੀਰ ਇਤਿਹਾਸਕ ਪ੍ਰਦਰਸ਼ਨੀਆਂ ਨਾਲ ਸੰਗਤਾਂ ਨੂੰ ਆਕਰਸ਼ਿਤ ਕਰਦੇ ਰਹਿੰਦੇ ਹਨ।

ਪੰਜਾਬ ਦੇ ਹਰ ਕੋਨੇ ਕੋਨੇ ਤੋਂ ਟਰੈਕਟਰਾਂ ਅਤੇ ਟਰਾਲੀਆਂ ’ਤੇ ਆਉਣ ਵਾਲੀ ਸੰਗਤ ਦੇ ਪ੍ਰਬੰਧਨ ਲਈ, ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਨੇ 28 ਸਮਰਪਿਤ ਪਾਰਕਿੰਗ ਜ਼ੋਨ ਅਤੇ ਦੋ ਵਿਸ਼ੇਸ਼ ’ਟਰਾਲੀ ਸਿਟੀ’ ਅਤੇ ਟਰਾਲੀ ਸਟ੍ਰੀਟ ਸਥਾਪਤ ਕੀਤੀਆਂ ਹਨ। ਬਾਥਰੂਮ, ਸੀਸੀਟੀਵੀ ਨਿਗਰਾਨੀ ਅਤੇ ਜਾਣਕਾਰੀ ਦੇਣ ਵਾਲੀਆਂ ਐਲਈਡੀ ਸਕ੍ਰੀਨਾਂ ਨਾਲ ਲੈਸ ਇਹ ਸਹੂਲਤਾਂ ਵੱਖ-ਵੱਖ ਖੇਤਰਾਂ ਵਿੱਚ ਸੇਵਾ ਲਈ ਰਣਨੀਤਕ ਤੌਰ ’ਤੇ ਸਥਿਤ ਹਨ। ਮਾਝਾ ਅਤੇ ਦੋਆਬਾ ਵਾਲੀ ਸੰਗਤ ਨੂੰ ਚਰਨ ਗੰਗਾ ਦੇ ਨੇੜੇ ਟਰਾਲੀ ਸਿਟੀ ਵੱਲ ਭੇਜਿਆ ਜਾਵੇਗਾ, ਜਦੋਂ ਕਿ ਮਾਲਵਾ ਅਤੇ ਚੰਡੀਗੜ੍ਹ ਵਾਲੇ ਪਾਸੇ ਤੋਂ ਆਉਣ ਵਾਲੀ ਸੰਗਤ ਨੂੰ ਪਿੰਡ ਝਿੰਜੜੀ ਵਿੱਚ ਸਥਿਤ ਸਹੂਲਤ ’ਤੇ ਠਹਿਰਾਇਆ ਜਾਵੇਗਾ।

ਹਰਜੋਤ ਸਿੰਘ ਬੈਂਸ ਨੇ ਅੱਗੇ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ ’ਤੇ ਸੰਗਤਾਂ ਨੂੰ ਲਿਜਾਣ ਲਈ 100 ਈ-ਰਿਕਸ਼ਾ ਸ਼ਟਲ ਸੇਵਾਵਾਂ ਚਲਾਈਆਂ ਜਾਣਗੀਆਂ ਤਾਂ ਜੋ ਹੋਲਾ ਮਹੱਲਾ ਦੌਰਾਨ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਵਿਰਾਸਤ-ਏ-ਖਾਲਸਾ ਵਿਖੇ ਸ਼ਾਮ ਵੇਲੇ ਅਸਮਾਨ ਵਿੱਚ ਆਤਿਸ਼ਬਾਜ਼ੀ ਦੀ ਸ਼ਾਨਦਾਰ ਪੇਸ਼ਕਾਰੀ ਦਿਖਾਈ ਜਾਵੇਗੀ, ਜਿਸ ਨਾਲ ਹੋਲਾ ਮਹੱਲਾ ਦੇ ਜਸ਼ਨਾਂ ਦਾ ਰੰਗ ਹੋਰ ਵੀ ਗੂੜ੍ਹਾ ਹੋ ਜਾਵੇਗਾ। ਸਿਹਤ ਅਤੇ ਸੁਰੱਖਿਆ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਚਰਨ ਗੰਗਾ ਸਟੇਡੀਅਮ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੂਰੀ ਤਰ੍ਹਾਂ ਲੈਸ ਐਂਬੂਲੈਂਸਾਂ ਤਾਇਨਾਤ ਕੀਤੀਆਂ ਗਈਆਂ ਹਨ, ਜਦੋਂ ਕਿ ਹਰ ਪਾਰਕਿੰਗ ਅਤੇ ਮੁੱਖ ਸੰਗਤ ਸਥਾਨ ’ਤੇ ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ।

# ਦੋ ਦਿਨਾਂ ਦੀ ਏਡਸਕੌਨ 14 ਦਾ ਸਮਾਪਨ, ਏਡਜ਼-ਮੁਕਤ ਵਿਸ਼ਵ ਦੀ ਪ੍ਰਤੀਬੱਧਤਾ ਦੁਹਰਾਈ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਦੋ ਦਿਨਾਂ ਦੀ ਨੈਸ਼ਨਲ ਕਾਨਫਰੰਸ ਏਡਸਕੌਨ 14 - ਏਡਸ-ਮੁਕਤ ਵਿਸ਼ਵ ਵੱਲ ਦਾ ਆਯੋਜਨ ਚੰਡੀਗੜ੍ਹ ਸਟੇਟ ਏਡਸ ਕੰਟਰੋਲ ਸੋਸਾਇਟੀ ਦੁਆਰਾ 26-27 ਫਰਵਰੀ 2026 ਨੂੰ ਕੀਤਾ ਗਿਆ, ਜਿਸ ਦਾ ਸਮਾਪਨ ਚੰਡੀਗੜ੍ਹ ਵਿੱਚ ਵਿਗਿਆਨਿਕ ਵਿਚਾਰ-ਵਟਾਂਦਰੇ ਅਤੇ ਸਮੁਦਾਇਕ ਸ਼ਮੂਲੀਅਤ ’ਤੇ ਵਿਸ਼ੇਸ਼ ਬਲ ਦੇ ਨਾਲ ਹੋਇਆ।

ਕਾਨਫਰੰਸ ਵਿੱਚ ਐੱਚਆਈਵੀ ਰੋਕਥਾਮ ਰਣਨੀਤੀਆਂ, ਡਿਜੀਟਲ ਟੈਸਟਿੰਗ ਇਨੋਵੇਸ਼ਨਾਂ, ਵਿਭਿੰਨ ਸੰਵੇਦਨਸ਼ੀਲ ਸਮੂਹਾਂ ਦੀਆਂ ਚੁਣੌਤੀਆਂ, ਐੱਚਪੀਵੀ ਟੀਕਾਕਰਣ ਸਬੰਧੀ ਮੁੱਦਿਆਂ ਅਤੇ ਮਾਤਾ ਤੋਂ ਬੱਚੇ ਵਿੱਚ ਸੰਕ੍ਰਮਣ ਦੀ ਰੋਕਥਾਮ ਜਿਹੇ ਵਿਸ਼ਿਆਂ ’ਤੇ ਤਕਨੀਕੀ ਸੈਸ਼ਨ ਆਯੋਜਿਤ ਕੀਤੇ ਗਏ। ਪੋਸਟ ਗ੍ਰੈਜੂਏਟ ਇੰਸਟੀਟਿਊਟ ਆਵ ? ਮੈਡੀਕਲ ਐਜੂਕੇਸ਼ਨ ਐਂਡ ਰਿਸਰਚ ਅਤੇ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ ਸਹਿਤ ਪ੍ਰਮੁੱਖ ਸੰਸਥਾਵਾਂ ਦੇ ਮਾਹਰਾਂ ਨੇ ਪ੍ਰਮਾਣ-ਅਧਾਰਿਤ ਸੁਝਾਅ ਅਤੇ ਬਿਹਤਰੀਨ ਪਿਰਤਾਂ ਸਾਂਝੀਆਂ ਕੀਤੀਆਂ।

ਐੱਚਆਈਵੀ ਨਾਲ ਜੀਵਨ ਜੀਣ ਵਾਲੇ ਵਿਅਕਤੀਆਂ ਅਤੇ ਨਸ਼ਸ਼ਾ ਮੁਕਤੀ ਨਾਲ ਜੁੜੇ ਲੋਕਾਂ ਨੇ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਮਾਣ, ਭੇਦਭਾਵ-ਰਹਿਤ ਵਿਵਹਾਰ ਅਤੇ ਸਮਾਵੇਸ਼ੀ ਸਿਹਤ ਸੰਭਾਲ਼ ਸੇਵਾਵਾਂ ਦੀ ਜ਼ਰੂਰਤ ’ਤੇ ਬਲ ਦਿੱਤਾ। ਕਾਨਫਰੰਸ ਦਾ ਸਮਾਪਨ ਐੱਚਆਈਵੀ ਖ਼ਾਤਮੇ ਦੇ ਰਾਸ਼ਟਰੀ ਲਕਸ਼ਾਂ ਦੀ ਪ੍ਰਾਪਤੀ ਹਿਤ ਦਖਲਅੰਦਾਜ਼ੀਆਂ ਨੂੰ ਮਜ਼ਬੂਤ ਕਰਨ, ਮਹੱਤਵਪੂਰਨ ਅੰਤਰਾਲਾਂ ਨੂੰ ਪੂਰਨ ਅਤੇ ਪ੍ਰਯਾਸਾਂ ਨੂੰ ਤੇਜ਼ ਕਰਨ ਦੀ ਸਮੂਹਿਕ ਪ੍ਰਤੀਬੱਧਤਾ ਦੇ ਨਾਲ ਹੋਇਆ।

# ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ 13 ਪਿੰਡਾਂ ਦੇ 193 ਪਰਿਵਾਰਾਂ ਨੂੰ 1.07 ਕਰੋੜ ਰੁਪਏ ਦੇ ਮੁਆਵਜ਼ੇ ਦੇ ਮਨਜ਼ੂਰੀ ਪੱਤਰਾਂ ਦੀ ਵੰਡ

**ਧੂਰੀ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਧੂਰੀ ਹਲਕੇ ਦੇ 13 ਪਿੰਡਾਂ ਦੇ 193 ਪ੍ਰਭਾਵਿਤ ਪਰਿਵਾਰਾਂ ਨੂੰ ਬਰਸਾਤਾਂ ਦੌਰਾਨ ਨੁਕਸਾਨੇ ਮਕਾਨਾਂ ਦੇ ਮੁਆਵਜ਼ੇ ਵਜੋਂ ਕੁੱਲ 1 ਕਰੋੜ 7 ਲੱਖ ਰੁਪਏ ਦੇ ਮਨਜ਼ੂਰੀ ਪੱਤਰ ਸੌਂਪੇ। ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੁਸ਼ਕਲ ਸਮੇਂ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਮਜ਼ਬੂਤੀ ਨਾਲ ਖੜੀ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਪਰਿਵਾਰਾਂ ਦੇ ਮਕਾਨ ਪੂਰੀ ਤਰ੍ਹਾਂ ਨੁਕਸਾਨੇ ਗਏ ਹਨ, ਉਨ੍ਹਾਂ ਨੂੰ ਪ੍ਰਤੀ ਪਰਿਵਾਰ 1 ਲੱਖ 20 ਹਜ਼ਾਰ ਰੁਪਏ ਦੀ ਰਾਹਤ ਰਕਮ ਪ੍ਰਦਾਨ ਕੀਤੀ ਗਈ ਹੈ, ਜਦਕਿ ਅੰਸ਼ਿਕ ਤੌਰ ’ਤੇ ਨੁਕਸਾਨ ਝੱਲਣ ਵਾਲੇ ਪਰਿਵਾਰਾਂ ਨੂੰ 40 ਹਜ਼ਾਰ ਰੁਪਏ ਦੀ ਸਹਾਇਤਾ ਜਾਰੀ ਕੀਤੀ ਗਈ ਹੈ। ਇਹ ਰਕਮ ਸਰਕਾਰ ਵੱਲੋਂ ਨਿਰਧਾਰਤ ਮਾਪਦੰਡਾਂ ਅਤੇ ਪਾਰਦਰਸ਼ੀ ਪ੍ਰਕਿਰਿਆ ਅਨੁਸਾਰ ਮਨਜ਼ੂਰ ਕੀਤੀ ਗਈ ਹੈ। ਉਨ੍ਹਾਂ ਹੋਰ ਕਿਹਾ ਕਿ ਧੂਰੀ ਹਲਕੇ ਦੇ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ ’ਤੇ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ ਅਤੇ ਕੋਈ ਵੀ ਯੋਗ ਪਰਿਵਾਰ ਸਹਾਇਤਾ ਤੋਂ ਵਾਂਝਾ ਨਹੀਂ ਰਹੇਗਾ। ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜੇਕਰ ਕਿਸੇ ਪ੍ਰਭਾਵਿਤ ਪਰਿਵਾਰ ਦਾ ਮਾਮਲਾ ਅਜੇ ਬਕਾਇਆ ਹੈ ਤਾਂ ਉਸ ਦੀ ਤੁਰੰਤ ਜਾਂਚ ਕਰਕੇ ਯੋਗ ਰਾਹਤ ਮੁਹੱਈਆ ਕਰਵਾਈ ਜਾਵੇ।

ਉਨ੍ਹਾਂ ਦੱਸਿਆ ਕਿ ਅੱਜ ਜਿਨ੍ਹਾਂ ਪਿੰਡਾਂ ਦੇ ਪਰਿਵਾਰਾਂ ਨੂੰ ਮਨਜ਼ੂਰੀ ਪੱਤਰ ਸੌਂਪੇ ਗਏ, ਉਨ੍ਹਾਂ ਵਿੱਚ ਪਿੰਡ ਅਲਾਲ ਦੇ 9 ਪਰਿਵਾਰ, ਬਾਲੀਆਂ ਦੇ 5, ਬਮਾਲ ਦੇ 38, ਬਰੜਵਾਲ ਦੇ 17, ਭਸੌੜ ਦੇ 6, ਚੀਮਾ ਦੇ 12, ਦੁਗਨੀ ਦੇ 28, ਹਸਨਪੁਰ ਦੇ 9, ਈਸੀ ਦੇ 13, ਜਾਤੀਮਾਜਰਾ ਦਾ 1, ਮੂਲੋਵਾਲ ਦੇ 18, ਪੇਧਨੀ ਕਲਾਂ ਦੇ 13 ਅਤੇ ਰੁਲਦੂ ਸਿੰਘ ਵਾਲਾ ਦੇ 24 ਪਰਿਵਾਰ ਸ਼ਾਮਲ ਹਨ।

ਇਸ ਤੋਂ ਇਲਾਵਾ ਪਿੰਡ ਦੌਲਤਪੁਰ ਦੇ ਗੁਰਦਿਆਂ ਦੀ ਗੰਭੀਰ ਬਿਮਾਰੀ ਨਾਲ ਪੀੜਤ ਇਕ ਵਿਅਕਤੀ ਨੂੰ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ 1 ਲੱਖ ਰੁਪਏ ਦੀ ਆਰਥਿਕ ਸਹਾਇਤਾ ਵੀ ਪ੍ਰਦਾਨ ਕੀਤੀ ਗਈ। ਇਸ ਮੌਕੇ ਮੁੱਖ ਮੰਤਰੀ ਦੇ ਸੰਯੁਕਤ ਪ੍ਰਮੁੱਖ ਸਕੱਤਰ ਸੰਦੀਪ ਸਿੰਘ ਗਾੜ੍ਹਾ, ਐਸ.ਡੀ.ਐਮ. ਧੂਰੀ ਡਾ. ਇਸਮਤ ਵਿਜੈ ਸਿੰਘ, ਰਿਸ਼ਭ ਬਾਂਸਲ, ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ, ਪੁਸ਼ਪਿੰਦਰ ਸ਼ਰਮਾ, ਰਮਨਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲਾਭਪਾਤਰੀ ਮੌਜੂਦ ਸਨ। ਸਮਾਗਮ ਦੇ ਅੰਤ ਵਿੱਚ ਓ.ਐਸ.ਡੀ. ਸੁਖਵੀਰ ਸਿੰਘ ਨੇ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਦੇ ਨਾਲ ਖੜੀ ਹੈ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਮੁਹੱਈਆ ਕਰਵਾਉਣਾ ਆਪਣਾ ਫ਼ਰਜ਼ ਸਮਝਦੀ ਹੈ। ਉਨ੍ਹਾਂ ਕਿਹਾ ਕਿ ਲੋਕ-ਕੇਂਦਰਿਤ ਅਤੇ ਜ਼ਿੰਮੇਵਾਰ ਪ੍ਰਸ਼ਾਸਨ ਦੇ ਸਿਧਾਂਤਾਂ ’ਤੇ ਚੱਲਦਿਆਂ ਹਰ ਯੋਗ ਵਿਅਕਤੀ ਤੱਕ ਸਰਕਾਰੀ ਸਹਾਇਤਾ ਪਹੁੰਚਾਉਣ ਲਈ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ।

## ਸੰਪਾਦਕੀ

# ਕੇਜਰੀਵਾਲ ਤੇ ਸਿਸੋਦੀਆ ਦੇ ਬਰੀ ਹੋਣ ਨਾਲ 'ਆਪ' ਨੂੰ ਮਿਲੀ ਰਾਹਤ

ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਹਾਲ ਦੀ ਘੜੀ ਨੈਤਿਕ ਤੌਰ 'ਤੇ ਸਹੀ ਹੋਣ ਦਾ ਦਾਅਵਾ ਕਰ ਸਕਦੇ ਹਨ। ਹੇਠਲੀ ਅਦਾਲਤ ਨੇ ਸੀ ਬੀ ਆਈ ਵੱਲੋਂ ਦਰਜ ਦਿੱਲੀ ਆਬਕਾਰੀ ਨੀਤੀ ਮਾਮਲੇ ਵਿੱਚ ਉਕਤ ਦੋਵੇਂ ਆਗੂਆਂ ਸਣੇ 21 ਹੋਰਾਂ ਨੂੰ ਬਰੀ ਕਰ ਦਿੱਤਾ ਹੈ, ਜਿਸ ਨਾਲ ਸੰਕਟ ਵਿੱਚ ਘਿਰੀ ਆਮ ਆਦਮੀ ਪਾਰਟੀ ਲਈ ਇੱਕ ਨਵੀਂ ਉਮੀਦ ਜਾਗੀ ਹੈ। ਆਪਣੇ ਇਸ ਸਖ਼ਤ ਫ਼ੈਸਲੇ ਵਿੱਚ ਅਦਾਲਤ ਨੇ ਜਾਂਚ ਏਜੰਸੀ ਵੱਲੋਂ ਦਾਇਰ ਕੀਤੇ ਗਏ ਮਾਮਲੇ ਨੂੰ ਨਿਆਂਇਕ ਜਾਂਚ ਵਿੱਚ ਸਹੀ ਸਾਬਤ ਨਾ ਹੋ ਸਕਣ ਵਾਲਾ ਗਰਦਾਨਦਿਆਂ ਇਸ ਨੂੰ ਕਿਆਸਅਰਾਈਆਂ 'ਤੇ ਆਧਾਰਿਤ, ਅੰਦਾਜ਼ਿਆਂ ਨਾਲ ਭਰਿਆ ਹੋਇਆ ਅਤੇ ਕਾਨੂੰਨੀ ਤੌਰ 'ਤੇ ਯੋਗ ਸਬੂਤਾਂ ਤੋਂ ਰਹਿਤ ਦੱਸਿਆ ਹੈ। ਸ਼ਰਮਿੰਦਾ ਹੋ ਕੇ ਸੀ ਬੀ ਆਈ ਨੇ ਇਸ ਫ਼ੈਸਲੇ ਖ਼ਿਲਾਫ਼ ਹਾਈ ਕੋਰਟ ਵਿੱਚ ਅਪੀਲ ਕੀਤੀ ਹੈ। ਦਰਅਸਲ ਕੇਜਰੀਵਾਲ ਤੇ ਉਨ੍ਹਾਂ ਦੇ ਸਾਥੀਆਂ ਲਈ ਇਹ ਜਿੱਤ ਹਾਲੇ ਅਧੂਰੀ ਹੈ।

ਪਿਛਲੇ ਸਾਲ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਸਿਖਰਲੇ ਆਗੂਆਂ 'ਤੇ ਲੱਗੇ ਭ੍ਰਿਸ਼ਟਾਚਾਰ ਦੇ ਦੋਸ਼ ਭਾਜਪਾ ਲਈ ਮੁੱਖ ਮੁੱਦਾ ਰਹੇ ਹਨ। ਭਾਜਪਾ ਆਗੂਆਂ ਨੇ ਕੌਮੀ ਰਾਜਧਾਨੀ ਦੇ ਵੋਟਰਾਂ ਨੂੰ ਇਹ ਯਕੀਨ ਦਿਵਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਕਿ ਕੇਜਰੀਵਾਲ ਦਾ ਭ੍ਰਿਸ਼ਟਾਚਾਰ ਵਿਰੋਧੀ ਸਟੈਂਡ ਸਿਰਫ਼ ਇੱਕ ਦਿਖਾਵਾ ਸੀ। ਸਾਫ਼-ਸੁਥਰੇ ਸ਼ਾਸਨ ਦਾ ਵਾਅਦਾ ਕਰਦਿਆਂ ਭਾਜਪਾ ਨੇ 26 ਸਾਲਾਂ ਬਾਅਦ ਦਿੱਲੀ ਵਿੱਚ ਸੱਤਾ ਮੁੜ ਹਾਸਲ ਕੀਤੀ ਹੈ, ਜਦਕਿ 'ਆਪ' ਦੂਜੇ ਸਥਾਨ 'ਤੇ ਰਹੀ ਹੈ। ਇਸ ਮਗਰੋਂ ਆਮ ਆਦਮੀ ਪਾਰਟੀ ਨੇ ਆਪਣਾ ਸਾਰਾ ਧਿਆਨ ਮੁੱਖ ਰੂਪ ਵਿੱਚ ਪੰਜਾਬ 'ਤੇ ਕੇਂਦਰਿਤ ਕੀਤਾ। ਪੰਜਾਬ ਇਕਲੌਤਾ ਅਜਿਹਾ ਸੂਬਾ ਹੈ, ਜਿਥੇ ਆਮ ਆਦਮੀ ਪਾਰਟੀ ਦੀ ਸਰਕਾਰ ਹੈ। ਹੇਠਲੀ ਅਦਾਲਤ ਦੇ ਫ਼ੈਸਲੇ ਨੇ 'ਆਪ' ਨੂੰ ਇੱਕ ਵਾਰ ਫਿਰ ਦਿੱਲੀ ਦੇ ਵੋਟਰਾਂ ਨਾਲ ਜੁੜਨ ਅਤੇ ਭ੍ਰਿਸ਼ਟਾਚਾਰ ਵਿਰੋਧੀ ਆਪਣੇ ਸਟੈਂਡ ਨੂੰ ਮੁੜ ਸਾਬਤ ਕਰਨ ਦਾ ਮੌਕਾ ਦਿੱਤਾ ਹੈ।

ਇਸ ਫ਼ੈਸਲੇ ਨਾਲ ਜਾਂਚ ਵਿੱਚ ਵਾਧੂ ਦੀ ਦਖ਼ਲਅੰਦਾਜ਼ੀ ਬਾਰੇ ਕਈ ਅਸਹਿਜ ਸਵਾਲ ਉਠ ਰਹੇ ਹਨ। ਅਦਾਲਤ ਦੀ ਇਹ ਟਿੱਪਣੀ ਕਿ ਜਾਂਚ 'ਪਹਿਲਾਂ ਤੋਂ ਨਿਰਧਾਰਤ' ਦਿਸ਼ਾ ਵੱਲ ਸੇਧਿਤ ਜਾਪਦੀ ਹੈ, ਇਹ ਇਸ਼ਾਰਾ ਕਰਦੀ ਹੈ ਕਿ ਸਹੀ ਪ੍ਰਕਿਰਿਆ ਦੀ ਉਲੰਘਣਾ ਕੀਤੀ ਗਈ ਹੈ। ਇਸੇ ਦੌਰਾਨ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਕਿਹਾ ਹੈ ਕਿ ਆਬਕਾਰੀ ਨੀਤੀ ਮਾਮਲੇ ਨਾਲ ਜੁੜੀ ਉਸ ਦੀ 'ਸੁਤੰਤਰ' ਜਾਂਚ ਮਜ਼ਬੂਤੀ ਨਾਲ ਚੱਲ ਰਹੀ ਹੈ। ਜੇਕਰ ਸੀ ਬੀ ਆਈ ਕੇਸ ਵਿੱਚ ਬਰੀ ਕੀਤੇ ਜਾਣ ਦੇ ਫ਼ੈਸਲੇ ਨੂੰ ਹਾਈ ਕੋਰਟ ਵੱਲੋਂ ਵੀ ਬਰਕਰਾਰ ਰੱਖਿਆ ਜਾਂਦਾ ਹੈ ਤਾਂ ਈ ਡੀ ਵੱਲੋਂ ਲਾਏ ਦੋਸ਼ਾਂ ਦੀ ਕਾਨੂੰਨੀ ਵੈਧਤਾ ਮੁੜ ਜਾਂਚ ਦੇ ਘੇਰੇ ਵਿੱਚ ਆ ਸਕਦੀ ਹੈ। ਇਨ੍ਹਾਂ ਸਾਰੀਆਂ ਅਨਿਸ਼ਚਿਤਤਾਵਾਂ ਵਿਚਾਲੇ ਹੁਣ ਕੇਜਰੀਵਾਲ ਤੇ ਸਿਸੋਦੀਆ ਦੇ ਮੋਢਿਆਂ 'ਤੇ ਆਮ ਆਦਮੀ ਪਾਰਟੀ ਵਿੱਚ ਨਵੀਂ ਜਾਨ ਪਾਉਣ ਦੀ ਜ਼ਿੰਮੇਵਾਰੀ ਹੈ।

# ਪੁਲਿਸ ਵੱਲੋਂ ਜਵਾਨਾਂ ਤੇ ਗੋਲੀਆਂ ਮਾਰਨ ਦੀ ਹੋਵੇ ਉੱਚ ਪੱਧਰੀ ਜਾਂਚ : ਚੱਠਾ, ਹਰਿਆਊ



**ਪਟਿਆਲਾ, 3 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਿਸ ਵੱਲੋਂ ਇਨਕਾਊਂਟਰ ਕੀਤੇ ਗਏ ਰਣਜੀਤ ਸਿੰਘ ਦੇ ਪਰਿਵਾਰਿਕ ਮੈਂਬਰਾਂ ਵੱਲੋਂ ਪੁਲਿਸ ਖਿਲਾਫ ਮੋਰਚਾ ਖੋਲਦੇ ਹੋਏ ਇਸ ਨੂੰ ਫੇਕ ਇਨਕਾਊਂਟਰ ਕਰਾਰ ਦਿੱਤਾ ਜਿਸ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਪੁਲਿਸ ਵੱਲੋਂ ਕੀਤੇ ਅੱਤਿਆਚਾਰ ਦਾ ਲੋਕਾਂ ਨੂੰ ਵੀ ਪਤਾ ਚੱਲ ਸਕੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦਿਹਾਤੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਸਪਾਲ ਸਿੰਘ ਬਿੱਟੂ ਚੱਠਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਮਾਣਾ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਸਾਂਝੇ ਤੌਰ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਇਹਨਾਂ ਆਗੂਆਂ ਨੇ ਕਿਹਾ ਕਿ ਪੁਲਿਸ ਪੁਰਾਣੇ ਦੌਰ ਨੂੰ ਦੁਬਾਰਾ ਯਾਦ ਕਰਵਾ ਰਹੀ ਹੈ ਹੈ ਲਿਹਾਜਾ ਅੱਤਵਾਦ ਸਮੇਂ ਵੀ ਪੁਲਿਸ ਦਾ ਇਹੀ ਵਤੀਰਾ ਰਿਹਾ ਹੈ ਤਾਂ ਵੀ ਝੂਠੇ ਇਨਕਾਊਂਟਰਾ ਰਾਹੀਂ ਨੌਜਵਾਨਾਂ ਨੂੰ ਕੋਹ ਕੋਹ ਕੇ ਮਾਰਿਆ ਗਿਆ ਉਸ ਸਮੇਂ ਬਹੁਤੇ ਪਰਿਵਾਰ ਆਪਣੇ ਬੱਚਿਆਂ ਤੋਂ ਸੱਖਣੇ ਹੋ ਕੇ ਰਹਿ ਗਏ ਅਤੇ ਇਹ ਇਨਕਾਊਂਟਰ ਵੀ ਫੇਕ ਹੀ ਹੈ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਜਾਂਚ ਕਰਾਉਣ ਲਈ ਪੰਜਾਬ ਦੀ ਗਵਰਨਰ ਅਤੇ ਕੇਂਦਰ ਸਰਕਾਰ ਕੋਲ ਮੰਗ ਰੱਖੇਗਾ ਤਾਂ ਜੋ ਪੀੜਤ ਪਰਿਵਾਰ ਨੂੰ ਇਨਸਾਫ ਮਿਲ ਸਕੇ ਚੱਠਾ ਤੇ ਹਰਿਆਊ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਾਰਟੀ ਦਿਨੋ ਦਿਨ ਹੋਰ ਮਜਬੂਤ ਹੁੰਦੀ ਜਾ ਰਹੀ ਹੈ ਕਿਉਂਕਿ ਲੋਕ ਆਪ ਮੁਹਾਰੇ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਨਿਰੋਲ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇਖਣ ਲਈ ਉਤਾਵਲੇ ਹਨ ਲਿਹਾਜਾ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਜੋ ਵਿਕਾਸ ਕਾਰਜ ਮਰਹੂਮ ਸਵਰਗੀ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਕੀਤੇ ਗਏ ਹਨ ਉਹਨਾਂ ਦਾ ਕਾਂਗਰਸ ਅਤੇ ਆਪ ਕੋਲ ਕੋਈ ਤੋੜ ਨਹੀਂ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸਰਕਾਰ ਸਮੇਂ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਜੋ ਵੱਡੇ ਪੁਲ ਅਤੇ ਵੱਡੀਆਂ ਸੜਕਾਂ ਬਣੀਆਂ ਹਨ ਉਸ ਤੋਂ ਪੰਜਾਬ ਦੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਦੀ ਯਾਦ ਆਉਣ ਲੱਗ ਪੈਂਦੀ ਹੈ ਤਾਂ ਹੀ ਹੁਣ ਮੁੜ ਤੋਂ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਹੂੰਜਾ ਫਿਰ ਜਿੱਤ ਹਾਸਲ ਕਰੇਗਾ ਅਤੇ ਆਮ ਆਦਮੀ ਪਾਰਟੀ ਨੂੰ ਘਰ ਦਾ ਰਸਤਾ ਦਿਖਾਇਆ ਜਾਵੇਗਾ।

ਇਸ ਮੌਕੇ ਸਤਰਾਣਾ ਹਲਕਾ ਇੰਚਾਰਜ ਕਬੀਰ ਦਾਸ ਸਨੌਰ ਹਲਕਾ ਇੰਚਾਰਜ ਰਜਿੰਦਰ ਵਿਰਕ ਨੇ ਕਿਹਾ ਕਿ ਬਾਦਲਾਂ ਦੇ ਰਾਜ ਸਮੇਂ ਦੇ ਗੀਤੇ ਕਾਰਜ ਲੋਕਾਂ ਦੇ ਮੂੰਹੋਂ ਬੋਲਦੇ ਹਨ ਅੱਜ ਵੀ ਉਸ ਸਮੇਂ ਦੇ ਕੀਤੇ ਵਿਕਾਸ ਕਾਰਜ ਹੀ ਚੱਲ ਰਹੇ ਹਨ ਕਿਉਂਕਿ ਕਾਂਗਰਸ ਅਤੇ ਆਪ ਦੇ ਰਾਜ ਸਮੇਂ ਕੋਈ ਵੀ ਕਾਰਜ ਨਹੀਂ ਕੀਤਾ ਗਿਆ ਜਿਸ ਨੂੰ ਲੈ ਕੇ ਇਹ ਪੰਜਾਬ ਦੇ ਲੋਕਾਂ ਅੱਗੇ ਜਾ ਸਕਣ ਉਲਟਾ ਇਹਨਾਂ ਦੇ ਰਾਜ ਸਮੇਂ ਲੁੱਟ ਕਸੁੱਟ ਅਤੇ ਕਤਲੋਗਾਰ ਤੋਂ ਇਲਾਵਾ ਕੁਝ ਨਹੀਂ ਕੀਤਾ ਗਿਆ ਜਿਹਦਾ ਖਮਿਜਾ ਪੰਜਾਬ ਦੇ ਲੋਕਾਂ ਨੂੰ ਭੁਗਤਣ ਲਈ ਮਜਬੂਰ ਹੋਣਾ ਪੈ ਰਿਹਾ ਇਸ ਮੌਕੇ ਯੂਥ ਦੇ ਸੀਨੀਅਰ ਆਗੂ ਅਜੈਬ ਸਿੰਘ ਮੱਲੀ, ਮਲਕੀਤ ਸਿੰਘ ਚੀਮਾ ਲਾਡੀ ਧਰਮੇੜੀ, ਅਮਰਜੀਤ ਸਿੰਘ ਗੁਰਾਇਆ ਆਦਿ ਵੀ ਹਾਜਰ ਸਨ।

# ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਅਤੇ ਸੰਤ ਆਸਾਰਾਮ ਬਾਪੂ ਦਾ ਉਦੇਸ਼ ਇੱਕੋ ਹੀ : ਦਰਬਾਰ ਭਾਈ



**ਪਟਿਆਲਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ ਸ਼ਿਵ ਸੈਨਾਂ ਹੰਦੁਸਤਾਨ ਅਤੇ ਹੰਦੁਸਤਾਨ ਸ਼ਕਤੀ ਸੈਨਾ ਦੇ ਰਾਸ਼ਟਰੀ ਮੁਖੀ ਪਵਨ ਕੁਮਾਰ ਗੁਪਤਾ ਨੇ ਕਾਲੀ ਮਾਤਾ ਮੰਦਿਰਂ ਵਖੇ 18ਵੇਂ ਸਾਲਾਨਾ ਸ਼੍ਰੀ ਹਨੂੰਮਾਨ ਚਾਲੀਸਾ ਸਮਾਰੋਹ ਮਹਾਂ ਸੰਮੇਲਨ ਦਾ ਆਯੋਜਨ ਕੀਤਾ। ਇਸ ਮੌਕੇ ਅਖਾੜਾ ਪ੍ਰੀਸ਼ਦ ਦੇ ਪ੍ਰਧਾਨ ਰਿਵੰਦਰ ਪੁਰੀ ਜੀ ਮਹਾਰਾਜ, ਰਾਮ ਜਨਮ ਭੂਮੀ ਅਯੋਧਿਆ ਦੇ ਟਰੱਸਟੀ ਨਵਲਂ ਕਸ਼ੋਰ ਜੀ ਮਹਾਰਾਜ, ਮਹਾਮੰਡਲੇਸ਼ਵਰ ਆਨੰਦ ਸਵਰੂਪ ਜੀ ਮਹਾਰਾਜ, ਮਹਾਮੰਡਲੇਸ਼ਵਰ ਯਤੀ ਨਰਿਸਮਹਾਨੰਦ ਜੀ ਸਮੇਤ ਕਈ ਹੋਰ ਸੰਤਾਂ ਅਤੇ ਮਹੰਤਾਂ ਦੀ ਮੌਜੂਦਗੀਂ ਵੱਚ ਸੰਤ ਸ਼੍ਰੀ ਆਸਾਰਾਮ ਜੀ ਬਾਪੂ ਆਸ਼ਰਮ ਨੇ ਮਾਤਾਂ ਪਤਾ ਪੂਜਾਂ ਦਵਸ ਦੀ ਮਿਹਮਾ ਦੱਸੀ ਅਤੇ ਵੱਖ ਵੱਖ ਸਕੂਲਾਂ ਅਤੇ ਕਾਲਜਾਂ ਦੇ ਬੱਚਿਆਂ ਨੇ ਮਾਤਾਂ ਪਤਾ ਪੂਜਾ ਪ੍ਰੋਗਰਾਮ ਦਾ ਆਯੋਜਨ ਕੀਤਾ,ਂ ਜਸ ਕਾਰਨ ਮਹਾਂਸੰਮੇਲਨਾਂ ਵੱਚ ਆਏ ਸੈਂਕੜੇ ਸ਼ਰਧਾਲੂਆਂ ਦੀਆਂ ਅੱਖਾਂ ਨਮ ਹੋ ਗਈਆਂ। ਸੰਤ ਸ਼੍ਰੀ ਆਸਾਰਾਮ ਜੀ ਬਾਪੂ ਆਸ਼ਰਮ ਟਰੱਸਟਾਂ ਦੱਲੀ ਸ਼ਾਖਾ ਪਿਟਆਲਾ ਨੇ ਕੈਲਾਸ਼ ਕੁਮਾਰ ਸਿਮਤੀ ਸਕੱਤਰ ਰਾਹੀਂ ਮਹਾਂਸੰਮੇਲਨਾਂ ਵੱਚ ਆਸਾਰਾਮ ਬਾਪੂ ਦੀ ਪ੍ਰੇਰਨਾ ਨਾਲ ਦੇਸ਼ਾਂ ਵਦੇਸ਼ਾਂ ਵੱਚ ਚਲਾਏ ਜਾ ਰਹੇ ਮਾਤਾਂ ਪਤਾ ਪੂਜਾਂ ਦਵਸ ਦੀਆਂ ਝਲਕੀਆਂ ਪੇਸ਼ ਕੀਤੀਆਂ ਅਤੇ ਆਏ ਸਾਰੇ ਮਹਾਤਮਾਵਾਂ, ਆਚਾਰਿਆ ਅਤੇ ਮਹਾਮੰਡਲੇਸ਼ਵਰਾਂ ਨੇਂ ਇਸਦੀ ਪ੍ਰਸ਼ੰਸਾ ਕੀਤੀ ਅਤੇਂ ਕਹਾਂ ਕ ਅੱਜ ਦੇ ਸਮੇਂਂ ਵੱਚਂ ਹੰਦੂ ਸੱਭਿਆਚਾਰ ਦੀ ਰੱਖਿਆ ਲਈ ਮਾਪਿਆਂ ਦੇ ਆਦੇਸ਼ਾਂ ਦੀ ਪਾਲਣਾ ਕਰਨਾ ਬਹੁਤ ਜ਼ਰੂਰੀ ਹੈ ਜੋ ਬੱਚਿਆਂ ਨੂੰਂ ਹੰਦੂ ਧਰਮ ਦੇ ਗ੍ਰੰਥਾਂ ਸ਼੍ਰੀ ਰਾਮਾਇਣ ਅਤੇ ਸ਼੍ਰੀ ਭਾਗਵਤ ਗੀਤਾ ਨਾਲ ਜੋੜਨ ਦਾ ਕੰਮ ਵੀ ਕਰਦਾ ਹੈ ਤਾਂ ਜੋ ਬੱਚੇ ਮਾੜੀ ਪ੍ਰਿਵਰਤੀਆਂ ਤੋਂ ਪ੍ਰਭਾਵਿਤ ਨਾ ਹੋਣ।ਇਸ ਮੌਕੇ ਲੁਧਿਆਣਾ ਆਸ਼ਰਮ ਤੋਂ ਆਏ ਗਊਸ਼ਾਲਾ ਦੇ ਸੇਵਾਦਾਰ ਦਰਬਾਰ ਭਾਈ ਨੇ ਸੰਬੋਧਨ ਕਰਿਦਆਂ ਕਹਾਂ ਕ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਅਤੇ ਸੰਤ ਆਸਾਰਾਮ ਬਾਪੂ ਦਾ ਉਦੇਸ਼ਂ ਇੱਕੋ ਹੈਂ ਕ ਪੱਛਮੀ ਦੇਸ਼ਾਂ ਦੇ ਬੁਰੇਂ ਵਚਾਰਾਂ ਦਾ ਭਾਰਤ ਦੇਂ ਹੰਦੂ ਸੱਭਿਆਚਾਰ 'ਤੇ ਬੁਰਾ ਪ੍ਰਭਾਵ ਨਾ ਪਵੇ ਅਤੇਂ ਹੰਦੂ ਸੰਗਠਨਾਂ ਨੂੰਂ ਇੱਕਜੁੱਟ ਹੋ ਕੇ ਭਾਰਤ ਨੂੰਂ ਵਸ਼ਵ ਗੁਰੂ ਬਣਾਉਣ ਦੇ ਟੀਚੇ ਨੂੰ ਤੱਕ ਪਹੁੰਚਣ।

ਸੰਤ ਸ਼੍ਰੀ ਆਸਾਰਾਮ ਜੀ ਆਸ਼ਰਮ ਪਿਟਆਲਾ ਦੇ ਪ੍ਰਧਾਨ ਪ੍ਰੇਮਂ ਸੰਘ ਨੇ ਵੀ ਆਸ਼ਰਮ ਦੁਆਰਾ ਕੀਤੇ ਜਾ ਰਹੇ ਕੰਮਾਂ ਬਾਰੇਂ ਵਸਥਾਰਪੂਰਵਕ ਜਾਣਕਾਰੀਂ ਦੱਤੀ। ਇਸ ਮੌਕੇ ਕਮੇਟੀ ਦੇ ਸਾਰੇ ਕਾਰਜਕਾਰੀ ਮੈਂਬਰ ਅਤੇ ਮਿਹਲਾ ਉੱਥਾਨ ਮੰਡਲ ਦੀਆਂ ਵਰਕਰ ਵੀਂ ਵਸ਼ਾਲ ਮਹਾਂਸੰਮੇਲਨਾਂ ਵੱਚ ਮੌਜੂਦ ਸਨ।

# ਅਰਵਿੰਦ ਕੇਜਰੀਵਾਲ ਸਹੀ ਸਾਬਤ ਹੋਏ; ਸੰਵਿਧਾਨਕ ਲੋਕਤੰਤਰ ਵਿੱਚ ਜ਼ੋਰ-ਜ਼ਬਰਦਸਤੀ ਉੱਤੇ ਸੱਚ ਦੀ ਜਿੱਤ ਹੁੰਦੀ ਹੈ: ਕੁਲਤਾਰ ਸਿੰਘ ਸੰਧਵਾਂ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਆਬਕਾਰੀ ਨੀਤੀ ਮਾਮਲੇ ਵਿੱਚ ਮਾਣਯੋਗ ਅਦਾਲਤ ਦਾ ਹਾਲੀਆ ਫੈਸਲਾ ਸੰਵਿਧਾਨਕ ਨੈਤਿਕਤਾ ਅਤੇ ਕਾਨੂੰਨ ਦੇ ਰਾਜ ਦੀ ਗਵਾਹੀ ਭਰਦਾ ਹੈ। ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਸਮੇਤ ਸਾਰੇ 23 ਦੋਸ਼ੀਆਂ ਵਿਰੁੱਧ ਕੇਸਾਂ ਨੂੰ ਰੱਦ ਕਰਨਾ ਸਪੱਸ਼ਟ ਤੌਰ @ਤੇ ਦਰਸਾਉਂਦਾ ਹੈ ਕਿ ਰਾਜਨੀਤਿਕ ਖੇਤਰ ਵਿੱਚ ਲਗਾਏ ਗਏ ਬੇਬੁਨਿਆਦ ਦੋਸ਼ ਨਿਆਂਇਕ ਜਾਂਚ ਅੱਗੇ ਟਿਕ ਨਹੀਂ ਸਕਦੇ।

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ, ÷ਜਦੋਂ ਲੋਕਤੰਤਰੀ ਤਰੀਕੇ ਨਾਲ ਚੁਣੇ ਗਏ ਮੁੱਖ ਮੰਤਰੀ ਦਾ ਨਾਮ ਬਿਨਾਂ ਕਿਸੇ ਠੋਸ ਸਬੂਤ ਦੇ ਲਿਆ ਜਾਂਦਾ ਹੈ ਅਤੇ ਜਾਂਚ ਏਜੰਸੀਆਂ ਪਹਿਲੀ ਨਜ਼ਰੇ ਇੱਕ ਵੀ ਕੇਸ ਸਾਬਤ ਕਰਨ ਵਿੱਚ ਅਸਮਰੱਥ ਰਹਿੰਦਿਆਂ ਹਨ, ਤਾਂ ਇਸ ਦੀ ਸੰਸਥਾਗਤ ਯੋਗਤਾ ਅਤੇ ਉਚਿਤ ਪ੍ਰਕਿਰਿਆ ਬਾਰੇ ਸਵਾਲ ਖੜ੍ਹੇ ਹੁੰਦੇ ਹਨ। ਜਾਂਚ ਅਧਿਕਾਰੀ ਵਿਰੁੱਧ ਵਿਭਾਗੀ ਕਾਰਵਾਈ ਕਰਨ ਸਬੰਧੀ ਅਦਾਲਤ ਦਾ ਨਿਰਦੇਸ਼ ਸਾਡੇ ਸੰਵਿਧਾਨਕ ਢਾਂਚੇ ਵਿੱਚ ਜਵਾਬਦੇਹੀ ਦੀ ਅਹਿਮੀਅਤ ਨੂੰ ਉਜਾਗਰ ਕਰਦਾ ਹੈ। ਇਸ ਫੈਸਲੇ ਦੇ ਵਿਆਪਕ ਰਾਜਨੀਤਿਕ ਅਤੇ ਨੈਤਿਕ ਅਰਥਾਂ ਨੂੰ ਉਜਾਗਰ ਕਰਦਿਆਂ, ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ, ÷ਅਰਵਿੰਦ ਕੇਜਰੀਵਾਲ ਸਿਰਫ਼ ਬਰੀ ਨਹੀਂ ਹੋਏ, ਸਗੋਂ ਸਹੀ ਸਾਬਤ ਵੀ ਹੋਏ ਹਨ। ਜ਼ਮੀਨੀ ਪੱਧਰ @ਤੇ ਦ੍ਰਿੜ ਇਰਾਦੇ ਵਾਲੇ ਨੇਤਾ ਦੇ ਰੂਪ ਵਿੱਚ, ਉਹ ਆਮ ਨਾਗਰਿਕ ਦੀਆਂ ਇੱਛਾਵਾਂ 'ਤੇ ਹਮੇਸ਼ਾ ਖਰੇ ਉਤਰੇ ਹਨ। ਉਨ੍ਹਾਂ ਕਿਹਾ ਕਿ ਉਹ ਆਧੁਨਿਕ ਸੋਚ ਰੱਖਣ ਵਾਲੇ ਆਗੂ ਹਨ ਅਤੇ ਉਹ ਲੋਕਾਂ ਲਈ, ਲੋਕਾਂ ਦੁਆਰਾ ਸ਼ਾਸਨ ਦੀ ਪ੍ਰਤੀਨਿਧਤਾ ਕਰਦੇ ਹਨ ਜਿਸ ਵਿੱਚ ਪਾਰਦਰਸ਼ਤਾ, ਜਨਤਕ ਸੇਵਾ ਅਤੇ ਭਾਗੀਦਾਰੀ ਵਾਲੀ ਲੋਕਤੰਤਰ 'ਤੇ ਜ਼ੋਰ ਦਿੱਤਾ ਜਾਂਦਾ ਹੈ।÷

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ, ਇਹ ਫੈਸਲਾ ਇਸ ਧਾਰਨਾ ਨੂੰ ਮਜ਼ਬੂਤ ਕਰਦਾ ਹੈ ਕਿ ਉਨ੍ਹਾਂ ਨੂੰ ਬਦਲਾਖੋਰੀ ਦੀ ਰਾਜਨੀਤੀ ਦਾ ਸ਼ਿਕਾਰ ਬਣਾਇਆ ਗਿਆ ਸੀ, ਫਿਰ ਵੀ ਉਹ ਇੱਕ ਵੱਡੀ ਸੱਚਾਈ ਦੀ ਪੁਸ਼ਟੀ ਕਰਦੇ ਹਨ। ਉਨ੍ਹਾਂ ਕਿਹਾ ਕਿ ਸੰਵਿਧਾਨਕ ਲੋਕਤੰਤਰ ਵਿੱਚ ਸੱਚ ਦੀ ਝੂਠ ਉੱਤੇ ਜਿੱਤ ਹੁੰਦੀ ਹੈ ਅਤੇ ਇਮਾਨਦਾਰੀ ਨੂੰ ਹਮੇਸ਼ਾ ਡਰਾਇਆ ਧਮਕਾਇਆ ਜਾਂਦਾ ਹੈ। ਮੁਸ਼ਕਲਾਂ ਨਾਲ ਭਰਿਆ ਕੇਜਰੀਵਾਲ ਦਾ ਸਫ਼ਰ ਉਹਨਾਂ ਦੀ ਹਿੰਮਤ, ਜਜ਼ਬੇ ਅਤੇ ਉਨ੍ਹਾਂ ਲੋਕਾਂ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ ਜਿਨ੍ਹਾਂ ਦੀ ਉਹ ਸੇਵਾ ਕਰਦਾ ਹੈ। ਅੰਤ, ਲੋਕਤੰਤਰ ਉਦੋਂ ਮਜ਼ਬੂਤ ਹੁੰਦਾ ਹੈ ਜਦੋਂ ਨਿਆਂ ਦੀ ਜਿੱਤ ਹੁੰਦੀ ਹੈ ਅਤੇ ਇਹ ਫੈਸਲਾ ਉਸ ਸਥਾਈ ਸਿਧਾਂਤ ਦਾ ਸਪੱਸ਼ਟ ਪ੍ਰਮਾਣ ਹੈ।

# ਬਠਿੰਡਾ ਜ਼ਿਲ੍ਹੇ ਦੇ 17 ਜ਼ਿਲ੍ਹਾ ਪ੍ਰੀਸ਼ਦ ਅਤੇ 137 ਬਲਾਕ ਸੰਮਤੀ ਮੈਂਬਰਾਂ ਨੂੰ ਚੁਕਾਈ ਸਹੁੰ



**ਬਠਿੰਡਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਠਿੰਡਾ ਦੇ ਨਵੇਂ ਚੁਣੇ 17 ਜ਼ਿਲ੍ਹਾ ਪ੍ਰੀਸ਼ਦ ਅਤੇ 137 ਬਲਾਕ ਸੰਮਤੀ ਮੈਂਬਰਾਂ ਨੂੰ ਅੱਜ ਸਥਾਨਕ ਬਲਵੰਤ ਗਾਰਗੀ ਆਡੀਟੋਰੀਅਮ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵਿਧਾਇਕ ਮੌੜ ਸ਼੍ਰੀ ਸੁਖਵੀਰ ਸਿੰਘ ਮਾਈਸਰਖਾਨਾ ਵੱਲੋਂ ਸਹੁੰ ਚੁਕਾਈ ਗਈ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਮੈਡਮ ਕੰਚਨ ਨੇ ਇਸ ਸਮਾਗਮ ਦੀ ਅਗਵਾਈ ਕੀਤੀ।

ਇਸ ਮੌਕੇ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਨੇ ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਲੋਕਤੰਤਰ ਪ੍ਰਣਾਲੀ ਵਿੱਚ ਤਿੰਨ ਪੱਧਰੀ ਪੰਚਾਇਤੀ ਰਾਜ ਪ੍ਰਣਾਲੀ ਹੈ। ਪਿੰਡ ਦੀ ਪੰਚਾਇਤ ਤੋਂ ਬਾਅਦ ਬਲਾਕ ਸੰਮਤੀ ਅਤੇ ਫਿਰ ਜ਼ਿਲ੍ਹਾ ਪ੍ਰੀਸ਼ਦ ਪਿੰਡਾਂ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਅਤੇ ਇਕ ਤੋਂ ਵੱਧ ਪਿੰਡਾਂ ਦੇ ਸਾਂਝੇ ਵਿਕਾਸ ਕਾਰਜਾਂ ਨੂੰ ਨੇਪਰੇ ਚੜਾਉਣ ਵਿੱਚ ਬਲਾਕ ਸੰਮਤੀਆਂ ਉੱਤੇ ਅਹਿਮ ਜਿੰਮੇਵਾਰੀ ਹੁੰਦੀ ਹੈ।

ਉਨ੍ਹਾਂ ਦੱਸਿਆ ਕਿ ਚੁਣੇ ਹੋਏ ਮੈਂਬਰ ਪੰਚਾਇਤੀ ਰਾਜ ਐਕਟ ਨੂੰ ਪੜ੍ਹਨ ਤਾਂ ਜੋ ਇਸ ਨਾਲ ਹਰੇਕ ਮੈਂਬਰ ਨੂੰ ਆਪਣੀਆਂ ਜਿੰਮੇਵਾਰੀਆਂ, ਅਧਿਕਾਰ ਅਤੇ ਕਰਤੱਬਾਂ ਬਾਰੇ ਜਾਣਕਾਰੀ ਮਿਲ ਸਕੇ। ਉਨ੍ਹਾਂ ਕਿਹਾ ਕਿ ਸਾਰੇ ਚੁਣੇ ਗਏ ਨੁਮਾਇੰਦੇ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕਰਨ ਤਾਂ ਜੋ ਸਾਰੇ ਆਪੋ-ਆਪਣੇ ਖੇਤਰਾਂ ਦਾ ਵਿਕਾਸ ਕਰ ਸਕਣ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮੈਡਮ ਕੰਚਨ ਨੇ ਦੱਸਿਆ ਕਿ 137 ਪੰਚਾਇਤ ਸੰਮਤੀਆਂ @ਚ ਬਠਿੰਡਾ ਦੀਆਂ 15, ਗੋਨਿਆਣਾ ਦੀਆਂ 15 ਨਥਾਣਾ ਦੀਆਂ 16, ਮੌੜ ਦੀਆਂ 15, ਫੂਲ ਦੀਆਂ 18, ਰਾਮਪੁਰਾ ਦੀਆਂ 18, ਸੰਗਤ ਦੀਆਂ 15 ਅਤੇ ਤਲਵੰਡੀ ਦੀਆਂ 25 ਸੰਮਤੀਆਂ ਸ਼ਾਮਲ ਹਨ । ਇਸੇ ਤਰ੍ਹਾਂ ਜ਼ਿਲ੍ਹੇ ਚ 17 ਜ਼ਿਲ੍ਹਾ ਪ੍ਰੀਸ਼ਦ ਮੈਂਬਰ ਚੁਣੇ ਗਏ ਹਨ, ਜਿਨ੍ਹਾਂ ਨੇ ਅੱਜ ਸਹੁੰ ਚੁੱਕੀ ਹੈ।

ਸਹੁੰ ਚੁੱਕ ਸਮਾਗਮ ਦੌਰਾਨ ਵਿਧਾਨ ਸਭਾ ਹਲਕਾ ਬਠਿੰਡਾ (ਦਿਹਾਤੀ) ਦੇ ਹਲਕਾ ਇੰਚਾਰਜ ਸ਼੍ਰੀ ਜਸਵਿੰਦਰ ਸਿੰਘ ਛਿੰਦਾ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਸ਼੍ਰੀ ਅਭਿਨਵ ਗੋਇਲ, ਪੰਚਾਇਤ ਅਫਸਰ ਸ਼੍ਰੀ ਗੁਰਜੀਵਨ ਸਿੰਘ ਬਰਾੜ, ਜ਼ਿਲ੍ਹੇ ਦੇ ਸਮੂਹ ਬੀ.ਡੀ.ਪੀ.ਓਜ਼ ਅਤੇ ਹੋਰ ਅਧਿਕਾਰੀ ਅਤੇ ਕਰਮਚਾਰੀ ਆਦਿ ਹਾਜ਼ਰ ਸਨ ।

# ਮਾਈ ਭਾਰਤ ਤਰਨ ਤਾਰਨ ਨੇ ਨਵਨਿਯੁਕਤ ਜ਼ਿਲ੍ਹਾ ਯੁਵਾ ਅ.ਫਸਰਾਂ ਲਈ ਕਰਵਾਇਆ ਪੰਜ ਰੋਜ਼ਾ ਫੀਲਡ ਸਿਖਲਾਈ ਪ੍ਰੋਗਰਾਮ



**ਤਰਨਤਾਰਨ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਈ ਭਾਰਤ ਤਰਨ ਤਾਰਨ ਨੇ ਡਿਪਟੀ ਡਾਇਰੈਕਟਰ ਜਸਲੀਨ ਕੌਰ ਦੀ ਨਿਗਰਾਨੀ ਅਤੇ ਮਾਰਗਦਰਸ਼ਨ ਹੇਠ 6 ਨਵਨਿਯੁਕਤ ਜ਼ਿਲ੍ਹਾ ਯੁਵਾ ਅਫਸਰਾਂ (ਡੀ.ਵਾਈ.ਓਜ਼) ਲਈ 22 ਤੋਂ 27 ਫਰਵਰੀ ਤੱਕ 5 ਰੋਜ਼ਾ ਫੀਲਡ ਸਿਖਲਾਈ ਪ੍ਰੋਗਰਾਮ ਦਾ ਸਫਲਤਾਪੂਰਵਕ ਆਯੋਜਨ ਕੀਤਾ।

ਇਹ ਸਿਖਲਾਈ ਪ੍ਰੋਗਰਾਮ ਮਾਈ ਭਾਰਤ ਪਹਿਲਕਦਮੀਆਂ ਦੇ ਕੰਮਕਾਜ਼ ਅਤੇ ਲਾਗੂ ਕਰਨ ਸਬੰਧੀ ਵਿਆਪਕ ਪ੍ਰਸ਼ਾਸਕੀ ਦਿਸ਼ਾ-ਨਿਰਦੇਸ਼ ਅਤੇ ਖੇਤਰ-ਪੱਧਰੀ ਐਕਸਪੋਜ਼ਰ ਪ੍ਰਦਾਨ ਕਰਨ ਲਈ ਆਯੋਜਿਤ ਕੀਤਾ ਗਿਆ।ਸਿਖਲਾਈ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਅਧਿਕਾਰੀਆਂ ਵਿਚ ਤ੍ਰਿਪਤੀ ਜੈਨ, ਅਨੀਕੇਤ ਸ਼ਰਮਾ, ਸਨੇਹਾ ਪ੍ਰਜਾਪਤ, ਸੌਰਬ ਜੈਨ, ਆਕਾਸ਼ ਮੀਣਾ ਅਤੇ ਰਿਸ਼ਵ ਦੇਵ ਸ਼ਾਮਲ ਸਨ।ਸਿਖਲਾਈ ਦੀ ਸ਼ੁਰੂਆਤ ਓਰੀਐਂਟੇਸ਼ਨ ਸੈਸ਼ਨ ਨਾਲ ਹੋਈ, ਜਿਸ ਵਿੱਚ ਮਾਈ ਭਾਰਤ ਦੀ ਬਣਤਰ ਅਤੇ ਕਾਰਜਸ਼ੀਲਤਾ, ਸਾਲਾਨਾ ਕਾਰਜ ਯੋਜਨਾ ਦੀ ਤਿਆਰੀ, ਜ਼ਿਲ੍ਹਾ ਸਲਾਹਕਾਰ ਕਮੇਟੀ ਪ੍ਰਕਿਰਿਆਵਾਂ, ਬਜਟ, ਖਾਤਿਆਂ ਦੀ ਦੇਖਭਾਲ, ਰਿਕਾਰਡ ਰੱਖਣ, ਰਿਪੋਰਟਿੰਗ ਵਿਧੀਆਂ, ਡੀ.ਵਾਈ.ਓਜ਼ ਦੇ ਡਰਾਇੰਗ ਅਤੇ ਵੰਡ ਸ਼ਕਤੀਆਂ ਆਦਿ ਬਾਰੇ ਦੱਸਿਆ ਗਿਆ।

ਇਸ ਦੌਰਾਨ ਪੀ.ਐਫ.ਐਮ.ਐਸ/ਟੀ.ਐਸ.ਏ ਰਾਹੀਂ ਉਨ੍ਹਾਂ ਦੀ ਚੋਣ ਪ੍ਰਕਿਰਿਆ, ਤੈਨਾਤੀ, ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ, ਰਿਪੋਰਟਿੰਗ ਪ੍ਰਣਾਲੀਆਂ, ਹਾਜ਼ਰੀ ਨਿਗਰਾਨੀ ਅਤੇ ਮਾਣਭੱਤਾ ਵੰਡ ਦੀ ਪਹਿਲੀ ਸਮਝ ਪ੍ਰਦਾਨ ਕਰਨ ਲਈ ਯੁਵਾ ਵਲੰਟੀਅਰਾਂ ਨਾਲ ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤੇ ਗਏ।ਫੀਲਡ ਐਕਸਪੋਜ਼ਰ ਵਿਜ਼ਿਟ ਦੌਰਾਨ ਸਿਖਿਆਰਥੀਆਂ ਨੇ ਜ਼ਿਲ੍ਹਾ ਮੈਜਿਸਟ੍ਰੇਟ/ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਅਤੇ ਬਲਾਕ ਪੱਧਰ @ਤੇ ਮੁੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗਾਂ ਕੀਤੀਆਂ ਤਾਂ ਜੋ ਯੁਵਾ-ਕੇਂਦ੍ਰਿਤ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕਨਵਰਜੈਂਸ ਰਣਨੀਤੀਆਂ ਅਤੇ ਤਾਲਮੇਲ ਨੂੰ ਸਮਝਿਆ ਜਾ ਸਕੇ।

ਇਸ ਪ੍ਰੋਗਰਾਮ ਵਿੱਚ ਗ੍ਰਾਮ ਪੰਚਾਇਤ ਪੱਧਰ @ਤੇ ਪੰਚਾਇਤ ਪ੍ਰਤੀਨਿਧੀਆਂ, ਯੂਥ ਕਲੱਬ ਦੇ ਆਗੂਆਂ, ਪ੍ਰੋਗਰਾਮ ਲਾਭਪਾਤਰੀਆਂ - ਖਾਸ ਕਰਕੇ ਮਹਿਲਾ ਭਾਗੀਦਾਰਾਂ ਅਤੇ ਹੋਰ ਹਿੱਸੇਦਾਰਾਂ ਨਾਲ ਜ਼ਮੀਨੀ ਪੱਧਰ ਦੀਆਂ ਗਤੀਵਿਧੀਆਂ ਅਤੇ ਭਾਈਚਾਰਕ ਸ਼ਮੂਲੀਅਤ ਬਾਰੇ ਸਮਝ ਪ੍ਰਾਪਤ ਕਰਨ ਲਈ ਮੀਟਿੰਗਾਂ ਵੀ ਸ਼ਾਮਲ ਸਨ।

# ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਵਲੋਂ ਜ਼ਿਲ੍ਹੇ ਦੇ ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਦੀ ਅਚਨਚੇਤ ਚੈਕਿੰਗ



**ਜਲੰਧਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ ਅੱਜ ਜ਼ਿਲ੍ਹੇ ਦੇ ਪਿੰਡ ਚੀਮਾ, ਅੰਬੀਆ ਤੋਹਫਾ, ਹਸਨ ਮੁੰਡਾ ਅਤੇ ਕਰਤਾਰਪੁਰ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਦੌਰਾ ਕਰਕੇ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ।

ਮੈਂਬਰ, ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਸਰਕਾਰੀ ਸਕੂਲ ਕਰਤਾਰਪੁਰ, ਚੀਮਾ, ਹਸਨ ਮੁੰਡਾ ਵਿਖੇ ਮਿਡ-ਡੇ ਮੀਲ ਸਕੀਮ ਤਹਿਤ ਵਿਦਿਆਰਥੀਆਂ ਨੂੰ ਪਰੋਸੇ ਜਾ ਰਹੇ ਖਾਣੇ ਦੀ ਅਚਨਚੇਤ ਚੈਕਿੰਗ ਕੀਤੀ ਗਈ, ਜਿੱਥੇ ਬੱਚਿਆਂ ਨੂੰ ਮਿਡ-ਡੇ ਮੀਲ ਵਧੀਆ ਢੰਗ ਨਾਲ ਦਿੱਤਾ ਜਾ ਰਿਹਾ ਸੀ।

ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ, ਅੰਬੀਆ ਤੋਹਫਾ ਵਿਖੇ ਵੀ ਬੱਚਿਆਂ ਨੂੰ ਪਰੋਸੇ ਜਾਂਦੇ ਖਾਣੇ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਬੱਚਿਆਂ ਨੂੰ ਪਰੋਸੇ ਜਾਂਦੇ ਖਾਣੇ ਦੀ ਗੁਣਵੱਤਾ ਹਰ ਹਾਲ ਵਿੱਚ ਯਕੀਨੀ ਬਣਾਈ ਜਾਵੇ।

ਉਪਰੰਤ ਸ਼੍ਰੀ ਧਾਲੀਵਾਲ ਨੇ ਆਂਗਣਵਾੜੀ ਕੇਂਦਰਾਂ ਦਾ ਨਿਰੀਖਣ ਕੀਤਾ। ਉਨ੍ਹਾਂ ਆਂਗਣਵਾਰੀ ਕੇਂਦਰ ਹਸਨ ਮੁੰਡਾ ਵਿਖੇ ਨਿਰੀਖਣ ਦੌਰਾਨ ਲਾਭਪਾਤਰੀਆਂ ਨੂੰ ਕੀਤੀ ਜਾ ਰਹੀ ਸਾਮਾਨ ਦੀ ਵੰਡ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਵੱਲੋਂ ਹਸਨ ਮੁੰਡਾ ਪਿੰਡ ਦੇ ਰਾਸ਼ਨ ਡਿਪੂ ਦਾ ਵੀ ਦੌਰਾ ਕੀਤਾ ਗਿਆ।

ਮੈਂਬਰ, ਪੰਜਾਬ ਸਟੇਟ ਫੂਡ ਕਮਿਸ਼ਨ ਨੇ ਕਮਿਸ਼ਨ ਦੇ ਹੈਲਪਲਾਈਨ ਨੰਬਰ 98767-64545 ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

ਉਨ੍ਹਾਂ ਦੱਸਿਆ ਕਿ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਸਕੀਮਾਂ ਸਬੰਧੀ ਸ਼ਿਕਾਇਤ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕੋਲ ਵੀ ਦਰਜ ਕਰਵਾਈ ਜਾ ਸਕਦੀ ਹੈ।

# ਪ੍ਰੀਖਿਆ ਕੇਂਦਰਾਂ ਦੇ ਇਰਦ-ਗਿਰਦ 100 ਮੀਟਰ ਦੇ ਘੇਰੇ ਵਿਚ 5 ਜਾਂ 5 ਤੋਂ ਵੱਧ ਵਿਅਕਤੀਆਂ ਦੇ ਇਕਠੇ ਹੋਣ 'ਤੇ ਪੂਰਨ ਪਾਬੰਦੀ

**ਫਾਜ਼ਿਲਕਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ ਅਮਰਪ੍ਰੀਤ ਕੌਰ ਸੰਧੂ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 (ਪੁਰਾਣੀ ਸੀ.ਆਰ.ਪੀ.ਸੀ., 1973 ਦੀ ਧਾਰਾ 144) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਪ੍ਰੀਖਿਆਵਾਂ ਲਈ ਬਣਾਏ ਗਏ ਪ੍ਰੀਖਿਆ ਕੇਂਦਰਾਂ ਦੇ ਇਰਦ-ਗਿਰਦ 100 ਮੀਟਰ ਦੇ ਘੇਰੇ ਵਿਚ 5 ਜਾਂ 5 ਤੋਂ ਵੱਧ ਵਿਅਕਤੀਆਂ ਦੇ ਇਕਠੇ ਹੋਣ *ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।

ਇਹ ਹੁਕਮ ਡਿਊਟੀ *ਤੇ ਤਾਇਨਾਤ ਸਰਕਾਰੀ ਅਮਲੇ ਅਤੇ ਪ੍ਰੀਖਿਆ ਦੇ ਰਹੇ ਪ੍ਰੀਖਿਆਰਥੀਆਂ ਤੇ ਲਾਗੂ ਨਹੀਂ ਹੋਵੇਗਾ। ਇਹ ਹੁਕਮ ਪ੍ਰੀਖਿਆ ਕੇਂਦਰਾਂ ਦੀਆਂ ਸੀਮਾਵਾਂ ਅੰਦਰ 11 ਅਪ੍ਰੈਲ 2026 ਤੱਕ ਲਾਗੂ ਰਹਿਣਗੇ।

ਹੁਕਮਾਂ ਅਨੁਸਾਰ ਸੈਂਟਰਲ ਬੋਰਡ ਆਫ ਸੈਕੰਡਰੀ ਸਿਖਿਆ ਵੱਲੋਂ ਦਸਵੀਂ ਅਤੇ ਬਾਰਵੀਂ ਦੀਆਂ ਸਲਾਨਾ ਪ੍ਰੀਖਿਆਵਾਂ 11 ਅਪ੍ਰੈਲ 2026 ਤੱਕ ਅਤੇ ਪੰਜਾਬ ਸਕੂਲ ਸਿਖਿਆ ਬੋਰਡ ਵੱਲੋਂ ਅਠਵੀ/ਦਸਵੀਂ/ਬਾਰਵੀਂ ਸ਼੍ਰੇਣੀ ਫਰਵਰੀ/ਮਾਰਚ 2026 ਦੀਆਂ ਸਲਾਨਾ ਪ੍ਰੀਖਿਆ (ਸਮੇਤ ਓਪਨ ਸਕੂਲ) ਜ਼ਿਲ੍ਹਾ ਫਾਜ਼ਿਲਕਾ ਦੇ ਸਕੂਲਾਂ ਅੰਦਰ ਹੋ ਰਹੀਆਂ ਹਨ। ਪ੍ਰੀਖਿਆਵਾਂ ਦੌਰਾਨ ਬੋਰਡ ਵੱਲੋਂ ਸਥਾਪਿਤ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਧਾਰਾ 163 ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ ਲਗਾਈ ਜਾਂਦੀ ਹੈ ਤਾਂ ਜੋ ਪ੍ਰੀਖਿਆ ਦਾ ਕਾਰਜ ਸੁਚਜੇ ਢੰਗ ਨਾਲ ਨੇਪਰੇ ਚਾੜਿਆ ਜਾ ਸਕੇ।ਜਿਲ੍ਹਾ ਫਾਜ਼ਿਲਕਾ ਅੰਦਰ ਪ੍ਰੀਖਿਆਵਾਂ ਦੌਰਾਨ ਅਮਨ ਅਤੇ ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਅਤੇ ਕੋਈ ਵੀ ਅਣ-ਸੁਖਾਵੀ ਘਟਨਾ ਨਾ ਵਾਪਰੇ, ਇਸ ਲਈ ਪ੍ਰੀਖਿਆਵਾਂ ਦੌਰਾਨ ਪ੍ਰੀਖਿਆ ਕੇਂਦਰਾਂ ਦੇ ਆਸ-ਪਾਸ ਆਮ ਪਬਲਿਕ ਦੇ ਇਕਠ ਹੋਣ *ਤੇ ਪਾਬੰਦੀ ਲਗਾਈ ਜਾਣੀ ਜਰੂਰੀ ਹੈ।

# ਬਾਂਕੇ ਬਿਹਾਰੀ ਮੰਦਰ ਵੱਲੋਂ ਫਾਲਗੁਣ ਮੇਲੇ ਦੇ ਮਦੇਨਜਰ ਸ਼੍ਰੀ ਖਾਟੂ ਸਿਆਮ ਦੀ ਕਢੀ ਗਈ ਸ਼ੋਭਾਯਾਤਰਾ



**ਫਾਜ਼ਿਲਕਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਂਕੇ ਬਿਹਾਰੀ ਮੰਦਰ ਵੱਲੋਂ ਫਾਲਗੁਣ ਮੇਲੇ ਦੇ ਮਦੇਨਜਰ ਸ਼੍ਰੀ ਖਾਟੂ ਸਿਆਮ ਦੀ ਸ਼ੋਭਾਯਾਤਰਾ ਮਾਧਿਵ ਨਗਰੀ ਤੋਂ ਕਢੀ ਗਈ ।ਇਸ ਦੌਰਾਨ ਮੈਡਮ ਖੁਸ਼ਬੂ ਸਵਨਾ ਨੇ ਸ਼ਿਰਕਤ ਕੀਤੀ । ਉਨ੍ਹਾਂ ਕਿਹਾ ਕਿ ਭਗਤਾਂ ਦਾ ਸ਼੍ਰੀ ਖਾਟੂ ਸਿਆਮ ਪ੍ਰਤੀ ਬਹੁਤ ਵਿਸ਼ਵਾਸ਼ ਹੈ ਤੇ ਲੋਕ ਬੜੀ ਆਸਥਾ ਲੈ ਕੇ ਜਾਂਦੇ ਹਨ ।ਉਨ੍ਹਾਂ ਕਿਹਾ ਕਿ ਸ਼ੋਭਾਯਾਤਰਾ ਵਿਚ ਸ਼ਮੂਲੀਅਤ ਕਰਨਾ ਸੁਭਾਗ ਵਾਲੀ ਗੱਲ ਹੈ ਤੇ ਭਗਤਾਂ ਵੱਲੋਂ ਵੱਧ ਚੜ ਕੇ ਹਿਸਾ ਲਿਆ ਗਿਆ ਹੈ ।ਉਨ੍ਹਾਂ ਕਿਹਾ ਕਿ ਖਾਟੂ ਸ਼ਿਆਮ ਜੀ ਅਗੇ ਅਰਦਾਸ ਕਰਦੇ ਹਨ ਕਿ ਫਾਜ਼ਿਲਕਾ ਵਾਸੀਆਂ ਤੇ ਐਸੇ ਤਰ੍ਹਾਂ ਕਿਰਪਾ ਬਣਾਈ ਰੱਖਣ ਤੇ ਆਪਣੇ ਭਗਤਾਂ ਨੂੰ ਖਾਟੂ ਸਿਆਮ ਦਰਸ਼ਨਾਂ ਲਈ ਬੁਲਾਉਣ ਤੇ ਆਪਣੀ ਸੰਗਤਾਂ ਤੇ ਦਯਾ ਮੇਹਰ ਭਰਿਆ ਹੱਥ ਰੱਖਣ ।

# ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਸਕਿਊਰਿਟੀ ਸੁਪਰਵਾਇਜ਼ ਦੀ ਮੁ.ਫਤ ਟ੍ਰੇਨਿੰਗ ਸਬੰਧੀ ਕੈਂਪ 3 ਮਾਰਚ ਨੂੰ

**ਤਰਨਤਾਰਨ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਬੇਰੁਜਗਾਰੀ ਨੂੰ ਘਟਾਉਣ ਲਈ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਬੇਰੁਜ਼ਗਾਰ ਨੌਜਵਾਨ ਲੜਕੇ-ਲੜਕੀਆਂ ਲਈ ਮੁਫ਼ਤ ਕਿੱਤਾ ਮੁੱਖੀ ਕੋਰਸ ਕਰਵਾਏ ਜਾਂਦੇ ਹਨ। ਇਸ ਸਬੰਧੀ ਮਿਸ਼ਨ ਵੱਲੋਂ ਸੀ.ਪਾਈਟ ਕੈਂਪ ਪੱਟੀ ਵਿਖੇ ਸਕਿਊਰਿਟੀ ਸੁਪਰਵਾਇਜ਼ ਦੀ ਮੁਫ਼ਤ ਟ੍ਰੇਨਿੰਗ ਪੀ. ਐਮ. ਕੇ. ਵੀ. ਵਾਈ. 5.0 ਅਧੀਨ ਕਰਵਾਈ ਜਾਣੀ ਹੈ।

ਇਸ ਟੇਨਿੰਗ ਲਈ ਯੋਗਤਾ ਦਸਵੀਂ ਪਾਸ ਅਤੇ 5 ਸਾਲ ਦਾ ਤਜ਼ਰਬਾ ਸਕਿਊਰਿਟੀ ਗਾਰਡ ਦਾ ਜਾਂ ਬਾਰ੍ਹਵੀਂ ਪਾਸ 3 ਸਾਲ ਦਾ ਤਜ਼ਰਬਾ ਸਕਿਊਰਿਟੀ ਗਾਰਡ ਦਾ ਹੋਣਾ ਚਾਹੀਦਾ ਹੈ। ਐਕਸ ਸਰਵਿਸ ਮੈਨ ਵੀ ਇਸ ਸਬੰਧੀ ਅਪਲਾਈ ਕਰ ਸਕਦੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ, ਤਰਨ ਤਾਰਨ ਵਿਕਰਮ ਜੀਤ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਤਰਨ ਤਾਰਨ ਸੁਰਿੰਦਰ ਸਿੰਘ ਦੀ ਰਹਿਨੁਮਾਈ ਹੇਠ ਮਿਤੀ 02-03-2026 ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਤਰਨ ਤਾਰਨ, ਕਮਰਾ ਨੰਬਰ 115, ਪਹਿਲੀ ਮੰਜ਼ਿਲ, ਡੀ.ਸੀ ਦਫਤਰ ਕੰਪਲੈਕਸ, ਸਰਹਾਲੀ ਰੋਡ (ਪਿੰਡ ਪਿੰਦੀ) ਤਰਨ ਤਾਰਨ ਵਿਖੇ ਇਸ ਸਬੰਧੀ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਸੀ.ਪਾਈਟ ਸੈਂਟਰ ਵਿਚ ਸਕਿਊਰਿਟੀ ਸੁਪਰਵਾਇਜ਼ ਦੀ ਮੁਫ਼ਤ ਟ੍ਰੇਨਿੰਗ ਆਈ.ਟੀ.ਆਈ ਕੰਪਲੈਕਸ, ਖੇਮਕਰਨ ਰੋਡ ਪੱਟੀ, ਤਰਨ ਤਾਰਨ ਵਿਚ ਕਰਵਾਈ ਜਾਣੀ ਹੈ। ਇਹ ਟ੍ਰੇਨਿੰਗ ਪ੍ਰਾਪਤ ਕਰਨ ਤੋਂ ਬਾਅਦ ਸਿਖਿਆਰਥੀ ਨੂੰ ਸਰਟੀਫਿਕੇਟ ਦਿੱਤਾ ਜਾਵੇਗਾ। ਉਨ੍ਹਾਂ ਯੋਗ ਪ੍ਰਾਰਥੀਆਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨ ਤਾਰਨ ਦੇ ਹੈਲਪਲਾਈਨ ਨੰਬਰ 77173-97013 ਅਤੇ ਮਨਜਿੰਦਰ ਸਿੰਘ (7717302484, 9779231125), ਜਤਿੰਦਰ ਸਿੰਘ (8437970900) ਨਾਲ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਬਾਰ ਕੋਡ ਨੂੰ ਸਕੈਨ ਕਰਕੇ ਆਪਣੇ ਆਪ ਨੂੰ ਰਜਿਸਟਰਡ ਕੀਤਾ ਜਾ ਸਕਦਾ ਹੈ।

# ਤਿੰਨ ਰੋਜਾ ਪੰਜਾਬ ਸਖੀ ਸ਼ਕਤੀ ਮੇਲੇ ਦਾ ਫਾਜ਼ਿਲਕਾ ਵਿਖੇ ਸ਼ਾਨਦਾਰ ਆਗਾਜ਼

**ਫਾਜ਼ਿਲਕਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮਹਿਲਾ ਸਸ਼ਕਤੀਕਰਨ ਨੂੰ ਮਜਬੂਤ ਕਰਨ ਅਤੇ ਉਨ੍ਹਾਂ ਨੂੰ ਰੋਜਗਾਰ ਦੇ ਨਾਲ ਜੋੜਨ ਤੇ ਕਲਾ ਨੂੰ ਜਨਹਿਤ ਵਿਚ ਲਿਜਾਉਣ ਲਈ ਸ਼ਲਾਘਾਯੋਗ ਪਹਿਲਕਦਮੀਆਂ ਉਲੀਕੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਫਾਜ਼ਿਲਕਾ ਵਿਖੇ ਤਿੰਨ ਰੋਜਾ 'ਪੰਜਾਬ ਸਖੀ ਸ਼ਕਤੀ ਮੇਲਾ-2026' ਕਰਵਾਇਆ ਜਾ ਰਿਹਾ ਹੈ ਜਿਸ ਦੀ ਸ਼ੁਰੂਆਤ ਸ਼ੁਕਰਵਾਰ ਨੂੰ ਕੀਤੀ ਗਈ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਫਾਜ਼ਿਲਕਾ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ, ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਅਤੇ ਵਿਧਾਇਕ ਬਲੂਆਣਾ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਵਿਸ਼ੇਸ਼ ਤੌਰ *ਤੇ ਪੁੱਜੇ ਸਨ। ਪ੍ਰੋਗਰਾਮ ਦੀ ਸ਼ੁਰੂਆਤ ਜੋਤ ਜਗਾ ਕੇ ਕੀਤੀ ਗਈ।

ਮੇਲੇ ਦਾ ਉਦਘਾਟਨ ਕਰਦਿਆਂ ਵਿਧਾਇਕ ਸਾਹਿਬਾਨ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਾਂ, ਜਿਨ੍ਹਾਂ ਦੀ ਬਦੌਲਤ ਪੰਜਾਬ ਵਿੱਚ ਮੇਲੇ ਲੱਗਣੇ ਸ਼ੁਰੂ ਹੋਏ ਹਨ। ਇਸ ਮੇਲੇ ਜ਼ਰੀਏ ਪਿੰਡਾਂ ਵਿੱਚ ਬੈਠੀਆਂ ਹੁਨਰਮੰਦ ਮਹਿਲਾਵਾਂ ਲਈ ਰੁਜ਼ਗਾਰ ਦੇਣ ਦਾ ਪੰਜਾਬ ਸਰਕਾਰ ਵੱਲੋਂ ਪਲੇਟਫਾਰਮ ਤਿਆਰ ਕੀਤਾ ਗਿਆ ਹੈ। ਮੇਲੇ ਵਿੱਚ ਵੱਖ-ਵੱਖ ਤਰ੍ਹਾਂ ਦੇ ਖਾਣ-ਪੀਣ ਦੇ ਸਟਾਲ ਲਗਾਏ ਗਏ ਹਨ। ਰੋਜਾਨਾ ਪੰਜਾਬੀ ਗਾਇਕ ਵੱਲੋਂ ਸ਼ਾਮ ਨੂੰ ਖੂਬਸੂਰਤ ਪੇਸ਼ਕਾਰੀ ਪੇਸ਼ ਕੀਤੀ ਜਾਵੇਗੀ। ਮੇਲੇ ਵਿੱਚ ਪੰਜਾਬ ਦਾ ਸੱਭਿਆਚਾਰ ਅਤੇ ਵਿਰਸਾ ਦਿਖਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਅਤੇ ਦੇਸ਼ ਦੇ ਹੋਰਨਾਂ ਸੂਬਿਆਂ ਦੀਆਂ ਮਹਿਲਾ ਉੱਦਮੀਆਂ ਤੇ ਸ਼ਿਲਪਕਾਰਾਂ ਵੱਲੋਂ ਬਣਾਈਆਂ ਵਸਤਾਂ ਨੂੰ ਇੱਕੋ ਮੰਚ ਮੁਹੱਈਆ ਕਰਵਾਉਣ ਅਤੇ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਤੇ ਵਿਰਸੇ ਤੋਂ ਜਾਣੂ ਕਰਵਾਉਣ ਲਈ 'ਪੰਜਾਬ ਸਖੀ ਸ਼ਕਤੀ ਮੇਲਾ-2026' ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਮਹਿਲਾਵਾਂ ਦੇ ਬਣੇ ਸਵੈ-ਸਹਾਇਤਾ ਸਮੂਹਾਂ ਅਤੇ ਲਗਾਈਆਂ ਗਈਆਂ ਸਟਾਲਾਂ *ਤੇ ਜਾ ਕੇ ਜਿਥੇ ਸਮਾਨ ਦੀ ਖਰੀਦਦਾਰੀ ਕੀਤੀ ਉਥੇ ਉਨ੍ਹਾਂ ਸ਼ਿਲਪਕਾਰਾਂ ਅਤੇ ਸਮਾਨ ਤਿਆਰ ਕਰਨ ਵਾਲੇ ਉਦਮੀਆਂ ਦੀ ਹੌਸਲਾਅਫਜਾਈ ਵੀ ਕੀਤੀ।

ਮੇਲੇ ਦੇ ਨੋਡਲ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਭਾਸ਼ ਚੰਦਰ ਨੇ ਕਿਹਾ ਕਿ ਅਜਿਹੇ ਮੇਲੇ ਆਪਣੇ ਸੱਭਿਆਚਾਰ ਨਾਲ ਜੁੜਨ ਦਾ ਇਕ ਵਧੀਆ ਵਸੀਲਾ ਹਨ ਅਤੇ ਸਾਨੂੰ ਸਾਡੀ ਅਮੀਰ ਵਿਰਾਸਤ ਤੋਂ ਜਾਣੂ ਕਰਵਾਉਂਦੇ ਹਨ।

# ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਲਈ ਘਰ-ਘਰ ਤੱਕ ਪਹੁੰਚ ਬਣਾਈ : ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ




**ਪਟਿਆਲਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਪਟਿਆਲਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਸਬੰਧੀ ਖੁੱਲ੍ਹੀ ਸੁਣਵਾਈ ਦਾ ਕੈਂਪ ਲਗਾਇਆ। ਇਸ ਮੌਕੇ ਜਤਿੰਦਰ ਸਿੰਘ ਸ਼ੰਟੀ ਨੇ ਜ਼ੋਰ ਦੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਸਮੇਤ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਰਾਜ ਭਰ ਵਿਖੇ ਘਰ-ਘਰ ਪਹੁੰਚ ਬਣਾ ਰਿਹਾ ਹੈ।

ਪਦਮਸ੍ਰੀ ਸ਼ੰਟੀ ਨੇ ਕਮਿਸ਼ਨ ਵੱਲੋਂ ਲੋਕਾਂ ਦੀਆਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 9855475547 ਜਾਰੀ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਦਿੱਤੀ ਜਾਵੇ ਜਿਸ 'ਤੇ ਦੋ ਦਿਨਾਂ ਅੰਦਰ ਯਕੀਨਨ ਕਾਰਵਾਈ ਹੋਵੇਗੀ।

ਕਮਿਸ਼ਨ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਤਰਫ਼ੋਂ ਏ.ਡੀ.ਸੀ ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ, ਐਸ.ਪੀ ਸਿਟੀ ਪਲਵਿੰਦਰ ਸਿੰਘ ਚੀਮਾ, ਕੇਂਦਰੀ ਜੇਲ੍ਹ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ, ਨਗਰ ਨਿਗਮ, ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ, ਬਿਜਲੀ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੇਤ ਪਟਿਆਲਾ ਦੀਆਂ ਸਮਾਜ ਸੇਵੀ ਸੰਸਥਾਵਾਂ (ਐਨ.ਜੀ.ਓਜ) ਨਾਲ ਇੱਕ ਅਹਿਮ ਬੈਠਕ ਕੀਤੀ ਅਤੇ ਪੀੜਤਾਂ ਦੀਆਂ ਸ਼ਿਕਾਇਤਾਂ ਵੀ ਸੁਣੀਆਂ।

ਇਸ ਮੌਕੇ ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਰਾਜ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ 15 ਮੈਂਬਰੀ ਕੋਰ ਗਰੁੱਪਾਂ ਦਾ ਗਠਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹੇ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਕਰਕੇ ਕਮਿਸ਼ਨ ਦੀ ਬ੍ਰਾਂਚ ਹਰ ਜ਼ਿਲ੍ਹੇ ਵਿੱਚ ਖੋਲ੍ਹੀ ਜਾਵੇਗੀ ਤਾਂ ਕਿ ਪੀੜਤਾਂ ਨੂੰ ਤੁਰੰਤ ਨਿਆਂ ਦਿਵਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਇਸ ਤਰ੍ਹਾਂ ਦੇ ਕੋਰ ਗਰੁੱਪ ਬਣਾਉਣ ਵਾਲਾ ਦੇਸ਼ ਦਾ ਪਹਿਲਾ ਕਮਿਸ਼ਨ ਬਣ ਰਿਹਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਨੇ ਸਰਕਾਰੀ ਰਜਿੰਦਰਾ ਹਸਪਤਾਲ ਵਿਖੇ ਅਚਨਚੇਤ ਦੌਰਾ ਕਰਕੇ ਉਥੇ ਐਮਰਜੈਂਸੀ, ਐਂਬੂਲੈਂਸ ਸੇਵਾਵਾਂ ਸਮੇਤ ਹੋਰ ਪਹਿਲੂਆਂ ਦਾ ਜਾਇਜ਼ਾ ਲਿਆ।

ਪਦਮਸ੍ਰੀ ਸ਼ੰਟੀ ਨੇ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਸਮੂਹ ਵਿਭਾਗੀ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਮਨੁੱਖੀ ਅਧਿਕਾਰਾਂ ਨੂੰ ਹੋਰ ਬਿਹਤਰ ਬਣਾਉਣ ਲਈ ਐਨ.ਜੀ.ਓਜ ਤੋਂ ਸੁਝਾਅ ਵੀ ਲਏ। ਏ.ਡੀ.ਸੀ. ਨਵਰੀਤ ਕੌਰ ਸੇਖੋਂ, ਐਸ.ਪੀ. ਪਲਵਿੰਦਰ ਸਿੰਘ ਚੀਮਾ ਤੇ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਨੇ ਭਰੋਸਾ ਦਿੱਤਾ ਕਿ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ। ਇਸ ਮੌਕੇ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਇਸਲਾਮ ਅਲੀ ਸਮੇਤ ਮਨੁੱਖੀ ਅਧਿਕਾਰ ਕਮਿਸ਼ਨ ਮੈਂਬਰ ਦੇ ਸਕੱਤਰ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਪਟਿਆਲਾ ਦੀਆਂ ਐਨ.ਜੀ.ਓਜ ਦੇ ਮੈਂਬਰ ਮੌਜੂਦ ਸਨ।

ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਨਿਆਂ ਦਿਵਾਉਣ ਲਈ ਹੋਰ ਚੌਕਸ ਹੋਣ ਦੇ ਨਿਰਦੇਸ਼ ਦਿੱਤੇ ਅਤੇ ਐਨ.ਜੀ.ਓਜ ਦੀ ਪ੍ਰਸ਼ੰਸਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਸਹਿਯੋਗ ਕਰਨ ਦੀ ਵੀ ਹਦਾਇਤ ਕੀਤੀ।

ਜਤਿੰਦਰ ਸਿੰਘ ਸ਼ੰਟੀ ਨੇ ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਜਾਰੀ ਸਲਾਹਕਾਰੀਆਂ ਨੂੰ ਲਾਗੂ ਕਰਨ ਦੀ ਹਦਾਇਤ ਕਰਦਿਆਂ ਦੱਸਿਆ ਕਿ ਹੁਣ ਕੋਈ ਵੀ ਸਰਕਾਰੀ ਅਤੇ ਨਿੱਜੀ ਹਸਪਤਾਲਕਿਸੇ ਮਰੀਜ ਜਾਂ ਮ੍ਰਿਤਕ ਸਰੀਰ ਨੂੰ ਬਿੱਲ ਦੇ ਭੁਗਤਾਨ ਨਾ ਹੋਣ ਉਤੇ ਰੋਕ ਨਹੀਂ ਸਕੇਗਾ। ਇਸ ਤੋਂ ਬਿਨ੍ਹਾਂ ਹਰ ਹਸਪਤਾਲ ਵਿਖੇ ਲਾਜਮੀ ਤੌਰ ਉਤੇ ਢੁਕਵੀਂ ਮੁਰਦਾਘਰ ਸਹੂਲਤ ਤੇ ਐਂਬੂਲੈਂਸ ਵੈਨ ਸੇਵਾਵਾਂ ਪ੍ਰਦਾਨ ਕਰਨੀਆਂ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਲਾਵਾਰਿਸ ਜਾਂ ਆਰਥਿਕ ਤੌਰ 'ਤੇ ਕਮਜ਼ੋਰ ਲੋਕਾਂ ਦੇ ਸਸਕਾਰ/ਦਫ਼ਨਾਉਣ ਲਈ ਸਹਾਇਤਾ ਦੇ ਯਕੀਨੀ ਬਣਾਉਣ ਲਈ ਵੀ ਆਦੇਸ਼ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲਾਸ਼ਾਂ ਰੱਖਣ ਲਈ ਮੌਰਚਰੀ ਬਾਕਸ ਉਪਲਬੱਧ ਕਰਵਾਉਣ ਸਮੇਤ ਸਫਾਈ ਯੋਧਿਆਂ ਨੂੰ ਸੁਰੱਖਿਆ, ਜੁੱਤੇ, ਦਸਤਾਨੇ, ਸੈਨੇਟਾਈਜ਼ਰ ਦੇਣ ਸਮੇਤ ਬੀਮਾ ਸੁਰੱਖਿਆ ਸਹੂਲਤਾਂ ਦੇਣ ਲਈ ਵੀ ਹਦਾਇਤ ਜਾਰੀ ਕੀਤੀ ਗਈ ਹੈ। ਇਸ ਤੋਂ ਬਿਨ੍ਹਾਂ 112 'ਤੇ ਫੋਨ ਕਰਕੇ ਜਿੰਦਗੀ ਮੌਤ ਦੀ ਲੜਾਈ ਦੀ ਲੜ ਰਹੇ ਮਰੀਜਾਂ ਦੀਆਂ ਐਂਬੂਲੈਂਸਾਂ ਨੂੰ ਹਸਪਤਾਲਾਂ ਤੱਕਣ ਲਈ ਪੁਲਿਸ ਪਾਇਲਟ ਮੁਹੱਈਆ ਕਰਵਾਉਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

# ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲਾ: ਸਕੂਲਾਂ ਤੇ ਕਾਲਜਾਂ ਦੇ ਪ੍ਰਤਿਭਾ ਖੋਜ ਮੁਕਾਬਲੇ

## ਖੁਸ਼ੀ ਸੈਣੀ ਤੇ ਹਰਲੀਨ ਕੌਰ ਨੇ ਮਾਰੀ ਬਾਜੀ, ਬਜ਼ੁਰਗਾਂ 'ਚੋਂ ਗੁਰਿੰਦਰ ਸਿੰਘ ਤੇ ਸਜਨੀ ਨੇ ਰਹੇ ਮੋਹਰੀ

**ਪਟਿਆਲਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਸ਼ੀਸ ਮਹਿਲ ਵਿਖੇ ਪੰਜਾਬ ਸਰਕਾਰ ਦੀ ਅਗਵਾਈ 'ਚ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਸ੍ਰੀ ਵਰਜੀਤ ਵਾਲੀਆ ਦੀ ਸਰਪ੍ਰਸਤੀ 'ਚ ਲਗਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਦੌਰਾਨ ਅੱਜ ਕਾਲਜਾਂ ਤੇ ਸਕੂਲਾਂ ਦੇ ਵਿਦਿਆਰਥੀਆਂ ਦੇ ਪ੍ਰਤਿਭਾ ਖੋਜ ਮੁਕਾਬਲੇ, ਨਾਟਕਾਂ ਦਾ ਮੰਚਨ ਤੇ ਬਜ਼ੁਰਗਾਂ ਦਾ ਸ਼ੋਅ (ਐਲਡਰ ਸ਼ੋਅ) ਕਰਵਾਇਆ ਗਿਆ। ਵਧੀਕ ਡਿਪਟੀ ਕਮਿਸ਼ਨਰ ਕਮ ਮੇਲਾ ਅਫ਼ਸਰ ਦਮਨਜੀਤ ਸਿੰਘ ਮਾਨ, ਸਹਾਇਕ ਮੇਲਾ ਅਫ਼ਸਰ ਨਮਨ ਮੜਕਨ ਐਸ.ਡੀ.ਐਮ. ਰਾਜਪੁਰਾ ਤੇ ਅਸ਼ੋਕ ਕੁਮਾਰ ਐਸ.ਡੀ.ਐਮ. ਪਾਤੜਾ ਦੀ ਦੇਖ-ਰੇਖ 'ਚ ਹੋਏ ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਪ੍ਰਦਰਸ਼ਨੀ (ਗੈਸਟ ਆਈਟਮ) ਦੇ ਤੌਰ 'ਤੇ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ। ਜੇਤੂਆਂ ਨੂੰ ਇਨਾਮ ਵੰਡਣ ਦੀ ਰਸਮ ਲੀਗਲ ਅਫ਼ਸਰ ਰਣਜੀਤ ਕੌਰ, ਭਾਸ਼ਾ ਵਿਭਾਗ ਪੰਜਾਬ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ, ਡਾ. ਨਰਿੰਦਰ ਸਿੰਘ ਤੇਜਾ ਨੇ ਅਦਾ ਕੀਤੀ।



ਨਟਰਾਜ ਸੰਸਥਾ ਵੱਲੋਂ ਪਦਮ ਸ੍ਰੀ ਪ੍ਰਾਣ ਸੱਭਰਵਾਲ ਦੀ ਨਿਰਦੇਸ਼ਨਾ 'ਚ ਵਾਤਾਵਰਣ, ਨਸ਼ਿਆਂ ਵਿਰੁੱਧ ਤੇ ਹੋਰਨਾਂ ਸਮਾਜਿਕ ਕੁਰੀਤੀਆਂ 'ਤੇ ਵਿਅੰਗ ਕਰਦੇ ਨਾਟਕਾਂ ਦਾ ਖ਼ੂਬਸੂਰਤ ਮੰਚਨ ਕੀਤਾ ਗਿਆ। ਸਕੂਲ ਪੱਧਰ ਦੇ ਪ੍ਰਤਿਭਾ ਖੋਜ ਮੁਕਾਬਲਿਆਂ 'ਚੋਂ ਹਰਲੀਨ ਕੌਰ ਕੈਰੀਅਰ ਅਕੈਡਮੀ (ਗਾਇਨ) ਪਹਿਲੇ, ਅਮਰੀਨ ਕੌਰ (ਲੋਕ ਨਾਚ) ਜੈਮਜ ਪਬਲਿਕ ਸਕੂਲ ਤੇ ਸੁਹਾਨੀ (ਲੋਕ ਨਾਚ) ਸਰਕਾਰੀ ਸੈਕੰਡਰੀ ਸਕੂਲ ਓਲਡ ਪੁਲਿਸ ਲਾਈਨਜ਼ ਨੇ ਸਾਂਝੇ ਤੌਰ 'ਤੇ ਦੂਸਰਾ, ਹਰਨੂਰ ਕੌਰ ਤੇ ਮਨਤਾਜ ਕੌਰ (ਲੋਕ ਨਾਚ) ਕੈਰੀਅਰ ਅਕੈਡਮੀ ਨੇ ਸਾਂਝੇ ਤੌਰ 'ਤੇ ਤੀਸਰਾ ਸਥਾਨ ਹਾਸਿਲ ਕੀਤਾ। ਕਾਲਜ ਪੱਧਰ ਦੇ ਮੁਕਾਬਲਿਆਂ 'ਚੋਂ ਖੁਸ਼ੀ ਸੈਣੀ (ਲੋਕ ਨਾਚ) ਸਰਕਾਰੀ ਕਾਲਜ ਲੜਕੀਆਂ ਪਟਿਆਲਾ ਨੇ ਪਹਿਲਾ ਤੇ ਨਿਤਕਾ (ਰਿਦਮਿਕ ਜਿਮਨਾਸਟਿਕ) ਸਰਕਾਰੀ ਕਾਲਜ ਲੜਕੀਆਂ ਪਟਿਆਲਾ ਨੇ ਦੂਸਰਾ ਸਥਾਨ ਹਾਸਿਲ ਕੀਤਾ। ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਡਾ. ਸੁਖਦਰਸ਼ਨ ਸਿੰਘ ਚਹਿਲ, ਰਣਜੀਤ ਕੌਰ ਤੇ ਭਾਵਨਾ ਸ਼ਰਮਾ ਨੇ ਕੀਤੀ। ਬਜੁਰਗ ਦੇ ਸੋਲੋ ਨਾਚ ਮੁਕਾਬਲੇ 'ਚ ਗੁਰਿੰਦਰ ਸਿੰਘ ਕੰਬੋਜ ਨੇ ਪਹਿਲਾ ਤੇ ਰਣਜੀਤ ਸਿੰਘ ਨੇ ਦੂਸਰਾ, ਔਰਤਾਂ ਦੇ ਵਰਗ 'ਚ ਸਜਨੀ ਅੱਵਲ ਰਹੀ। ਜੋੜੀਆਂ ਦੇ ਨਾਚ 'ਚੋਂ ਦਵਿੰਦਰ ਸਿੰਘ ਤੇ ਗੁਰਪ੍ਰੀਤ ਕੌਰ ਦੀ ਜੋੜੀ ਅੱਵਲ ਰਹੀ। ਇਨ੍ਹਾਂ ਮੁਕਾਬਲਿਆਂ 'ਚ ਤਿੰਨ ਦਰਜ਼ਨ ਦੇ ਕਰੀਬ ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਸ੍ਰੀਮਤੀ ਰੂਪਵੰਤ ਕੌਰ ਦੀ ਨਿਗਰਾਨੀ ਹੇਠ ਹੋਏ ਇਸ ਸਮਾਗਮ ਦਾ ਮੰਚ ਸੰਚਾਲਨ ਡਾ. ਨਰਿੰਦਰ ਸਿੰਘ ਤੇਜਾ ਨੇ ਬਾਖ਼ੂਬੀ ਕੀਤਾ। ਇਸ ਮੌਕੇ ਮਾ. ਕੁਲਦੀਪ ਸਿੰਘ, ਲਖਵਿੰਦਰ ਸਿੰਘ, ਭਾਵਨਾ ਸ਼ਰਮਾ, ਰੁਪਿੰਦਰ ਕੌਰ, ਕਿਰਨਾ ਦੇਵੀ, ਰੀਨਾ, ਬਲਜੀਤ ਕੌਰ, ਆਸ਼ੂ ਰਾਣੀ, ਜਸਪ੍ਰੀਤ ਕੌਰ ਅਤੇ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਨੇ ਸਮਾਗਮ ਦੀ ਸਫ਼ਲਤਾ ਲਈ ਯੋਗਦਾਨ ਪਾਇਆ।

# ਪੰਜਾਬ ਨੂੰ ਨਾਗਰਿਕ-ਕੇਂਦ੍ਰਿਤ ਸੁਧਾਰਾਂ ਲਈ ਮਿਲਿਆ ਵੱਕਾਰੀ ਡਿਜੀਟਲ ਐਕਸੀਲੈਂਸ ਐਵਾਰਡ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਗਰਿਕ-ਕੇਂਦ੍ਰਿਤ ਸੁਧਾਰਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਪਾਰਦਰਸ਼ਤਾ, ਕੁਸ਼ਲਤਾ ਅਤੇ ਜਨਤਕ ਸੇਵਾਵਾਂ ਦੀ ਨਿਰਵਿਘਨ ਡਿਲੀਵਰੀ ਨੂੰ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤਕਨਾਲੋਜੀ ਸਭਾ 2026 ਦੌਰਾਨ ਵੱਕਾਰੀ ਡਿਜੀਟਲ ਐਕਸੀਲੈਂਸ ਐਵਾਰਡ ਮਿਲਿਆ ਹੈ।

ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਦੇ ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਸੂਬਾ ਸਰਕਾਰ ਤਰਫੋਂ ਇਹ ਪੁਰਸਕਾਰ ਹੈਦਰਾਬਾਦ ਵਿਖੇ ਇੰਡੀਅਨ ਐਕਸਪ੍ਰੈਸ ਗਰੁੱਪ ਵੱਲੋਂ ਕਰਵਾਈ ਗਈ ਤਕਨਾਲੋਜੀ ਸਭਾ 2026 ਦੌਰਾਨ ਹਾਸਲ ਕੀਤਾ। ਇਸ ਸਮਾਰੋਹ ਵਿੱਚ ਦੇਸ਼ ਭਰ ਦੇ ਚੋਟੀ ਦੇ ਤਕਨਾਲੋਜੀ ਦਿੱਗਜਾਂ ਅਤੇ ਨੀਤੀ ਘਾੜਿਆਂ ਨੇ ਸ਼ਿਰਕਤ ਕੀਤੀ।

ਇਹ ਪੁਰਸਕਾਰ ਸੂਬੇ ਦੇ ਨਾਗਰਿਕਾਂ ਅਤੇ ਵਿਭਾਗ ਦੀ ਟੀਮ ਨੂੰ ਸਮਰਪਿਤ ਕਰਦਿਆਂ, ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮਾਨਤਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇੱਕ ਪਾਰਦਰਸ਼ੀ, ਕਾਗਜ਼ ਰਹਿਤ ਅਤੇ ਜਵਾਬਦੇਹੀ ਵਾਲਾ ਪ੍ਰਬੰਧਕੀ ਢਾਂਚਾ ਬਣਾਉਣ ਲਈ ਸੌਂਪੇ ਕਾਰਜਾਂ ਦਾ ਨਤੀਜਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਵੱਕਾਰੀ ਪੁਰਸਕਾਰ ਪੰਜਾਬ ਸਰਕਾਰ ਦੇ ਸੁਸ਼ਾਸਨ ਅਤੇ ਨਾਗਰਿਕ-ਕੇਂਦ੍ਰਿਤ ਸੁਧਾਰਾਂ ਨੂੰ ਯਕੀਨੀ ਬਣਾਉਣ ਦੇ ਯਤਨਾਂ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਨੇ ਇਸ ਸਨਮਾਨ ਦਾ ਸਿਹਰਾ ਸਰਕਾਰ ਵੱਲੋਂ 'ਵਿਚੋਲੇ ਸੱਭਿਆਚਾਰ' ਨੂੰ ਖਤਮ ਕਰਨ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਨਮਾਨਜਨਕ ਅਤੇ ਨਿਰਵਿਘਨ ਢੰਗ ਨਾਲ ਸੇਵਾਵਾਂ ਯਕੀਨੀ ਬਣਾਉਣ ਦੇ ਯਤਨਾਂ ਨੂੰ ਦਿੱਤਾ। ਇਹ ਡਿਜੀਟਲ ਪਰਿਵਰਤਨ ਸਿਰਫ਼ ਤਕਨਾਲੋਜੀ ਬਾਰੇ ਨਹੀਂ ਹੈ ਬਲਕਿ ਇਹ ਸਿਸਟਮ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਬਹਾਲ ਕਰਨ ਬਾਰੇ ਹੈ।

ਸ੍ਰੀ ਅਮਨ ਅਰੋੜਾ ਨੇ ਪੰਜਾਬ ਸਰਕਾਰ ਦੀਆਂ ਨਿਵੇਕਲੀਆਂ ਤੇ ਆਪਣੀ ਕਿਸਮ ਦੀਆਂ ਪਲੇਠੀਆਂ ਡਿਜੀਟਲ ਪਹਿਲਕਦਮੀਆਂ 'ਤੇ ਚਾਨਣਾ ਪਾਇਆ ਜੋ ਦੇਸ਼ ਭਰ ਵਿੱਚ ਨਾਗਰਿਕਾਂ ਦੀ ਸਹੂਲਤ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ÷ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ÷ ਸੂਬਾ ਸਰਕਾਰ ਦੀ ਇੱਕ ਪ੍ਰਮੁੱਖ ਸਕੀਮ ਹੈ ਜਿਸ ਤਹਿਤ ਨਾਗਰਿਕ ਆਪਣੇ ਘਰ ਬੈਠੇ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ 430 ਤੋਂ ਵੱਧ ਸਰਕਾਰੀ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਨਾਗਰਿਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਦੇ ਜਾਣ ਦੀ ਲੋੜ ਵੀ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਪੰਚਾਂ, ਨੰਬਰਦਾਰਾਂ ਅਤੇ ਨਗਰ ਕੌਂਸਲਰਾਂ(ਐਮਸੀ) ਨੂੰ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਇਸ ਨਾਲ ਜ਼ਰੂਰੀ ਸਰਟੀਫਿਕੇਟ ਜਾਰੀ ਕਰਨ ਵਿੱਚ ਕਾਫ਼ੀ ਤੇਜ਼ੀ ਆਈ ਹੈ ਅਤੇ ਤਕਨਾਲੋਜੀ ਨੂੰ ਜ਼ਮੀਨੀ ਪੱਧਰ ਦੀ ਲੀਡਰਸ਼ਿਪ ਨਾਲ ਜੋੜਿਆ ਗਿਆ ਹੈ।

ਪਟਵਾਰੀਆਂ ਅਤੇ ਫੀਲਡ ਸਟਾਫ ਦੀ ਸਫਲ ਆਨਬੋਰਡਿੰਗ ਦੇ ਨਾਲ, ਸੂਬਾ ਸਰਕਾਰ ਵੱਲੋਂ 12.5 ਲੱਖ ਤੋਂ ਵੱਧ ਅਰਜ਼ੀਆਂ 'ਤੇ ਆਨਲਾਈਨ ਕਾਰਵਾਈ ਕੀਤੀ ਗਈ ਹੈ।

# ਡਾ. ਰਵਜੋਤ ਨੇ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਵਾਪਸ ਬਣਾਉਣ ਲਈ ਵਿਦੇਸ਼ ਮੰਤਰਾਲੇ ਤੋਂ ਤੁਰੰਤ ਦਖਲ ਦੀ ਕੀਤੀ ਮੰਗ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਜੰਗ ਕਾਰਨ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਵਾਪਸ ਲਿਆਉਣ ਲਈ ਕੇਂਦਰੀ ਵਿਦੇਸ਼ ਮੰਤਰੀ ਦੇ ਤੁਰੰਤ ਦਖਲ ਦੀ ਮੰਗ ਕੀਤੀ।

ਕੇਂਦਰੀ ਵਿਦੇਸ਼ ਮੰਤਰੀ ਨੂੰ ਲਿਖੇ ਇੱਕ ਪੱਤਰ ਵਿੱਚ, ਉਨ੍ਹਾਂ ਨੇ ਇਜ਼ਰਾਈਲ ਅਤੇ ਈਰਾਨ ਦਰਮਿਆਨ ਜੰਗ ਦੇ ਮੱਦੇਨਜ਼ਰ ਉੱਥੇ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਵਾਪਸ ਲਿਆਉਣ ਦੇ ਸਬੰਧ ਵਿੱਚ ਉਨ੍ਹਾਂ ਨਾਲ ਤੁਰੰਤ ਮੀਟਿੰਗ ਕਰਨ ਦੀ ਮੰਗ ਕੀਤੀ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੱਧ ਪੂਰਬ ਵਿੱਚ ਇਹ ਤਣਾਅ ਸਾਡੇ ਲੋਕਾਂ ਦੀ ਸੁਰੱਖਿਆ ਲਈ ਇੱਕ ਗੰਭੀਰ ਖ਼ਤਰਾ ਪੈਦਾ ਕਰਦਾ ਹੈ। ਸਥਿਤੀ ਦੀ ਨਾਜ਼ੁਕ ਪ੍ਰਕਿਰਤੀ ਨੂੰ ਦੇਖਦਿਆਂ, ਮੰਤਰੀ ਨੇ ਕਿਹਾ ਕਿ ਉੱਥੇ ਫਸੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਨੂੰ ਵਾਪਸ ਲਿਆਉਣ ਲਈ ਸੁਰੱਖਿਅਤ ਪ੍ਰਬੰਧ ਕਰਨ ਲਈ ਤੁਰੰਤ ਤਾਲਮੇਲ ਬੇਹੱਦ ਜ਼ਰੂਰੀ ਹੈ।

ਇਸ ਦੌਰਾਨ ਕੈਬਨਿਟ ਮੰਤਰੀ ਨੇ ਚੱਲ ਰਹੀ ਜੰਗ ਕਾਰਨ ਯੂਏਈ ਦੇ ਵੱਖ-ਵੱਖ ਹਵਾਈ ਅੱਡਿਆਂ 'ਤੇ ਫਸੇ ਪੰਜਾਬ ਦੇ ਸੈਲਾਨੀਆਂ ਅਤੇ ਨਿਵਾਸੀਆਂ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਗੱਲਬਾਤ ਦੌਰਾਨ, ਉਨ੍ਹਾਂ ਨੇ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ, ਕੇਂਦਰ ਸਰਕਾਰ ਅਤੇ ਮੱਧ ਪੂਰਬ ਵਿੱਚ ਭਾਰਤੀ ਦੂਤਾਵਾਸਾਂ ਨਾਲ ਲਗਾਤਾਰ ਗੱਲਬਾਤ ਕੀਤੀ ਜਾ ਰਹੀ ਹੈ। ਡਾ. ਰਵਜੋਤ ਸਿੰਘ ਨੇ ਫਸੇ ਹੋਏ ਲੋਕਾਂ ਨੂੰ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਉਨ੍ਹਾਂ ਦੀ ਸੁਰੱਖਿਅਤ ਪੰਜਾਬ ਵਾਪਸੀ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ।

# ਵਜਰਾ ਕੋਰ ਨੇ 76ਵਾਂ ਸਥਾਪਨਾ ਦਿਵਸ ਮਨਾਇਆ



**ਜਲੰਧਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਫੌਜ ਦੀ ਵਜਰਾ ਕੋਰ ਨੇ 01 ਮਾਰਚ 2026 ਨੂੰ ਆਪਣਾ 76ਵਾਂ ਸਥਾਪਨਾ ਦਿਵਸ ਮਨਾਇਆ, ਜੋ ਕਿ ਰਾਸ਼ਟਰ ਪ੍ਰਤੀ ਸੱਤ ਦਹਾਕਿਆਂ ਤੋਂ ਵੱਧ ਸਮੇਂ ਦੀ ਵਿਲੱਖਣ ਸੇਵਾ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। 1950 ਵਿੱਚ ਸਥਾਪਿਤ, ਇਹ ਪਹਿਲੀ ਭਾਰਤੀ ਫੌਜ ਕੋਰ ਸੀ ਜਿਸਨੂੰ ਸਥਾਪਿਤ ਕੀਤਾ ਗਿਆ ਸੀ।

ਸਾਲਾਂ ਦੌਰਾਨ, ਕੋਰ ਨੇ ਪੱਛਮੀ ਮੋਰਚੇ 'ਤੇ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਜਿਸਨੇ 1965 ਅਤੇ 1971 ਦੀਆਂ ਜੰਗਾਂ ਵਿੱਚ ਵਿਲੱਖਣਤਾ ਪ੍ਰਾਪਤ ਕੀਤੀ ਹੈ, ਜਿਸ ਵਿੱਚ ਡੋਗਰਾਈ, ਬਰਕੀ ਅਤੇ ਖੇਮ ਕਰਨ ਦੀਆਂ ਇਤਿਹਾਸਕ ਜਿੱਤਾਂ ਸ਼ਾਮਲ ਹਨ। ਕੋਰ ਨੇ ਰਾਸ਼ਟਰੀ ਸੁਰੱਖਿਆ ਪ੍ਰਤੀ ਨਿਰੰਤਰ ਸੰਚਾਲਨ ਉੱਤਮਤਾ ਅਤੇ ਦ੍ਰਿੜ ਵਚਨਬੱਧਤਾ ਦਾ ਪ੍ਰਦਰਸ਼ਨ ਵੀ ਕੀਤਾ ਹੈ, ਜਿਸ ਵਿੱਚ ਓਪ੍ਰੇਸ਼ਨ ਸਿੰਦੂਰ ਅਤੇ ਓਪ੍ਰੇਸ਼ਨ ਰਾਹਤ ਦੌਰਾਨ ਵਜਰਾ ਕੋਰ ਦੇ ਸੈਨਿਕਾਂ ਦੁਆਰਾ ਪ੍ਰਦਰਸ਼ਿਤ ਉੱਚ ਪੱਧਰੀ ਸਰਵਪੱਖੀ ਉੱਤਮਤਾ ਅਤੇ ਸਮਰਥਨ ਸ਼ਾਮਲ ਹੈ ਅਤੇ ਇਸ ਮਹੱਤਵਪੂਰਨ ਸਰਹੱਦੀ ਰਾਜ, ਪੰਜਾਬ ਦੇ ਸਿਵਲ ਪ੍ਰਸ਼ਾਸਨ, ਸਾਬਕਾ ਸੈਨਿਕਾਂ, ਪਰਿਵਾਰਾਂ ਅਤੇ ਸਿਵਲ ਸਮਾਜ ਨਾਲ ਫੌਜ ਨੂੰ ਜੋੜਨ ਵਾਲੀਆਂ ਬਹੁ-ਪੱਖੀ ਪਹੁੰਚ ਗਤੀਵਿਧੀਆਂ ਦੇ ਸੰਚਾਲਨ ਵੀ ਸ਼ਾਮਲ ਹਨ।

# ਭਾਜਪਾ ਦੀ 14 ਮਾਰਚ ਨੂੰ ਹੋਣ ਵਾਲੀ ਮੋਗਾ ਰੈਲੀ ਸਬੰਧੀ ਖੱਟੜਾ ਦੀ ਅਗਵਾਈ 'ਚ ਹੋਈ ਅਹਿਮ ਮੀਟਿੰਗ



ਭਾਜਪਾ ਦੇ ਪਟਿਆਲਾ ਦਿਹਾਤੀ ਹਲਕੇ ਦੇ ਮੁੱਖ ਦਫ਼ਤਰ ਵਿਖੇ ਐਡਵੋਕੇਟ ਸਤਬੀਰ ਸਿੰਘ ਖੱਟੜਾ ਮੋਗਾ ਰੈਲੀ ਸੰਬੰਧੀ ਮੀਟਿੰਗ ਕਰਨ ਸਮੇਂ ਨਾਲ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਖੱਟੜਾ ਤੇ ਜ਼ਿਲਾ ਪ੍ਰਧਾਨ ਵਿਜੇ ਕੂਕਾ।

**ਪਟਿਆਲਾ, 3 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿਚ ਭਾਜਪਾ ਆਪਣਾ ਜਨ ਆਧਾਰ ਮਜਬੂਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ, ਜਿਸ ਤਹਿਤ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦੇ ਹੋਏ ਹੁਣ ਭਾਜਪਾ ਵਲੋਂ ਮੋਗਾ ਵਿਖੇ 14 ਮਾਰਚ ਨੂੰ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਹੋਰ ਕੇਂਦਰੀ ਲੀਡਰਸ਼ਿਪ ਇਸ ਰੈਲੀ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰੇਗੀ। ਇਸ ਸੰਬੰਧੀ ਪਟਿਆਲਾ ਦਿਹਾਤੀ ਹਲਕੇ ਦੇ ਮੁੱਖ ਦਫ਼ਤਰ ਵਿਖੇ ਐਡਵੋਕੇਟ ਸਤਬੀਰ ਸਿੰਘ ਖੱਟੜਾ ਦੀ ਅਗਵਾਈ ਹੇਠ ਅਹਿਮ ਮੀਟਿੰਗ ਹੋਈ, ਜਿਸ ਵਿਚ ਭਾਜਪਾ ਦੇ ਜ਼ਿਲਾ ਪ੍ਰਧਾਨ ਵਿਜੇ ਕੂਕਾ, ਹਰਭਜਨ ਲਚਕਾਣੀ, ਭਾਜਪਾ ਦੇ ਜ਼ਿਲਾ ਸਪੋਕਸਮੈਨ ਯੁਵਰਾਜ ਸ਼ਰਮਾ, ਗੁਰੀ ਸਿੱਧੂਵਾਲ ਆਦਿ ਹੋਰ ਆਗੂ ਸ਼ਾਮਲ ਹੋਏ। ਇਸ ਮੀਟਿੰਗ ਵਿਚ ਰੈਲੀ ਵਿਚ ਜਾਣ ਸੰਬੰਧੀ ਤਿਆਰੀਆਂ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਖੱਟੜਾ ਤੇ ਜ਼ਿਲਾ ਪ੍ਰਧਾਨ ਵਿਜੇ ਕੂਕਾ ਨੇ ਕਿਹਾ ਕਿ ਇਹ ਰੈਲੀ ਪੰਜਾਬ ਵਿਚ ਬਦਲਾਅ ਲਿਆਉਣ ਲਈ ਕੀਤੀ ਜਾ ਰਹੀ ਹੈ, ਜਿਸ ਵਿਚ ਕਾਂਗਰਸ, ਆਪ ਸਰਕਾਰ ਦੀਆਂ ਪੋਲਾਂ ਖੋਲ੍ਹੀਆਂ ਜਾਣਗੀਆਂ ਕਿਉਂਕਿ ਪਹਿਲਾਂ ਕਾਂਗਰਸ ਨੇ ਆਪਣੇ ਰਾਜ ਦੌਰਾਨ ਪੰਜਾਬ ਵਿਚ ਕੁੱਝ ਨਹੀਂ ਕੀਤਾ ਅਤੇ ਹੁਣ ਆਪ ਸਰਕਾਰ ਵੀ ਪਿਛਲੇ 4 ਸਾਲਾਂ ਤੋਂ ਲੋਕਾਂ ਨੂੰ ਝੂਠੇ ਲਾਅਰੇ ਅਤੇ ਵਾਅਦੇ ਕਰਦੀ ਆ ਰਹੀ ਹੈ, ਜਿਨ੍ਹਾਂ ਤੋਂ ਲੋਕ ਪੂਰੀ ਤਰ੍ਹਾਂ ਅੱਕੇ ਹੋਏ ਹਨ ਤਾਂ ਹੀ ਹੁਣ ਪੰਜਾਬ ਦੇ ਲੋਕਾਂ ਨੇ ਵੀ ਮਨ ਬਣਾ ਲਿਆ ਹੈ ਕਿ 2027 ਦੌਰਾਨ ਇਸ ਵਾਰ ਭਾਜਪਾ ਨੂੰ ਨਿਰੋਲ ਸਰਕਾਰ ਬਣਾਉਣ ਦਾ ਮੌਕਾ ਦਿੱਤਾ ਜਾਵੇ ਤਾਂ ਜੋ ਪੰਜਾਬ ਵਿਚ ਵੀ ਡਬਲ ਇੰਜਨ ਵਾਲੀ ਸਰਕਾਰ ਬਣ ਸਕੇ। ਉਨ੍ਹਾਂ ਕਿਹਾ ਕਿ ਭਾਜਪਾ ਦੀ ਸਰਕਾਰ ਆਉਣ 'ਤੇ ਸੂਬੇ ਦਾ ਚਹੁੰਪੱਖੀ ਵਿਕਾਸ ਹੋਵੇਗਾ ਅਤੇ ਸਰਕਾਰ ਵਲੋਂ ਕੀਤੇ ਗਏ ਭ੍ਰਿਸ਼ਟਾਚਾਰਾਂ ਦੀ ਪੋਲ ਖੁੱਲ੍ਹੇਗੀ। ਲਿਹਾਜਾ ਆਪ ਸਰਕਾਰ ਨੇ ਪਿਛਲੇ ਚਾਰ ਸਾਲਾਂ ਤੋਂ ਪੰਜਾਬ ਦੇ ਲੋਕਾਂ ਨੂੰ ਵੱਡੇ ਵੱਡੇ ਕਾਰਜ ਕਰਨ ਦੇ ਜੋ ਵਾਅਦੇ ਕੀਤੇ ਸਨ, ਉਹ ਹੁਣ ਹਵਾ ਹੋ ਚੁੱਕੇ ਹਨ ਅਤੇ ਜੋ ਸੂਬੇ ਵਿਚ ਹੈਲਥ ਬੀਮਾ ਕਾਰਡ ਦੀ ਸਕੀਮ ਚਲਾਈ ਹੈ, ਉਹ ਵੀ ਬੁਰੀ ਤਰ੍ਹਾਂ ਫੇਲ ਸਾਬਤ ਹੋ ਰਹੀ ਹੈ, ਉਥੇ ਹੀ ਔਰਤਾਂ ਨੂੰ ਹਰ ਮਹੀਨੇ ਖਾਤਿਆਂ ਵਿਚ ਪੈਣ ਵਾਲਾ ਹਜ਼ਾਰ ਰੁਪਏ ਦੀ ਸਕੀਮ ਵੀ ਫੇਲ ਹੋ ਚੁੱਕੀ ਹੈ ਤਾਂ ਹੀ ਹੁਣ ਪੰਜਾਬ ਦੇ ਲੋਕ ਭਾਜਪਾ ਵੱਲ ਰੁਖ ਕਰ ਰਹੇ ਹਨ ਅਤੇ ਮੋਗਾ ਦੀ ਵਿਸ਼ਾਲ ਰੈਲੀ ਵਿਚ ਵੱਖ ਵੱਖ ਪਾਰਟੀਆਂ ਦੇ ਆਗੂ ਭਾਜਪਾ ਵਿਚ ਸ਼ਾਮਲ ਹੋਣ ਦੀਆਂ ਤਿਆਰੀਆਂ ਕਰ ਰਹੇ ਹਨ। ਖੱਟੜਾ ਨੇ ਕਿਹਾ ਕਿ ਪਟਿਆਲਾ ਦਿਹਾਤੀ ਹਲਕੇ ਵਿਚੋਂ ਮੋਗਾ ਰੈਲੀ ਵਿਚ ਜਾਣ ਲਈ ਲੋਕ ਆਪ ਤਿਆਰੀਆਂ ਕਰ ਰਹੇ ਹਨ ਅਤੇ ਭਾਜਪਾ ਦੇ ਵਰਕਰਾਂ ਤੇ ਆਗੂਆਂ ਦੀਆਂ ਡਿਊਟੀਆਂ ਵੀ ਰੈਲੀ ਸੰਬੰਧੀ ਲਾਈਆਂ ਗਈਆਂ ਹਨ, ਜਿਥੇ ਉਹ ਹੁਣੇ ਤੋਂ ਹੀ ਰੈਲੀ ਵਿਚ ਜਾਣ ਦੀਆਂ ਤਿਆਰੀਆਂ ਕਰ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਬਲਵਿੰਦਰ ਸਿੰਘ ਕੰਗ, ਤਰਸੇਮ ਕੋਟਲੀ, ਤਰਸੇਮ ਕਸਿਆਣਾ, ਨੀਰਜ ਸ਼ਰਮਾ, ਆਰ.ਕੇ. ਸਿੰਧੀ, ਗੁਰਧਿਆਨ ਸਿੰਘ, ਗੁਰਦੀਪ ਸਿੰਘ, ਪ੍ਰਦੀਪ ਸ਼ਰਮਾ, ਦੇਵ ਭੱਲਾ ਤ੍ਰਿਪੜੀ, ਅਨਿਲ ਕੁਮਾਰ, ਲਵਜੋਤ ਸਿੰਘ, ਮਨਪ੍ਰੀਤ ਸਿੰਘ ਮੋਨੂੰ, ਗੁਰਦਾਸ ਸਿਉਣਾ, ਗੁਰਜਿੰਦਰ ਕਸਿਆਣਾ, ਹਰਜੀਤ ਕਾਠਮੱਠੀ, ਭਿੰਡਰ ਸਿੰਘ ਦੰਦਰਾਲਾ ਖਰੋੜ, ਨਰਿੰਦਰ ਕੁਮਾਰ ਤ੍ਰਿਪੜੀ, ਸਾਧੂ ਰਾਮ, ਭੱਟੀ, ਬਬਲੂ ਗੁਪਤਾ, ਜੱਗੀ ਲੰਗ ਆਦਿ ਵੀ ਹਾਜ਼ਰ ਸਨ।

# ਹੋਲਾ ਮਹੱਲਾ ਮੌਕੇ 20 ਫਾਇਰ ਟੈਂਡਰ ਤਾਇਨਾਤ, ਫਾਇਰ ਅਫਸਰਾਂ ਵੱਲੋਂ ਮੈਦਾਨੀ ਪੱਧਰ 'ਤੇ ਇੰਸਪੈਕਸ਼ਨ ਜਾਰੀ

**ਸ੍ਰੀ ਆਨੰਦਪੁਰ ਸਾਹਿਬ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹੋਲਾ ਮਹੱਲਾ ਦੇ ਪਵਿੱਤਰ ਤਿਉਹਾਰ ਦੌਰਾਨ ਲੱਖਾਂ ਦੀ ਗਿਣਤੀ ਵਿੱਚ ਆ ਰਹੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਵਿੱਚ ਫਾਇਰ ਬ੍ਰਿਗੇਡ ਵੱਲੋਂ ਅੱਗ ਸੁਰੱਖਿਆ ਦੇ ਮਜ਼ਬੂਤ ਪ੍ਰਬੰਧ ਕੀਤੇ ਗਏ ਹਨ। ਮੇਲਾ ਖੇਤਰ ਅਤੇ ਆਲੇ-ਦੁਆਲੇ ਦੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਕੁੱਲ 20 ਫਾਇਰ ਟੈਂਡਰ ਤਾਇਨਾਤ ਕੀਤੇ ਗਏ ਹਨ, ਤਾਂ ਜੋ ਕਿਸੇ ਵੀ ਸਥਿਤੀ ਵਿੱਚ ਤੁਰੰਤ ਕਾਰਵਾਈ ਕੀਤੀ ਜਾ ਸਕੇ।

ਇਨ੍ਹਾਂ ਫਾਇਰ ਟੈਂਡਰਾਂ ਦੀ ਮੈਦਾਨੀ ਪੱਧਰ 'ਤੇ ਇੰਸਪੈਕਸ਼ਨ ਫਾਇਰ ਅਫਸਰ ਕੌਰ ਸਿੰਘ ਅਤੇ ਅਮਰਪ੍ਰੀਤ ਸਿੰਘ ਵੱਲੋਂ ਕੀਤੀ ਗਈ। ਇੰਸਪੈਕਸ਼ਨ ਦੌਰਾਨ ਵਾਹਨਾਂ ਦੀ ਤਕਨੀਕੀ ਹਾਲਤ, ਪਾਣੀ ਦੀ ਉਪਲਬਧਤਾ, ਅੱਗ ਬੁਝਾਉ ਸਾਜੋ-ਸਾਮਾਨ ਅਤੇ ਸੰਚਾਰ ਪ੍ਰਣਾਲੀ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਗਈ। ਫਾਇਰ ਸਟਾਫ ਨੂੰ ਵੀ ਚੌਕਸ ਰਹਿਣ ਅਤੇ ਐਮਰਜੈਂਸੀ ਸਥਿਤੀ ਵਿੱਚ ਤੁਰੰਤ ਰਿਸਪਾਂਸ ਦੇਣ ਸਬੰਧੀ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ।

ਫਾਇਰ ਅਧਿਕਾਰੀਆਂ ਨੇ ਦੱਸਿਆ ਕਿ ਮੇਲਾ ਖੇਤਰ ਵਿੱਚ ਅਸਥਾਈ ਦੁਕਾਨਾਂ, ਲੰਗਰ ਸਥਾਨਾਂ ਅਤੇ ਭੀੜ ਵਾਲੇ ਖੇਤਰਾਂ ਨੂੰ ਖ਼ਾਸ ਤੌਰ 'ਤੇ ਸੰਵੇਦਨਸ਼ੀਲ ਮੰਨਦਿਆਂ ਉੱਥੇ ਵਾਧੂ ਨਿਗਰਾਨੀ ਕੀਤੀ ਜਾ ਰਹੀ ਹੈ। ਫਾਇਰ ਬ੍ਰਿਗੇਡ ਨੇ ਸੰਗਤ ਅਤੇ ਵਪਾਰੀਆਂ ਨੂੰ ਅਪੀਲ ਕੀਤੀ ਹੈ ਕਿ ਅੱਗ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਦੇ ਹੋਏ ਪ੍ਰਸ਼ਾਸਨ ਦਾ ਸਹਿਯੋਗ ਕਰਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਨੇੜਲੇ ਫਾਇਰ ਟੈਂਡਰ ਜਾਂ ਕੰਟਰੋਲ ਰੂਮ ਨਾਲ ਸੰਪਰਕ ਕੀਤਾ ਜਾਵੇ। ਪ੍ਰਸ਼ਾਸਨ ਵੱਲੋਂ ਭਰੋਸਾ ਦਿਵਾਇਆ ਗਿਆ ਹੈ ਕਿ ਹੋਲਾ ਮਹੱਲਾ ਦੌਰਾਨ ਸੁਰੱਖਿਆ ਦੇ ਸਾਰੇ ਪ੍ਰਬੰਧ ਚੌਕਸ ਰੱਖੇ ਗਏ ਹਨ, ਤਾਂ ਜੋ ਤਿਉਹਾਰ ਸ਼ਾਂਤੀਪੂਰਕ ਅਤੇ ਸੁਰੱਖਿਅਤ ਢੰਗ ਨਾਲ ਸੰਪੰਨ ਹੋ ਸਕੇ।

# ਵਿਰਾਸਤ-ਏ-ਖਾਲਸਾ ਆਡੀਟੋਰੀਅਮ ਵਿੱਚ ਹੈਲਪ ਡੈਸਕ ਸਟਾਫ ਦੀ ਵਿਸ਼ੇਸ਼ ਟ੍ਰੇਨਿੰਗ

**ਸ੍ਰੀ ਆਨੰਦਪੁਰ ਸਾਹਿਬ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹੋਲਾ ਮਹੱਲਾ ਦੇ ਪਵਿੱਤਰ ਤਿਉਹਾਰ ਦੌਰਾਨ ਦੇਸ਼-ਵਿਦੇਸ਼ ਤੋਂ ਆ ਰਹੇ ਸ਼ਰਧਾਲੂਆਂ ਅਤੇ ਸੈਲਾਨੀਆਂ ਨੂੰ ਸਹੀ ਮਾਰਗਦਰਸ਼ਨ ਮੁਹੱਈਆ ਕਰਵਾਉਣ ਲਈ ਵਿਰਾਸਤ-ਏ-ਖਾਲਸਾ ਦੇ ਆਡੀਟੋਰੀਅਮ ਵਿੱਚ ਹੈਲਪ ਡੈਸਕ ਸਟਾਫ ਦੀ ਵਿਸ਼ੇਸ਼ ਟ੍ਰੇਨਿੰਗ ਕਰਵਾਈ ਗਈ। ਇਸ ਟ੍ਰੇਨਿੰਗ ਸੈਸ਼ਨ ਦੀ ਅਗਵਾਈ ਉਪ ਮੰਡਲ ਮਜਿਸਟਰੇਟ ਨੰਗਲ ਸ੍ਰੀ ਸਚਿਨ ਪਾਠਕ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਸਟਾਫ ਨੂੰ ਮੇਲਾ ਖੇਤਰ ਵਿੱਚ ਆਉਣ ਵਾਲੀਆਂ ਸੰਭਾਵਿਤ ਚੁਣੌਤੀਆਂ ਬਾਰੇ ਦੱਸਿਆ।



ਟ੍ਰੇਨਿੰਗ ਦੌਰਾਨ ਹੈਲਪ ਡੈਸਕ ਸਟਾਫ ਨੂੰ ਸ਼ਰਧਾਲੂਆਂ ਨਾਲ ਨਿਮਰਤਾ ਨਾਲ ਪੇਸ਼ ਆਉਣ, ਸਹੀ ਜਾਣਕਾਰੀ ਮੁਹੱਈਆ ਕਰਵਾਉਣ ਅਤੇ ਲੋੜ ਪੈਣ 'ਤੇ ਉਨ੍ਹਾਂ ਨੂੰ ਸੰਬੰਧਤ ਵਿਭਾਗ ਜਾਂ ਸਹਾਇਤਾ ਕੇਂਦਰ ਤੱਕ ਪਹੁੰਚਾਉਣ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ। ਭੀੜ ਪ੍ਰਬੰਧਨ, ਗੁੰਮਸ਼ੁਦਾ ਵਿਅਕਤੀਆਂ ਦੀ ਮਦਦ, ਬਜ਼ੁਰਗਾਂ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਲੋਕਾਂ ਲਈ ਸਹਾਇਤਾ ਵਰਗੇ ਮੋਹਰੇ ਵਿਸ਼ਿਆਂ 'ਤੇ ਵੀ ਹਦਾਇਤਾਂ ਦਿੱਤੀਆਂ ਗਈਆਂ।

ਇਸ ਮੌਕੇ ਉਪ ਮੰਡਲ ਮਜਿਸਟਰੇਟ ਸ੍ਰੀ ਸਚਿਨ ਪਾਠਕ ਨੇ ਕਿਹਾ ਕਿ ਹੈਲਪ ਡੈਸਕ ਸਟਾਫ ਸੰਗਤ ਲਈ ਪਹਿਲਾ ਸੰਪਰਕ ਬਿੰਦੂ ਹੁੰਦਾ ਹੈ, ਇਸ ਲਈ ਉਨ੍ਹਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸਟਾਫ ਵੱਲੋਂ ਦਿੱਤੀ ਜਾਣ ਵਾਲੀ ਸਹੀ ਅਤੇ ਤੁਰੰਤ ਜਾਣਕਾਰੀ ਨਾਲ ਸ਼ਰਧਾਲੂਆਂ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਮੇਲਾ ਖੇਤਰ ਵਿੱਚ ਆਵਾਜਾਈ ਅਤੇ ਦਰਸ਼ਨਾਂ ਵਿੱਚ ਸਹੂਲਤ ਮਿਲੇਗੀ।

ਪ੍ਰਸ਼ਾਸਨ ਵੱਲੋਂ ਇਹ ਵੀ ਦੱਸਿਆ ਗਿਆ ਕਿ ਹੋਲਾ ਮਹੱਲਾ ਦੌਰਾਨ ਵਿਰਾਸਤ-ਏ-ਖਾਲਸਾ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਕਈ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ, ਜਿੱਥੇ ਸਟਾਫ 24/7 ਸੇਵਾ ਲਈ ਮੌਜੂਦ ਰਹੇਗਾ। ਪ੍ਰਸ਼ਾਸਨ ਨੇ ਸੰਗਤ ਤੋਂ ਅਪੀਲ ਕੀਤੀ ਹੈ ਕਿ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਜਾਂ ਜਾਣਕਾਰੀ ਲਈ ਹੈਲਪ ਡੈਸਕ ਨਾਲ ਸੰਪਰਕ ਕਰਨ।

# ਹੋਲਾ ਮਹੱਲਾ ਮੌਕੇ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੀ ਕਾਨਫਰੰਸ ਦੀਆਂ ਤਿਆਰੀਆਂ ਲਈ ਜ਼ਿਲ੍ਹਾ ਪਟਿਆਲਾ ਦੀ ਅਹਿਮ ਮੀਟਿੰਗ ਆਯੋਜਿਤ



**ਪਟਿਆਲਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੇ ਪਵਿੱਤਰ ਦਿਹਾੜੇ 'ਤੇ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੀ ਜਾਣ ਵਾਲੀ ਵਿਸ਼ਾਲ 'ਅਕਾਲੀ ਕਾਨਫਰੰਸ' ਦੀਆਂ ਤਿਆਰੀਆਂ ਨੂੰ ਲੈ ਕੇ ਜ਼ਿਲ੍ਹਾ ਪਟਿਆਲਾ ਦੀ ਸਮੁੱਚੀ ਲੀਡਰਸ਼ਿਪ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਥੇਦਾਰ ਰਣਧੀਰ ਸਿੰਘ ਰੱਖੜਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਰਨੈਲ ਸਿੰਘ ਕਰਤਾਰਪੁਰ, ਕੌਰ ਸਿੰਘ ਡੀ.ਟੀ.ਓ., ਭੁਪਿੰਦਰ ਸਿੰਘ ਸ਼ੇਖੂਪੁਰ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ, ਕਪੂਰ ਚੰਦ ਬਾਂਸਲ, ਕੁਲਵਿੰਦਰ ਸਿੰਘ ਲਵਲੀ, ਜਸਪਾਲ ਸਿੰਘ ਕਲਿਆਣ, ਅਬਰਿੰਦਰ ਸਿੰਘ ਕੰਗ ਅਤੇ ਜਗਦੀਪ ਸਿੰਘ ਗਲਬੱਟੀ ਨੇ ਸ਼ਿਰਕਤ ਕੀਤੀ ਅਤੇ ਅਗਾਮੀ ਕਾਨਫਰੰਸ ਦੀ ਰੂਪ-ਰੇਖਾ ਉਲੀਕੀ। ਮੀਟਿੰਗ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਸਮੁੱਚੇ ਸਰਕਲ ਪ੍ਰਧਾਨਾਂ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਤਾਂ ਜੋ ਵੱਧ ਤੋਂ ਵੱਧ ਸੰਗਤਾਂ ਅਤੇ ਪਾਰਟੀ ਵਰਕਰਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਕਾਨਫਰੰਸ ਵਿੱਚ ਲਿਜਾਇਆ ਜਾ ਸਕੇ। ਇਸ ਮੌਕੇ ਆਗੂਆਂ ਨੇ ਵਰਕਰਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ ਤਾਂ ਜੋ ਪਾਰਟੀ ਦੇ ਪੁਨਰ ਸੁਰਜੀਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਕਿਹਾ ਕਿ ਅਕਾਲੀ ਦਲ ਪੰਜਾਬ ਦੇ ਭਖਦੇ ਮਸਲਿਆਂ 'ਤੇ ਹਮੇਸ਼ਾ ਆਵਾਜ਼ ਬੁਲੰਦ ਕਰਦਾ ਰਹੇਗਾ। ਬੁਲਾਰਿਆਂ ਨੇ ਅੱਗੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਥਕ ਕਦਰਾਂ-ਕੀਮਤਾਂ ਅਤੇ ਪੰਜਾਬ ਦੇ ਹਿੱਤਾਂ ਲਈ ਪਹਿਰਾ ਦਿੰਦਾ ਆਇਆ ਹੈ ਅਤੇ ਹੋਲਾ ਮਹੱਲਾ ਦੀ ਇਹ ਕਾਨਫਰੰਸ ਪਾਰਟੀ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹੋਵੇਗੀ। ਇਸ ਮੀਟਿੰਗ ਵਿੱਚ ਪ੍ਰਮੁੱਖ ਤੌਰ 'ਤੇ ਸਰਕਲ ਪ੍ਰਧਾਨ ਨਛੱਤਰ ਸਿੰਘ ਫੌਜੀ, ਗੁਰਨੈਬ ਸਿੰਘ ਭਾਨਰਾ, ਜਸਬੀਰ ਸਿੰਘ ਨਲੀਨਾ, ਅਮਰਜੀਤ ਸਿੰਘ ਨੋਗਾਵਾਂ, ਅਨਿਲ ਗੁਪਤਾ, ਗੁਰਮੀਤ ਸਿੰਘ ਕੋਟ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ ਉੱਪਲੀ, ਨਿਸ਼ਾਨ ਸਿੰਘ, ਸਾਹਿਬ ਸਿੰਘ, ਅਮਰਜੀਤ ਸਿੰਘ, ਹਰਵਿੰਦਰ ਸਿੰਘ, ਜਸਬੀਰ ਸਿੰਘ, ਗੁਰਦੀਪ ਸਿੰਘ ਝੰਡੀ, ਗੁਰਦੇਵ ਸਿੰਘ, ਪਰਮਜੀਤ ਸਿੰਘ ਅਤੇ ਹੋਰ ਅਹੁਦੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਗਰੀਨ ਹੋਲਾ ਮਹੱਲਾ ਲਈ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਨਾਲ ਵਿਸ਼ੇਸ਼ ਬੈਠਕ

**➢ ਜੈਵਿਕ ਖਪਣਯੋਗ ਭਾਂਡਿਆਂ ਦੀ ਵਰਤੋਂ ਲਈ ਲੰਗਰ ਕਮੇਟੀਆਂ ਅਤੇ ਸ਼ਰਧਾਲੂਆਂ ਨੂੰ ਅਪੀਲ ➢ ਪਲਾਸਟਿਕ ਮੁਕਤ ਸ੍ਰੀ ਅਨੰਦਪੁਰ ਸਾਹਿਬ ਲਈ ਸਾਂਝਾ ਉਪਰਾਲਾ, ਹਰ ਵਰਗ ਦਾ ਮਿਲ ਰਿਹਾ ਸਹਿਯੋਗ ➢ ਵਾਤਾਵਰਣ ਦੀ ਸਾਂਭ-ਸੰਭਾਲ ਲਈ ਸੰਤ-ਮਹਾਪੁਰਸ਼ਾਂ ਦਾ ਆਸ਼ੀਰਵਾਦ ਬਣਿਆ ਪ੍ਰੇਰਣਾ ਸਰੋਤ**

**ਸ੍ਰੀ ਆਨੰਦਪੁਰ ਸਾਹਿਬ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਗਰੀਨ ਹੋਲਾ ਮਹੱਲਾ ਮਨਾਉਣ ਦੇ ਮਕਸਦ ਨਾਲ ਪਲਾਸਟਿਕ ਮੁਕਤ ਵਾਤਾਵਰਣ ਤਿਆਰ ਕਰਨ ਲਈ ਪ੍ਰਦੂਸ਼ਣ ਰੋਕਥਾਮ ਬੋਰਡ ਪੰਜਾਬ ਦੀ ਚੇਅਰਪਰਸਨ ਰੀਨਾ ਗੁਪਤਾ, ਮੈਂਬਰ ਸੈਕਟਰੀ ਲਵਨੀਤ ਦੂਬੇ, ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ, ਵਧੀਕ ਡਿਪਟੀ ਕਮਿਸ਼ਨਰ (ਜ) ਅਵਿਕੇਸ਼ ਗੁਪਤਾ, ਮੇਲਾ ਅਫਸਰ ਸੁਖਪਾਲ ਸਿੰਘ ਅਤੇ ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਤਖਤ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ, ਮੀਤ ਮੈਨੇਜਰ ਹਰਦੇਵ ਸਿੰਘ ਅਤੇ ਸੂਚਨਾ ਅਫਸਰ ਹਰਪ੍ਰੀਤ ਸਿੰਘ ਵੀ ਹਾਜ਼ਰ ਸਨ।



ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਵਾਤਾਵਰਣ ਦੀ ਸਾਂਭ-ਸੰਭਾਲ ਇੱਕ ਅਹਿਮ ਮੁੱਦਾ ਹੈ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਗਰੀਨ ਹੋਲਾ ਮਹੱਲਾ ਮੁਹਿੰਮ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਵਾਰ ਲੰਗਰਾਂ ਵਿੱਚ ਸਟੀਲ ਦੇ ਭਾਂਡੇ ਜਾਂ ਜੈਵਿਕ ਖਪਣਯੋਗ ਭਾਂਡਿਆਂ ਦੀ ਹੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਪਲਾਸਟਿਕ ਦੀ ਵਰਤੋਂ ਨੂੰ ਰੋਕਣ ਲਈ ਸੰਗਤ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦਿਸ਼ਾ ਵਿੱਚ ਹੋਰ ਵੀ ਕਈ ਉਪਰਾਲਿਆਂ ਦੀ ਲੋੜ ਹੈ ਅਤੇ ਹਰ ਸ਼ਰਧਾਲੂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ ਗਰੀਨ ਹੋਲਾ ਮਹੱਲਾ ਦੀ ਮੁਹਿੰਮ ਸ਼ੁਰੂ ਕੀਤੀ ਜਾ ਚੁੱਕੀ ਹੈ ਅਤੇ ਇਸ ਨੂੰ ਸੰਗਤਾਂ, ਸੰਸਥਾਵਾਂ ਅਤੇ ਲੰਗਰ ਕਮੇਟੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵੇਰਕਾਂ ਦੀ ਏ.ਟੀ.ਐਮ ਮਸ਼ੀਨ ਰਾਹੀਂ ਦੁੱਧ ਦੀ ਸਪਲਾਈ ਕਰਕੇ ਪਲਾਸਟਿਕ ਪੈਕੇਜਿੰਗ ਘਟਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਦੂਸ਼ਣ ਰੋਕਥਾਮ ਬੋਰਡ ਇਸ ਮੁਹਿੰਮ ਨੂੰ ਗੰਭੀਰਤਾ ਨਾਲ ਅਮਲ ਵਿੱਚ ਲਿਆ ਰਿਹਾ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਪੱਧਰ 'ਤੇ ਸਹਿਯੋਗ ਦਿੱਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਕਿਹਾ ਕਿ ਸੰਤਾਂ-ਮਹਾਪੁਰਸ਼ਾਂ ਅਤੇ ਧਾਰਮਿਕ ਅਦਾਰਿਆਂ ਦੀ ਅਪੀਲ ਨਾਲ ਹੀ ਗਰੀਨ ਹੋਲਾ ਮਹੱਲਾ ਦਾ ਫੈਸਲਾ ਜ਼ਮੀਨੀ ਪੱਧਰ 'ਤੇ ਸਫਲਤਾ ਨਾਲ ਲਾਗੂ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੰਗਰ ਕਮੇਟੀਆਂ ਨੂੰ ਜੈਵਿਕ ਖਪਣਯੋਗ ਭਾਂਡੇ ਅਤੇ ਸਮੱਗਰੀ ਮੁਫ਼ਤ ਪ੍ਰਦਾਨ ਕੀਤੀ ਗਈ ਹੈ ਤਾਂ ਜੋ ਪਲਾਸਟਿਕ ਦੀ ਵਰਤੋਂ ਨੂੰ ਪੂਰੀ ਤਰ੍ਹਾਂ ਘਟਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਅਤੇ ਸਫਾਈ ਪ੍ਰਬੰਧਾਂ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ।

ਇਸ ਮੌਕੇ ਅਧਿਕਾਰੀਆਂ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ ਅਤੇ ਕਾਰ ਸੇਵਾ ਭੂਰੀ ਵਾਲਿਆਂ ਦਾ ਆਸ਼ੀਰਵਾਦ ਵੀ ਪ੍ਰਾਪਤ ਕੀਤਾ। ਪ੍ਰਸ਼ਾਸਨ ਅਤੇ ਧਾਰਮਿਕ ਅਦਾਰਿਆਂ ਵੱਲੋਂ ਸਾਂਝੇ ਤੌਰ 'ਤੇ ਸੰਗਤ ਨੂੰ ਅਪੀਲ ਕੀਤੀ ਗਈ ਕਿ ਹੋਲਾ ਮਹੱਲਾ ਦੌਰਾਨ ਪਲਾਸਟਿਕ ਤੋਂ ਬਚ ਕੇ ਜੈਵਿਕ ਖਪਣਯੋਗ ਸਮੱਗਰੀ ਦੀ ਵਰਤੋਂ ਕਰਨ, ਕੂੜਾ ਨਿਰਧਾਰਿਤ ਥਾਵਾਂ 'ਤੇ ਹੀ ਸੁੱਟਣ ਅਤੇ ਸਾਫ਼-ਸੁਥਰੇ ਵਾਤਾਵਰਣ ਦੀ ਰੱਖਿਆ ਵਿੱਚ ਆਪਣਾ ਯੋਗਦਾਨ ਪਾਉਣ, ਤਾਂ ਜੋ ਸ੍ਰੀ ਅਨੰਦਪੁਰ ਸਾਹਿਬ ਨੂੰ ਗਰੀਨ ਤੇ ਕਲੀਨ ਧਾਰਮਿਕ ਨਗਰੀ ਬਣਾਇਆ ਜਾ ਸਕੇ।

# ਪ੍ਰਾਥਮਿਕ ਸਿਹਤ ਕੇਂਦਰ ਦਾ ਨਿਰਮਾਣ ਕੰਮ ਜਲਦੀ ਤੋਂ ਜਲਦੀ ਕਰਵਾਇਆ ਜਾਵੇਗਾ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦਸਿਆ ਕਿ ਨੀਲੋਖੇੜੀ ਵਿਧਾਨਸਭਾ ਖੇਤਰ ਤਹਿਤ ਆਉਣ ਵਾਲੇ ਪਿੰਡ ਸੰਗਾ ਅਤੇ ਸਮਾਨਾ ਬਾਹੂ ਵਿੱਚ ਪ੍ਰਾਥਮਿਕ ਸਿਹਤ ਕੇਂਦਰ ਦਾ ਨਿਰਮਾਣ ਕੰਮ ਜਲਦੀ ਤੋਂ ਜਲਦੀ ਕਰਵਾਇਆ ਜਾਵੇਗਾ।

ਸਿਹਤ ਮੰਤਰੀ ਅੱਜ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੀ ਸੀ।

ਆਰਤੀ ਸਿੰਘ ਰਾਓ ਨੇ ਦਸਿਆ ਕਿ ਪਿੰਡ ਸੰਗਾ ਵਿੱਚ ਪ੍ਰਾਥਮਿਕ ਸਿਹਤ ਕੇਂਦਰ ਦੇ ਭਵਨ ਦਾ ਨਿਰਮਾਣ ਕੰਮ ਲਗਭਗ 38 ਫੀਸਦੀ ਪੂਰਾ ਹੋਣ ਦੇ ਬਾਅਦ ਏਜੰਸੀ ਵੱਲੋਂ ਰੋਕ ਦਿੱਤਾ ਗਿਆ ਸੀ।

ਲੋਕ ਨਿਰਮਾਣ ਵਿਭਾਗ ਵੱਲੋਂ ਉਕਤ ਏਜੰਸੀ ਦਾ ਠੇਕਾ 5 ਜੁਲਾਈ, 2023 ਨੂੰ ਖਤਮ ਕਰ ਦਿੱਤਾ ਗਿਆ ਸੀ। ਸੋਧ ਪ੍ਰਸ਼ਾਸਕੀ ਮੰਜੂਰੀ ਦੇ ਬਾਅਦ, ਟੈਂਡਰ ਪ੍ਰਕ੍ਰਿਆ ਤਿੰਨ ਮਹੀਨੇ ਦੇ ਅੰਦਰ ਪੂਰੀ ਹੋਣ ਦੀ ਉਮੀਦ ਹੈ ਅਤੇ ਪੀਐਚਸੀ ਭਵਨ ਦਾ ਬਾਕੀ ਨਿਰਮਾਣ ਕੰਮ 6 ਮਹੀਨੇ ਦੇ ਅੰਦਰ ਮੁੜ ਸ਼ੁਰੂ ਹੋਣ ਦੀ ਸੰਭਾਵਨਾ ਹੈ।

ਸਿਹਤ ਮੰਤਰੀ ਨੇ ਅੱਗੇ ਪਿੰਡ ਸਮਾਨਾ ਬਾਹੂ ਵਿੱਚ ਪੀਐਚਸੀ ਦੇ ਰੁਕੇ ਹੋਏ ਨਿਰਮਾਣ ਕੰਮ ਨਾਲ ਸਬੰਧਿਤ ਸੁਆਲ ਦਾ ਜਵਾਬ ਦਿੰਦੇ ਹੋਏ ਦਸਿਆ ਕਿ ਠੇਕਾ ਏਜੰਸੀ ਨੇ 70 ਫੀਸਦੀ ਕੰਮ ਪੂਰਾ ਕਰਨ ਦੇ ਬਾਅਦ ਨਿਰਮਾਣ ਕੰਮ ਰੋਕ ਦਿੱਤਾ ਗਿਆ ਸੀ ਅਤੇ ਲੋਕ ਨਿਰਮਾਣ ਵਿਭਾਗ ਦੇ ਨਾਲ ਵਿਵਾਦ ਨੂੰ ਲੈ ਕੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰ ਦਿੱਤੀ ਸੀ।

ਇਸ ਵਿਭਾਗ ਵੱਲੋਂ ਏਜੰਸੀ ਦਾ ਠੇਕਾ 20 ਜੂਨ, 2024 ਨੂੰ ਖਤਮ ਕਰ ਦਿੱਤਾ ਗਿਆ ਸੀ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਇਸ ਪੀਐਚਸੀ ਦੇ ਭਵਨ ਨਿਰਮਾਣ ਕੰਮ ਮੁੜ ਸ਼ੁਰੂ ਹੋਣ ਵਿੱਚ ਲਗਭਗ ਛੇ ਮਹੀਨੇ ਲੱਗਣਗੇ ਅਤੇ ਉਸ ਦੇ ਬਾਅਦ ਇਸ ਨੂੰ ਪੂਰਾ ਕਰਨ ਵਿੱਚ ਲਗਭਗ 12 ਮਹੀਨੇ ਦਾ ਸਮੇਂ ਲੱਗੇਗਾ।

ਉਨ੍ਹਾਂ ਨੇ ਇੱਕ ਹੋਰ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦੇ ਜਵਾਬ ਵਿੱਚ ਦਸਿਆ ਕਿ ਵੈਸੇ ਤਾਂ ਫਰੀਦਾਬਾਦ ਦੇ ਸੈਕਟਰ-56 ਵਿੱਚ 50 ਬੈਡ ਦੇ ਹਸਪਤਾਲ ਨੂੰ ਬਨਾਉਣ ਦਾ ਫਿਲਹਾਲ ਕੋਈ ਪ੍ਰਸਤਾਵ ਵਿਚਾਰਧੀਨ ਨਹੀਂ ਹੈ, ਫਿਰ ਵੀ ਇਸ ਮਾਮਲੇ ਵਿੱਚ ਮੁੜ ਜਾਂਚ ਕਰਵਾ ਲੈਣਗੇ, ਜਰੂਰਤ ਹੋਵੇਗੀ ਤਾਂ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

# ਸੜਕਾਂ ਦੇ ਖੇਤਰ ਵਿੱਚ ਇਤਿਹਾਸਕ ਪ੍ਰਗਤੀ ਹੋਈ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬੇ ਵਿੱਚ ਸੜਕਾਂ ਦੇ ਖੇਤਰ ਵਿੱਚ ਇਤਿਹਾਸਕ ਪ੍ਰਗਤੀ ਹੋਈ ਹੈ।

ਪੂਰੇ ਸੂਬੇ ਵਿੱਚ ਸੜਕਾਂ ਦੇ ਚੌੜਾਕਰਣ, ਮਜਬੂਤੀਕਰਣ ਅਤੇ ਫੋਰਲੇਨ ਨਿਰਮਾਣ ਦੇ ਕੰਮ ਤੇਜੀ ਨਾਲ ਕੀਤੇ ਜਾ ਰਹੇ ਹਨ, ਜਿਸ ਨਾਲ ਸੁਗਮ ਹੋਇਆ ਹੈ ਅਤੇ ਖੇਤਰੀ ਵਿਕਾਸ ਨੂੰ ਨਵੀਂ ਗਤੀ ਮਿਲੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਹਰ ਜ਼ਿਲ੍ਹਾ ਨੂੰ ਬਿਹਤਰ ਅਤੇ ਸੁਰੱਖਿਅਤ ਸੜਕ ਨੈਟਵਰਕ ਨਾਲ ਜੋੜਿਆ ਜਾਵੇ।

ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਸ੍ਰੀ ਰਣਬੀਰ ਗੰਗਵਾ ਅੱਜ ਹਰਿਆਣਾ ਵਿਧਾਨਸਭਾ ਵਿੱਚ ਚੱਲ ਰਹੇ ਬਜਟ ਸੈਸ਼ਨ ਦੌਰਾਨ ਵਿਧਾਇਕ ਮਮਤਾ ਦਿਲਿਆਸ ਵੱਲੋਂ ਪੁੱਛੇ ਗਏ ਇੱਕ ਸੁਆਲ ਦਾ ਜਵਾਬ ਦੇ ਰਹੇ ਸਨ।

ਸ੍ਰੀ ਗੰਗਵਾ ਨੇ ਦਸਿਆ ਕਿ ਹੋਡਲ ਤੋਂ ਪਟੌਦੀ ਨੂੰ ਜੋੜਨ ਵਾਲਾ ਮਾਰਗ, ਜੋ ਦੱਖਣ ਹਰਿਆਣਾ ਦਾ ਇੱਕ ਮਹੱਤਵਪੂਰਨ ਆਵਾਜਾਈ ਮਾਰਗ ਹੈ, ਉਸ ਨੂੰ ਫੋਰਲੇਨ ਬਨਾਉਣ ਦਾ ਪ੍ਰਸਤਾਵ ਵਿਚਾਰਧੀਨ ਹੈ। ਇਸ ਪਰਿਯੋਜਨਾ ਨੂੰ ਦੋ ਹਿੱਸਿਆ ਵਿੱਚ ਲਾਗੂ ਕੀਤਾ ਜਾਵੇਗਾ।

ਉਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਪਹਿਲੇ ਹਿੱਸੇ ਵਿੱਚ ਹੋਡਲ ਤੋਂ ਬਿਲਾਸਪੁਰ ਚੌਕ ਵਾਇਆ ਨੂੰਹ 0.00 ਤੋਂ 71.00 ਕਿਲੋਮੀਟਰ ਤੱਕ ਸੜਕ ਨੂੰ ਫੋਰਲੇਨ ਬਨਾਉਣ ਦੇ ਲਈ ਕੌਮੀ ਰਾਜਧਾਨੀ ਖੇਤਰ ਯੋਜਨਾ ਬੋਰਡ (ਐਨਸੀਆਰਪੀਬੀ) ਤਹਿਤ 616.01 ਕਰੋੜ ਰੁਪਏ ਦੀ ਪ੍ਰਸ਼ਾਸਨਿਕ ਮੰਜੂਰੀ ਪ੍ਰਦਾਨ ਕੀਤੀ ਜਾ ਚੁੱਕੀ ਹੈ।

ਇਸ ਕੰਮ ਲਈ ਲਗਭਗ 80 ਹੈਕਟੇਅਰ (197.6 ਏਕੜ) ਭੂਮੀ ਜਰੂਰਤ ਹੈ, ਜੋ ਜੰਗਲਾਤ ਵਿਭਾਗ ਦੇ ਕੋਲ ਪ੍ਰਕ੍ਰਿਆਧੀਨ ਹੈ। ਜੰਗਲਾਤ ਵਿਭਾਗ ਤੋਂ ਮੰਜੂਰੀ ਅਤੇ ਐਨਸੀਆਰਪੀਬੀ ਤੋਂ ਕਰਜਾ ਮੰਜੂਰ ਹੋਣ ਦੇ ਬਾਅਦ ਟੈਂਡਰ ਮੰਗੇ ਜਾਣਗੇ।

ਉਨ੍ਹਾਂ ਨੇ ਅੱਗੇ ਦਸਿਆ ਕਿ ਦੂਜੇ ਹਿੱਸੇ ਵਿੱਚ ਬਿਲਾਸਪੁਰ ਚੌਕ ਤੋਂ ਕੁਲਾਨਾ ਵਾਇਆ ਪਟੌਦੀ 71.00 ਤੋਂ 96.00 ਕਿਲੋਮੀਟਰ ਤੱਕ ਫੋਰਲੇਨ ਬਨਾਉਣ ਲਈ 476.07 ਕਰੋੜ ਰੁਪਏ ਦੀ ਪ੍ਰਸ਼ਾਸਨਿਕ ਮੰਜੂਰੀ ਦਿੱਤੀ ਜਾ ਚੁੱਕੀ ਹੈ।

ਇਹ ਪ੍ਰਸਤਾਵ ਵੀ ਮੌਜੂਦਾ ਵਿੱਚ ਸਥਾਈ ਵਿੱਤ ਕਮੇਟੀ ਦੇ ਕੋਲ ਵਿਚਾਰਧੀਨ ਹੈ। ਇਸ ਬਲਾਕ ਲਈ ਲਗਭਗ 27 ਹੈਕਟੇਅਰ (66 ਏਕੜ) ਭੂਮੀ ਦੀ ਜਰੂਰਤ ਹੈ।

ਜੰਗਲਾਤ ਮੰਜੂਰੀ ਅਤੇ ਐਨਸੀਆਰਪੀਬੀ ਤੋਂ ਕਰਚਾ ਮੰਜੂਰ ਪ੍ਰਾਪਤ ਹੋਣ ਦੇ ਬਾਅਦ ਟੈਂਡਰ ਪ੍ਰਕ੍ਰਿਆ ਪੂਰੀ ਕਰ ਜਲਦੀ ਹੀ ਫਾਰਲੇਨ ਨਿਰਮਾਣ ਕੰਮ ਸ਼ੁਰੂ ਕੀਤਾ ਜਾਵੇਗਾ।

# ਡੱਬਵਾਲੀ ਦੇ ਸਟੇਡੀਅਮ ਦਾ ਕੀਤਾ ਜਾਵੇਗਾ ਸੁਧਾਰੀਕਰਣ - ਖੇਡ ਰਾਜ ਮੰਤਰੀ



**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਡੱਬਵਾਲੀ ਸ਼ਹਿਰ ਦੇ ਸਟੇਡੀਅਮ ਦੇ ਸੁਧਾਰੀਕਰਣ ਲਈ ਜ਼ਿਲ੍ਹਾ ਖੇਡ ਅਧਿਕਾਰੀ 1 ਕਰੋੜ ਰੁਪਏ ਦਾ ਅੰਦਾਜਾ ਬਣਾ ਕੇ ਭੇਜਿਆ ਹੈ, ਜਿਸ ਨੂੰ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਨੂੰ ਭੇਜ ਦਿੱਤਾ ਹੈ ਅਤੇ ਜਲਦੀ ਹੀ ਸਟੇਡੀਅਮ ਦਾ ਸੁਧਾਰੀਕਰਣ ਕਰਵਾਇਆ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਸਿਰਸਾ ਵਿੱਚ ਸ਼ਹੀਦ ਭਗਤ ਸਿੰਘ ਖੇਡ ਪਰਿਸਰ ਅਤੇ ਚੌਧਰੀ ਦਲਬੀਰ ਸਿੰਘ ਇੰਡੋਰ ਸਟੇਡੀਅਮ ਹੈ। ਡੱਬਵਾਲੀ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਖੇਡ ਪਰਿਸਰ ਅਤੇ ਚੌਟਾਲਾ ਵਿੱਚ ਚੌਧਰੀ ਸਾਹਿਰ ਰਾਮ ਸਟੇਡੀਅਮ ਸਬ-ਡਿਵੀਜਨ ਪੱਧਰ ਖੇਡ ਸਟੇਡੀਅਮ ਹੈ।

ਮੰਤਰੀ ਅੱਜ ਵਿਧਾਨਸਭਾ ਬਜਟ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਸਿਰਸਾ ਵਿੱਚ ਇੱਕ ਰਿਹਾਇਸ਼ੀ ਤੇ 50 ਖੇਡ ਨਰਸਰੀਆਂ ਹਨ। ਸਿਰਸਾ ਵਿੱਚ 21 ਕੋਚ ਅਤੇ ਜੂਨੀਅਰ ਕੋਚ ਹਨ। ਸਿਰਸਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਇੱਕ ਸਹੂਲਤ ਕੇਂਦਰ ਹੈ।

# ਕਿਸਾਨਾਂ ਨੂੰ 3000 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਕਮ ਪ੍ਰਦਾਨ ਕੀਤੀ ਜਾਵੇਗੀ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦਸਿਆ ਕਿ ਸੂਬੇ ਵਿੱਚ ਕਪਾਅ ਉਤਪਾਦਨ ਪ੍ਰੋਤਸਾਹਨ ਯੋਜਨਾ ਤਹਿਤ ਦੇਸੀ ਕਪਾਅ ਉਗਾਉਣ ਵਾਲੇ ਕਿਸਾਨਾਂ ਨੂੰ 3000 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਕਮ ਪ੍ਰਦਾਨ ਕੀਤੀ ਜਾ ਰਹੀ ਹੈ। ਸ੍ਰੀ ਰਾਣਾ ਅੱਜ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਨੇ ਦਸਿਆ ਕਿ ਖਰੀਫ 2025 ਦੌਰਾਨ ਕਪਾਅ ਫਸਲ ਤਹਿਤ 8 ਲੱਖ 90 ਹਜਾਰ ਏਕੜ ਖੇਤਰ ਦੀ ਤਸਦੀਕ ਕੀਤੀ ਗਈ, ਜਦੋਂ ਕਿ ਮੇਰੀ ਫਸਲ ਮੇਰਾ ਬਿਊਰਾ ਪੋਰਟਲ @ਤੇ ਦੇਸੀ ਕਪਾਅ ਤਹਿਤ 16,801 ਏਕੜ ਖੇਤਰ ਦੀ ਤਸਦੀਕ ਕੀਤੀ ਗਈ।

ਸ੍ਰੀ ਰਾਣਾ ਨੇ ਜਾਣਕਾਰੀ ਦਿੱਤੀ ਕਿ ਹਰਿਆਣਾ ਵਿੱਚ ਰਜਿਸਟਰਡ ਅਤੇ ਤਸਦੀਕ ਕਿਸਾਨਾਂ ਤੋਂ ਮੇਰੀ ਫਸਲ ਮੇਰਾ ਬਿਊਰਾ ਪੋਰਟਲ ਰਾਹੀਂ ਨਿਰਧਾਰਿਤ ਸਹੀ ਔਸਤ ਗੁਣਵੱਤਾ ਮਾਨਕਾਂ ਦੇ ਅਨੁਰੂਪ ਹੋਣ ਦੀ ਸ਼ਰਤ @ਤੇ ਭਾਰਤੀ ਕਪਾਅ ਨਿਗਮ ਵੱਲੋਂ ਦੇਸੀ ਕਪਾਅ ਅਤੇ ਬੀਟੀ ਕਪਾਅ ਦੀ ਖਰੀਦ ਘੱਟੋ ਘੱਟ ਸਹਾਇਕ ਮੁੱਲ @ਤੇ ਕੀਤੀ ਜਾਂਦੀ ਹੈ। ਉਨ੍ਹਾਂ ਨੇ ਦਸਿਆ ਕਿ ਜਿਆਦਾਤਰ ਸਮੇਂ ਦੇਸੀ ਕਪਾਅ ਦੇ ਬਾਜਾਰ ਭਾਵ ਘੱਟੋ ਘੱਟ ਸਹਾਇਕ ਮੁੱਲ ਤੋਂ ਵੱਧ ਰਹਿੰਦੇ ਹਨ, ਜਿਸ ਦੇ ਫਲਸਰੂਪ ਕਿਸਾਨ ਆਪਣੀ ਉਪਜ ਨਿਜੀ ਵਪਾਰੀਆਂ ਨੂੰ ਵੇਚਣਾ ਵੱਧ ਉਪਯੁਕਤ ਸਮਝਦੇ ਹਨ।

ਸ੍ਰੀ ਰਾਣਾ ਨੇ ਦਸਿਆ ਕਿ ਸੂਬਾ ਸਰਕਾਰ ਫਸਲ ਵਿਵਿਧੀਕਰਣ ਨੂੰ ਪ੍ਰੋਤਸਾਹਨ ਕਰਨ ਤਹਿਤ ਲਗਾਤਾਰ ਯਤਨਸ਼ੀਲ ਹੈ, ਤਾਂ ਜੋ ਬਹੁਤ ਵੱਧ ਝੋਨੇ ਦੀ ਖੇਤੀ ਨੂੰ ਘੱਟ ਕੀਤਾ ਜਾ ਸਕੇ। ਇਸ ਉਦੇਸ਼ ਨਾਲ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਤਸਾਹਨਾਂ ਰਾਹੀਂ ਕਪਾਅ, ਮੱਕਾ, ਦਲਹਨ ਅਤੇ ਹੋਰ ਘੱਟ ਪਾਣੀ -ਜਰੂਰੀ ਫਸਲਾਂ ਲਈ ਕਿਸਾਨਾਂ ਨੂੰ 8000 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਕਮ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ, ਕਪਾਅ ਉਤਪਾਦਨ ਪ੍ਰੋਤਸਾਹਨ ਯੋਜਨਾ ਤਹਿਤ ਦੇਸੀ ਕਪਾਅ ਉਗਾਉਣ ਵਾਲੇ ਕਿਸਾਨਾਂ ਨੂੰ 3000 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਕਮ ਵੀ ਪ੍ਰਦਾਨ ਕੀਤੀ ਜਾ ਰਹੀ ਹੈ।

# ਹਰਿਆਣਾ ਸਰਕਾਰ ਸੂਬੇ ਵਿੱਚ ਰੇਲਵੇ ਨਾਲ ਜੁੜੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰੇ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਵਿੱਚ ਰੇਲਵੇ ਨਾਲ ਜੁੜੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਅਤੇ ਆਮ ਜਨਤਾ ਨੂੰ ਬਿਹਤਰ ਆਵਾਜਾਈ ਸਹੂਲਤ ਦੇਣ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ। ਰਾਜ ਵਿੱਚ ਵੱਖ-ਵੱਖ ਰੇਲਵੇ ਕ੍ਰਾਂਸਿੰਗ @ਤੇ ਅੰਡਰਪਾਸ ਅਤੇ ਓਵਰਬ੍ਰਿਜ ਨਿਰਮਾਣ ਰਾਹੀਂ ਜਾਮ ਦੀ ਸਮਸਿਆ ਘੱਟ ਕਰਨ ਅਤੇ ਸੜਕ ਸੁਰੱਖਿਆ ਵਧਾਉਣ ਦੀ ਦਿਸ਼ਾ ਵਿੱਚ ਕੰਮ ਕੀਤੇ ਜਾ ਰਹੇ ਹਨ। ਇਸੀ ਲੜੀ ਵਿੱਚ ਕੱਚਾ ਬੇਰੀ ਸੜਕ @ਤੇ ਅੰਡਰਪਾਸ ਨਿਰਮਾਣ ਦੀ ਪ੍ਰਕ੍ਰਿਆ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਸ੍ਰੀ ਰਣਬੀਰ ਗੰਗਵਾ ਅੱਜ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਵਿਧਾਇਕ ਸ੍ਰੀ ਭਾਰਤ ਭੂਸ਼ਣ ਬਤਰਾ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਨੇ ਦਸਿਆ ਕਿ ਕੱਚੀ ਬੇਰੀ ਸੜਕ ਸਥਿਤ ਰੇਲਵੇ ਕ੍ਰਾਂਸਿੰਗ @ਤੇ ਅੰਡਰਵਾਸ ਬਨਾਉਣ ਦਾ ਪ੍ਰਸਤਾਵ ਵਿਚਾਰਧੀਨ ਹੈ। ਇਸ ਸਬੰਧ ਵਿੱਚ ਆਮ ਵਿਵਸਥਾ ਰੇਖਾਚਿੱਤਰ ਨੂੰ ਰੇਲਵੇ ਵਿਭਾਗ ਵੱਲੋਂ ਅਨੁਮੋਦਿਤ ਕੀਤਾ ਜਾ ਚੁੱਕਾ ਹੈ। ਇਹ ਕੰਮ ਸੂਬਾ ਸਰਕਾਰ ਦੇ ਜਮ੍ਹਾ ਕੰਮ ਵਜੋ ਰੇਲਵੇ ਵਿਭਾਗ ਵੱਲੋਂ ਕੀਤਾ ਜਾਵੇਗਾ।

ਉਨ੍ਹਾਂ ਨੇ ਦਸਿਆ ਕਿ ਅੰਡਰਪਾਸ ਨਿਰਮਾਣ ਲਈ 1346.60 ਲੱਖ ਰੁਪਏ ਦੀ ਪ੍ਰਸ਼ਾਸ਼ਨਿਕ ਮੰਜੂਰੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਦੇ ਲਈ ਹਰਿਆਣਾ ਰਾਜ ਖੇਤੀਬਾੜੀ ਮਾਰਕਟਿੰਗ ਬੋਰਡ ਦੀ 1 ਕਨਾਲ 17 ਮਰਲਾ ਭੂਮੀ ਵੀ ਸ਼ਾਮਿਲ ਹੈ। ਇਸ ਭੂਮੀ ਨੂੰ ਪੀਡਬਲਿਊਡੀ ਦੇ ਨਾਲ ਟ੍ਰਾਂਸਫਰ ਕਰਨ ਦੀ ਪ੍ਰਕ੍ਰਿਆ ਜਾਰੀ ਹੈ। ਭੂਮੀ ਉਪਲਬਧ ਹੁੰਦੇ ਹੀ ਟੈਂਡਰ ਮੰਗੇ ਜਾਣਗੇ ਅਤੇ ਜਲਦੀ ਹੀ ਨਿਰਮਾਣ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

# ਪਿਛੜੇ ਵਰਗਾਂ (ਓਬੀਸੀ) ਵਿੱਚ ਕ੍ਰੀਮੀ ਲੇਅਰ ਨੂੰ ਬਾਹਰ ਕਰਨ ਲਈ ਮਾਨਦੰਡ ਤੈਅ ਕੀਤ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਣ ਕੁਮਾਰ ਬੇਦੀ ਨੇ ਦਸਿਆ ਕਿ ਭਾਰਤ ਸਰਕਾਰ ਵੱਲੋਂ 08 ਸਤੰਬਰ, 1993 ਨੂੰ ਹੋਰ ਪਿਛੜੇ ਵਰਗਾਂ (ਓਬੀਸੀ) ਵਿੱਚ ਕ੍ਰੀਮੀ ਲੇਅਰ ਨੂੰ ਬਾਹਰ ਕਰਨ ਲਈ ਮਾਨਦੰਡ ਤੈਅ ਕੀਤੇ ਸਨ। ਆਮਦਨ ਅਤੇ ਸੰਪਤੀ ਦੀ ਸੀਮਾ ਵਿੱਚ ਸਮੇਂ-ਸਮੇਂ @ਤੇ ਬਦਲਾਅ ਕੀਤੇ ਗਏ ਹਨ, ਜਦੋਂ ਕਿ ਦੂਜੇ ਮਾਨਦੰਡਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਣ ਕੁਮਾਰ ਬੇਦੀ ਅੱਜ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਆਦਮਪੁਰ ਦੇ ਵਿਧਾਇਕ ਸ੍ਰੀ ਚੰਦਰ ਪ੍ਰਕਾਸ਼ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਸ੍ਰੀ ਬੇਦੀ ਨੇ ਕਿਹਾ ਕਿ ਸਾਲ 2017 ਵਿੱਚ, ਭਾਰਤ ਸਰਕਾਰ ਨੇ ਕ੍ਰੀਮੀ ਲੇਅਰ ਦੀ ਆਮਦਨ ਸੀਮਾ ਨੂੰ ਬਦਲਕੇ 8.00 ਲੱਖ ਰੁਪਏ ਪ੍ਰਤੀ ਸਾਲ ਕਰ ਦਿੱਤਾ। ਇਸ ਦੇ ਅਨੁਸਾਰ, ਹਰਿਆਣਾ ਸਰਕਾਰ ਵੱਲੋਂ ਵੀ 16 ਜੁਲਾਈ, 2024 ਦੀ ਨੋਟੀਫਿਕੇਸ਼ਨ ਰਾਹੀਂ ਆਮਦਨ ਸੀਮਾ 8.00 ਲੱਖ ਰੁਪਏ ਪ੍ਰਤੀਸਾਲ ਤੈਅ ਕਰ ਦਿੱਤੀ ਹੈ।

ਉਨ੍ਹਾਂ ਨੇ ਸਦਨ ਨੂੰ ਜਾਣੂ ਕਰਵਾਇਆ ਕਿ ਕੇਂਦਰ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਸੂਬਾ ਸਰਕਾਰ ਵੱਲੋਂ ਹੋਰ ਪਿਛੜੇ ਵਰਗ ਦੇ ਲੋਕਾਂ ਨੂੰ ਸਾਰੀ ਤਰ੍ਹਾ ਦੇ ਲਾਭ ਦਿੱਤੇ ਜਾ ਰਹੇ ਹਨ।

# ਕੰਟ੍ਰੈਕਚੂਅਲ ਪ੍ਰੋਫੈਸਰਾਂ ਲਈ ਸੇਵਾ ਸੁਰੱਖਿਆ ਬਿੱਲ ਦਾ ਪ੍ਰਾਰੂਪ ਤਿਆਰ ਕਰਨ ਲਹੀ ਵਿਚਾਰ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਸਿਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਸੂਬਾ ਸਰਕਾਰ ਸੂ੍ਰੀ ਦੀ ਯੂਨੀਵਰਸਿਟੀਆਂ ਵਿੱਚ ਕੰਟ੍ਰੈਕਚੂਅਲ ਪ੍ਰੋਫੈਸਰਾਂ ਲਈ ਸੇਵਾ ਸੁਰੱਖਿਆ ਬਿੱਲ ਦਾ ਪ੍ਰਾਰੂਪ ਤਿਆਰ ਕਰਨ ਲਹੀ ਵਿਚਾਰ ਕਰ ਰਹੀ ਹੈ। ਇਸ ਸਬੰਧ ਵਿੱਚ ਹੋਰ ਵਿਭਾਗਾਂ ਤੋਂ ਵਿਚਾਰ-ਵਟਾਂਦਰਾਂ ਕੀਤਾ ਜਾ ਰਿਹਾ ਹੈ।

ਮੰਤਰੀ ਹਰਿਆਣਾ ਵਿਧਾਨਸਭਾ ਵਿੱਚ ਬਜਟ ਸੈਸ਼ਨ ਦੌਰਾਨ ਸਦਨ ਦੇ ਦੋ ਮੈਂਬਰਾਂ ਵੱਲੋਂ ਪੁੱਛੇ ਗਏ ਸੁਆਲਾਂ ਦਾ ਜਵਾਬ ਦੇ ਰਹੇ ਸਨ।

ਸਿਖਿਆ ਮੰਤਰੀ ਨੇ ਦਸਿਆ ਕਿ ਵਿਭਾਗ ਨੂੰ ਹਰਿਆਣਾ ਯੂਨੀਵਰਸਿਟੀਜ ਟੀਚਰਸ ਏਸੋਸਇਏਸ਼ਨ ਅਤੇ ਹਰਿਆਣਾ ਯੂਨੀਵਰਸਿਟੀਜ ਪਾਰਟ-ਟਾਇਮ ਟੀਚਰਸ ਏਸੋਸਇਏਸ਼ਨ ਤੋਂ ਰੀਪ੍ਰੇਜੇਂਟੇਸ਼ਨ ਪ੍ਰਾਪਤ ਹੋਏ ਸਨ, ਇੰਨ੍ਹਾਂ ਸੰਗਠਨਾਂ ਨੈ ਸਾਲ 2024 ਸੇਵਾ ਸੁਰੱਖਿਆ ਆਡਰੀਨੈਂਸ ਦੀ ਤਰਜ @ਤੇ ਕਾਨੂੰਨ ਬਣਾਉਣ ਦੀ ਮੰਗ ਰੱਖੀ ਸੀ। ਇਸ ਪ੍ਰਸਤਾਵ @ਤੇ ਅਧਿਆਪਕਾਂ ਨੂੰ 60 ਸਾਲ ਦੀ ਉਮਰ ਤੱਕ ਸੇਵਾ ਸੁਰੱਖਿਆ ਪ੍ਰਦਾਨ ਕਰਨ ਦੀ ਗੱਲ ਕਹੀ ਗਈ।

ਸ੍ਰੀ ਮਹੀਪਾਲ ਢਾਂਡਾ ਨੇ ਦਸਿਆ ਕਿ ਸੂਬਾ ਸਰਕਾਰ ਨੇ ਇਸ ਵਿਸ਼ਾ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੁੱਖ ਮੰਤਰੀ ਦੀ ਮੰਜੂਰੀ ਨਾਲ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਮਹਾਰਿਸ਼ੀ ਦਇਆਨੰਦ ਯੂਨੀਵਰਸਿਟੀ, ਰੋਹਤਕ ਦੇ ਵਾਇਸ ਚਾਂਸਲਰ ਨੂੰ ਚੇਅਰਮੈਨ , ਇਸੀ ਯੂਨੀਵਰਸਿਟੀ ਦੇ ਰਜਿਸਟਰਾਰ ਨੂੰ, ਗੁਰੂਗ੍ਰਾਮ ਯੂਨੀਵਰਸਿਟੀ ਦੇ ਰਜਿਸਟਰਾਰ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਅਫੇਅਰਸ ਨੂੰ ਮੈਂਬਰ ਵਜੋ ਨਾਮਜਦ ਕੀਤਾ ਗਿਆ।

ਉਨ੍ਹਾਂ ਨੇ ਦਸਿਆ ਕਿ ਇਸ ਕਮੇਟੀ ਨੂੰ ਉਕਤ ਅਧਿਆਪਕਾਂ ਦੀ ਸੇਵਾ ਸੁਰੱਖਿਆ ਨਾਲ ਜੁੜੇ ਸਾਰੇ ਪਹਿਲੂਆਂ @ਤੇ ਵਿਸਤਾਰ ਰਿਪੋਰਟ ਤਿਆਰ ਕਰਨ ਦੀ ਜਿਮੇਵਾਰੀ ਦਿੱਤੀ ਗਈ।

ਰਿਪੋਰਟ ਮਿਲਣ ਦੇ ਬਾਅਦ ਮਾਮਲਾ ਮੁੜ ਮੁੱਖ ਮੰਤਰੀ ਦੇ ਕੋਲ ਫੈਸਲੇ ਤਹਿਤ ਭੇਜਿਆ ਗਿਆ। ਇਸ ਦੇ ਬਾਅਦ 29 ਜੁਲਾਈ 2025 ਨੂੰ ਇਸ ਵਿਸ਼ਾ @ਤੇ ਮੁੱਖ ਮੰਤਰੀ ਦੇ ਓਐਸਡੀ ਦੀ ਅਗਵਾਈ ਹੇਠ ਇੱਕ ਮਹਤੱਵਪੂਰਣ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਗੰਭੀਰ ਚਰਚਾ ਹੋਈ। ਇਸ ਦੇ ਨਤੀਜੇਵਜੋ ਫੈਸਲਾ ਕੀਤਾ ਗਿਆ ਕਿ ਸੂਬਾ ਯੂਨੀਵਰਸਿਟੀਆਂ ਵਿੱਚ ਕੰਮ ਕਰ ਰਹੇ ਪੂਰੇ ਵਿਦਿਅਕ ਸਟਾਫ ਦਾ ਵਿਸਤਾਰ ਡਾਟਾ ਇੱਕ ਨਿਰਧਾਰਿਤ ਪ੍ਰਾਰੂਪ ਵਿੱਚ ਇੱਕਠਾ ਕੀਤਾ ਜਾਵੇ।

ਸਿਖਿਆ ਮੰਤਰੀ ਨੇ ਦਸਿਆ ਕਿ ਉੱਚੇਰੀ ਸਿਖਿਆ ਮੁੱਖ ਮੰਤਰੀ ਨੇ 30 ਜੁਲਾਈ 2025 ਨੂੰ ਸਾਰੇ ਰਾਜ ਯੂਨੀਵਰਸਿਟੀਆਂ ਨੂੰ ਪੱਤਰ ਜਾਰੀ ਕੀਤਾ। ਇਸ ਪੱਤਰ ਰਾਹੀਂ ਜਰੂਰੀ ਜਾਣਕਾਰੀ ਮੰਗੀ ਗਈ। ਯੂਨੀਵਰਸਿਟੀਆਂ ਤੋਂ ਪ੍ਰਾਪਤ ਅੰਕੜਿਆਂ ਨੂੰ ਸੰਕਲਿਤ ਕੀਤਾ ਗਿਆ। ਇਸ ਦੇ ਬਾਅਦ ਇਹ ਸੰਪੂਰਣ ਰਿਪੋਰਟ ਮੁੱਖ ਮੰਤਰੀ ਨੂੰ ਅੱਗੇ ਦੀ ਕਾਰਵਾਈ ਲਈ ਭੇਜ ਦਿੱਤੀ ਗਈ।

ਇਸ ਦੇ ਬਾਅਦ ਮੁੱਖ ਮੰਤਰੀ ਵੱਲੋਂ ਇਹ ਸੁਝਾਅ ਦਿੱਤਾ ਗਿਆ ਕਿ ਕਮੇਟੀ ਦੀ ਸਿਫਾਰਿਸ਼ਾਂ @ਤੇ ਹੋਰ ਸਬੰਧਿਤ ਵਿਭਾਗਾਂ ਦੀ ਵੀ ਰਾਏ ਲਈ ਜਾਵੇ ਜਿਸ ਦੇ ਤਹਿਤ 9 ਦਸੰਬਰ, 2025 ਨੂੰ ਵੱਖ-ਵੱਖ ਵਿਭਾਗਾਂ ਮੈਡੀਕਲ ਸਿਖਿਆ ਅਤੇ ਖੋਜ ਵਿਭਾਗ, ਆਯੂਸ਼ ਵਿਭਾਗ, ਯੁਵਾ ਸਸ਼ਕਤੀਕਰਣ ਅਤੇ ਉਦਮਤਾ ਵਿਭਾਗ, ਪਸ਼ੂਪਾਲਣ ਅਤੇ ਡੇਅਰੀ ਵਿਭਾਗ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਖੇਡ ਵਿਭਾਗ ਤੋਂ ਸੁਝਾਅ ਅਤੇ ਟਿਪਣੀਆਂ ਮੰਗੀਆਂ ਗਈਆਂ ਤਾਂ ਜੋ ਇੱਕ ਸਮੂਚੇ ਨੀਤੀ ਤਿਆਰ ਕੀਤੀ ਜਾ ਸਕੇ।

ਉਨ੍ਹਾਂ ਨੇ ਦਸਿਆ ਕਿ ਹਾਲਾਂਕਿ , ਨਿਰਧਾਰਿਤ ਸਮੇਂ ਵਿੱਚ ਸਾਰੇ ਵਿਭਾਗਾਂ ਤੋਂ ਜਾਣਕਾਰੀ ਪ੍ਰਾਪਤ ਨਹੀਂ ਹੋ ਸਕੀ। ਇਸ ਲਈ 29 ਜਨਵਰੀ, 2026 ਨੂੰ ਸਬੰਧਿਤ ਵਿਭਾਗਾਂ ਨੂੰ ਰਿਮਾਈਂਡਰ ਭੇਜਿਆ ਗਿਆ। ਮੌਜੂਦਾ ਵਿੱਚ ਸਾਰੇ ਵਿਭਾਗਾਂ ਤੋਂ ਜਰੂਰੀ ਸੂਚਨਾਵਾਂ ਦਾ ਇੰਤਜਾਰ ਕੀਤਾ ਜਾ ਰਿਹਾ ਹੈ, ਜਿਵੇਂ ਹੀ ਇਹ ਜਾਣਕਾਰੀ ਪ੍ਰਾਪਤ ਹੋਵੇਗੀ, ਮਾਮਲੇ ਨੂੰ ਮੁੜ ਮੁੱਖ ਮੰਤਰੀ ਦੇ ਸਾਹਮਣੇ ਪੇਸ਼ ਕੀਤਾ ਗਿਆ।

# ਹਰੇਕ ਮਾਨਸੂਨ ਸੈਸ਼ਨ ਤੋਂ ਪਹਿਲਾਂ ਨਦੀਆਂ ਦੀ ਸਾਲਾਨਾ ਡੀ-ਸਿਲਟਿੰਗ ਦੀ ਕੋਈ ਨਿਰਧਾਰਿਤ ਰਿਵਾਇਤ ਨਹੀਂ

**ਚੰਡੀਗੜ੍ਹ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਸਿੰਚਾਈ ਅਤੇ ਜਲ੍ਹ ਸੰਸਾਧਨ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਵਿਧਾਨਸਭਾ ਵਿੱਚ ਪੁੱਛੇ ਗਏ ਸੁਆਲ ਦੇ ਜਵਾਬ ਵਿੱਚ ਸਪਸ਼ਟ ਕੀਤਾ ਕਿ ਸੂਬੇ ਵਿੱਚ ਹਰੇਕ ਮਾਨਸੂਨ ਸੈਸ਼ਨ ਤੋਂ ਪਹਿਲਾਂ ਨਦੀਆਂ ਦੀ ਸਾਲਾਨਾ ਡੀ-ਸਿਲਟਿੰਗ ਦੀ ਕੋਈ ਨਿਰਧਾਰਿਤ ਰਿਵਾਇਤ ਨਹੀਂ ਹੈ।

ਉਨ੍ਹਾਂ ਨੇ ਦਸਿਆ ਕਿ ਹਾਲ ਦੇ ਸਾਲਾਂ ਵਿੱਚ ਲਗਾਤਾਰ ਭਾਰੀ ਬਰਸਾਤ ਅਤੇ ਹੜ੍ਹ ਦੇ ਹਾਲਾਤ ਕਾਰਨ ਨਦੀਆਂ ਵਿੱਚ ਵੱਡੇ ਪੈਮਾਨੇ @ਤੇ ਗਾਦ ਜਮ੍ਹਾ ਹੋਈ ਹੈ। ਇਸੀ ਨੂੰ ਧਿਆਨ ਵਿੱਚ ਰੱਖਦੇ ਹੋਏ ਟਾਂਗਰੀ ਅਤੇ ਮਾਰਕੰਡਾ ਨਦੀਆਂ ਦੀ ਜਲ੍ਹਧਾਰਣ ਸਮਰੱਥਾ ਵਧਾਉਣ ਅਤੇ ਹੜ੍ਹ ਦੇ ਖਤਰੇ ਨੂੰ ਘੱਟ ਕਰਨ ਦੇ ਉਦੇਸ਼ ਨਾਲ ਸਾਲ 2025 ਦੌਰਾਨ ਵਿਸ਼ੇਸ਼ ਵਿਕਾਸਾਤਮਕ ਗਤੀਵਿਧੀ ਵਜੋ ਡੀ-ਸਿਲਟਿੰਗ ਦਾ ਕੰਮ ਕੀਤਾ ਗਿਆ। 30 ਜੂਨ, 2025 ਤੋਂ ਪਹਿਲਾਂ ਟਾਂਗਰੀ ਨਦੀ ਤੋਂ ਲਗਭਗ 5.50 ਲੱਖ ਘਨ ਮੰਦਿਰ ਅਤੇ ਮਾਰਕੰਡਾ ਨਦੀਂ ਤੋਂ ਲਗਭਗ 37,500 ਘਨ ਮੀਟਰ ਮਿੱਟੀ ਕੱਢੀ ਗਈ।

ਇਸ ਤੋਂ ਇਲਾਵਾ, ਮਾਨਸੂਨ 2026 ਤੋਂ ਪਹਿਲਾਂ ਟਾਂਗਰੀ, ਮਾਰਕੰਡਾ ਅਤੇ ਵੇਗਨਾ ਨਦੀਆਂ ਤੋਂ ਕ੍ਰਮਵਾਰ ਲਗਭਗ 53.85 ਲੱਖ ਘਨ ਮੀਟਰ, 10.94 ਲੱਖ ਘਨ ਮੀਟਰ ਅਤੇ 0.60 ਲੱਖ ਘਨ ਮੀਟਰ ਗਾਦ ਕੱਢਣ ਦਾ ਪ੍ਰਸਤਾਵ ਹੈ। ਇੰਨ੍ਹਾਂ ਕੰਮਾਂ ਲਈ ਟੈਂਡਰ ਪ੍ਰਕ੍ਰਿਆ ਚੱਲ ਰਹੀ ਹੈ।

# ਯੂਨੀਵਰਸਿਟੀ ਕਾਲਜ ਬੇਨੜਾ ਵਿਖੇ 9ਵੀਂ ਸਾਲਾਨਾ ਅਥਲੈਟਿਕ ਮੀਟ ਕਰਵਾਈ




**ਧੂਰੀ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਅੱਜ 9ਵੀਂ ਸਾਲਾਨਾ ਅਥਲੈਟਿਕ ਮੀਟ ਕਰਵਾਈ ਗਈ, ਜਿਸ ਦੌਰਾਨ ਵਿਦਿਆਰਥੀਆਂ ਨੇ ਖੇਡ ਭਾਵਨਾ, ਉਤਸ਼ਾਹ ਅਤੇ ਅਨੁਸ਼ਾਸਨ ਦਾ ਪ੍ਰਮਾਣ ਦਿੰਦਿਆਂ ਵੱਖ-ਵੱਖ ਐਥਲੈਟਿਕ ਮੁਕਾਬਲਿਆਂ ਵਿੱਚ ਭਾਗ ਲਿਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਆਧੁਨਿਕ ਖੇਡ ਮੈਦਾਨਾਂ ਦੀ ਉਸਾਰੀ ਰਾਹੀਂ ਨੌਜਵਾਨਾਂ ਨੂੰ ਆਪਣੇ ਇਲਾਕਿਆਂ ਵਿੱਚ ਹੀ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਅਤੇ ਸੂਬੇ ਭਰ ਵਿੱਚ ਲਗਭਗ ਤਿੰਨ ਹਜ਼ਾਰ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ। ਇਹ ਉਪਰਾਲੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਲੈ ਜਾਣ ਵੱਲ ਮਜ਼ਬੂਤ ਕਦਮ ਹਨ।

ਚੇਅਰਮੈਨ ਢਿੱਲੋ ਨੇ ਕਿਹਾ ਕਿ ਖੇਡਾਂ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਮਾਨਸਿਕ ਮਜ਼ਬੂਤੀ ਅਤੇ ਚੰਗੇ ਚਰਿੱਤਰ ਦੀ ਨਿਰਮਾਣ ਕਰਦੀਆਂ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਨੌਜਵਾਨਾਂ ਨੂੰ ਦੂਰ ਰੱਖਣ ਲਈ ਖੇਡਾਂ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ। ਖੇਡਾਂ ਵਤਨ ਪੰਜਾਬ ਦੀਆਂ ਵਰਗੀਆਂ ਪਹਿਲਕਦਮੀਆਂ ਨੇ ਸਮਾਜ ਦੇ ਹਰ ਵਰਗ ਨੂੰ ਖੇਡਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਨਵੀਂ ਦਿਸ਼ਾ ਦਿੱਤੀ ਹੈ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਹਰਵਿੰਦਰ ਸਿੰਘ ਨੇ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਕਾਲਜ ਦੀਆਂ ਖੇਡ ਅਤੇ ਅਕਾਦਮਿਕ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀ ਇੰਟਰ-ਕਾਲਜ ਅਤੇ ਯੂਨੀਵਰਸਿਟੀ ਪੱਧਰ ਦੇ ਮੁਕਾਬਲਿਆਂ ਵਿੱਚ ਲਗਾਤਾਰ ਸਥਾਨ ਹਾਸਲ ਕਰ ਰਹੇ ਹਨ ਅਤੇ ਪੜ੍ਹਾਈ ਦੇ ਖੇਤਰ ਵਿੱਚ ਵੀ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕਰ ਰਹੇ ਹਨ।

ਸਮਾਗਮ ਦੇ ਅੰਤ ਵਿੱਚ ਜੇਤੂ ਖਿਡਾਰੀਆਂ ਨੂੰ ਇਨਾਮ ਵੰਡ ਕੇ ਸਨਮਾਨਿਤ ਕੀਤਾ ਗਿਆ ਅਤੇ ਖੇਡ ਭਾਵਨਾ ਨੂੰ ਬਣਾਈ ਰੱਖਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਅਨਿਲ ਮਿੱਤਲ ਸਮੇਤ ਕਾਲਜ ਦੇ ਸਮੂਹ ਪ੍ਰੋਫੈਸਰ, ਖਿਡਾਰੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

# 19ਵਾਂ ਵਿਰਾਸਤ ਮੇਲਾ ਬਠਿੰਡਾ 20 ਤੋਂ 23 ਮਾਰਚ ਤੱਕ ਪਿੰਡ ਜੈਪਾਲਗੜ੍ਹ ਵਿਖੇ : ਡਿਪਟੀ ਕਮਿਸ਼ਨਰ



**ਬਠਿੰਡਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ ਦੇ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ 19ਵਾਂ ਵਿਰਾਸਤ ਮੇਲਾ 20 ਤੋਂ 23 ਮਾਰਚ ਤੱਕ ਕਰਵਾਇਆ ਜਾਵੇਗਾ।

ਇਸ ਮੇਲੇ ਨੂੰ ਹੋਰ ਵੱਡੇ ਪੱਧਰ ਤੇ ਲੈ ਕੇ ਜਾਣ ਦੇ ਮੰਤਵ ਨਾਲ ਮੇਲੇ ਚ ਸੱਭਿਆਚਾਰਕ ਗਤੀਵਿਧੀਆਂ ਦੇ ਨਾਲ-ਨਾਲ ਜ਼ਿਲ੍ਹਾ ਬਠਿੰਡਾ ਚ ਔਰਤਾਂ ਵਲੋਂ ਚਲਾਏ ਜਾਂਦੇ ਸੈਲਫ਼ ਹੈਲਪ ਗਰੁੱਪਾਂ ਨੂੰ ਵੀ ਆਪਣੀਆਂ ਬਣਾਈਆਂ ਗਈਆਂ ਚੀਜ਼ਾਂ ਵੇਚਣ ਦਾ ਮੌਕਾ ਦਿੱਤਾ ਜਾਵੇਗਾ ਤਾਂ ਜੋ ਇਨ੍ਹਾਂ ਔਰਤਾਂ ਨੂੰ ਇਸ ਕਿੱਤੇ ਰਾਹੀਂ ਚੰਗੀ ਆਮਦਨ ਮਿਲੇ।

ਸ਼੍ਰੀ ਰਾਜੇਸ਼ ਧੀਮਾਨ ਡਿਪਟੀ ਕਮਿਸ਼ਨਰ ਬਠਿੰਡਾ ਨੇ ਇਹ ਜਾਣਕਾਰੀ ਮੇਲੇ ਦੀਆਂ ਤਿਆਰੀਆਂ ਦੇ ਸਬੰਧ ਵਿਚ ਬੁਲਾਈ ਗਈ ਵਿਸ਼ੇਸ਼ ਬੈਠਕ ਨੂੰ ਸੰਬੋਧਨ ਕਰਦਿਆਂ ਦਿੱਤੀ।

ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਅਤੇ ਮਾਲਵਾ ਹੈਰੀਟੇਜ ਫਾਊਂਡੇਸ਼ਨ ਵੱਲੋਂ ਇਹ ਮੇਲਾ ਬੜੀ ਹੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਜਾ ਰਿਹਾ ਹੈ । ਮੇਲੇ ਚ ਉੱਘੇ ਕਲਾਕਾਰ ਆਪਣੀਆਂ ਪੇਸ਼ਕਾਰੀਆਂ ਨਾਲ ਲੋਕਾਂ ਦਾ ਮਨ ਮੋਹਣਗੇ।

ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਰਾਜੇਸ਼ ਧੀਮਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਮੇਸ਼ਾ ਵਾਂਗ ਰਵਾਇਤੀ ਖੇਡਾਂ, ਖਾਣੇ, ਪਹਿਰਾਵੇ, ਸਾਜ਼, ਨਾਚ, ਝੂਲੇ ਬਣਨਗੇ ਮੇਲੇ ਦੀ ਸ਼ਾਨ ਬਣਨਗੇ।

ਇਸ ਵਾਰ ਨਾਲ ਹੀ ਪ੍ਰਸ਼ਾਸਨ ਵੱਲੋਂ ਖੇਡ ਸਟੇਡੀਅਮ ਵਿਖੇ ਇਸ ਮੇਲੇ ਨੂੰ ਵੱਡਾ ਰੂਪ ਦਿੱਤਾ ਜਾਵੇਗਾ, ਜਿਸ ਵਿੱਚ ਝੂਲੇ, ਸਟਾਲਾਂ ਆਦਿ ਵੀ ਸ਼ਾਮਲ ਹੋਣਗੇ।

ਨਾਲ ਹੀ ਪੰਜਾਬੀ ਪਹਿਰਾਵੇ ਨਾਲ ਸਬੰਧਿਤ ਪਰਾਂਦੇ, ਜੁੱਤੀਆਂ, ਫੁਲਕਾਰੀਆਂ, ਚਰਖੇ ਆਦਿ ਦੀਆਂ ਦੁਕਾਨਾਂ ਵੀ ਲਗਾਈਆਂ ਜਾਣਗੀਆਂ।

ਇਸ ਤੋਂ ਇਲਾਵਾ ਇਸ ਵਿੱਚ ਰਵਾਇਤੀ ਖੇਡਾਂ ਜਿਵੇਂ ਕਿ ਕੁਸ਼ਤੀ, ਰੱਸਾ ਕਸੀ, ਬਾਜ਼ੀ ਪਾਉਣਾ ਆਦਿ ਵੀ ਸ਼ਾਮਲ ਹੋਣਗੇ।

ਉਨ੍ਹਾਂ ਦੱਸਿਆ ਕਿ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਕਮੇਟੀਆਂ ਬਣਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਪ੍ਰਾਹੁਣਾਚਾਰੀ ਕਮੇਟੀ, ਸਵਾਗਤੀ ਕਮੇਟੀ, ਰਹਿਣ ਦੇ ਪ੍ਰਬੰਧਾਂ ਸਬੰਧੀ ਕਮੇਟੀ, ਦੁਕਾਨਾਂ ਜਾਰੀ ਕਰਨ ਸਬੰਧੀ ਕਮੇਟੀ, ਸਫਾਈ, ਸੁਰੱਖਿਆ, ਖਾਣੇ ਦੀ ਟੈਸਟਿੰਗ ਸਬੰਧੀ, ਸਿਹਤ ਸਬੰਧੀ ਆਦਿ ਕਮੇਟੀਆਂ ਸ਼ਾਮਲ ਹਨ।

ਮਾਲਵਾ ਹੈਰੀਟੇਜ ਫਾਊਂਡੇਸ਼ਨ ਦੇ ਸਹਿਯੋਗ ਨਾਲ ਕਰਵਾਏ ਜਾਂਦੇ ਇਸ ਮੇਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਬਠਿੰਡਾ ਦੀ ਧਰਤੀ ਲਈ ਬੜੀ ਮਾਨ ਵਾਲੀ ਗੱਲ ਹੈ ਕਿ ਇਸ ਨੇ ਪੰਜਾਬੀ ਰਵਾਇਤਾਂ ਨੂੰ ਸੰਭਾਲ ਕੇ ਰੱਖਿਆ ਹੈ।

ਉਨ੍ਹਾਂ ਬਠਿੰਡਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੀ ਇਸ ਸੰਭਾਲ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਅਤੇ ਮੇਲੇ ਚ ਹੁੰਮ-ਹੁਮਾ ਕੇ ਪੁੱਜਣ। ਉਨ੍ਹਾਂ ਸਾਰਿਆਂ ਨੂੰ ਮੇਲੇ ਚ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ਼੍ਰੀ ਰਾਜਦੀਪ ਸਿੰਘ ਬਰਾੜ, ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਆਈ.ਏ.ਐਸ. ਸ੍ਰੀ ਸੁਨੀਲ ਫੋਗਾਟ, ਆਈ.ਏ.ਐੱਸ (ਯੂ.ਟੀ) ਮੈਡਮ ਹਰਸ਼ਿਤਾ, ਉੱਪ ਮੰਡਲ ਮੈਜਿਸਟ੍ਰੇਟ ਬਠਿੰਡਾ ਸ਼੍ਰੀ ਬਲਕਰਨ ਸਿੰਘ, ਸ਼੍ਰੀ ਹਰਜੀਤ ਅਟਵਾਲ, ਮੁੱਖ ਮੰਤਰੀ ਫ਼ੀਲਡ ਅਫਸਰ ਸ਼੍ਰੀ ਰਮਨਜੀਤ, ਸ਼੍ਰੀ ਹਰਵਿੰਦਰ ਸਿੰਘ ਖਾਲਸਾ ਪ੍ਰਧਾਨ ਮਾਲਵਾ ਹੈਰੀਟੇਜ ਅਤੇ ਸੱਭਿਆਚਾਰਕ ਫਾਊਂਡੇਸ਼ਨ, ਕਮੇਟੀ ਮੈਂਬਰ ਰਾਮ ਪ੍ਰਕਾਸ਼ ਫ਼ੀਲਡ ਅਫਸਰ ਸ਼੍ਰੀ ਰਮਨਜੀਤ, ਸ਼੍ਰੀ ਹਰਵਿੰਦਰ ਸਿੰਘ ਖਾਲਸਾ ਪ੍ਰਧਾਨਫ਼ੀਲਡ ਅਫਸਰ ਸ਼੍ਰੀ ਰਮਨਜੀਤ, ਸ਼੍ਰੀ ਹਰਵਿੰਦਰ ਜਿੰਦਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਡੀਏਵੀ ਕਾਲਜ ਆਫ਼ ਐਜੂਕੇਸ਼ਨ ਦੇ ਐਨਐਸਐਸ ਸੇਵਾ ਕਾਰਜ ਨੂੰ ਕੀਤਾ ਗਿਆ ਨਮਨ



**ਡੰਗਰਖੇੜਾ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਡੰਗਰਖੇੜਾ ਪਿੰਡ ਦੀ ਸਰਪੰਚ ਸ਼ੈਫਾਲੀ ਟਾਕ ਅਤੇ ਗ੍ਰਾਮ ਪੰਚਾਇਤ ਨੇ ਕਿਹਾ ਕਿ ਡੀਏਵੀ ਕਾਲਜ ਆਫ਼ ਐਜੂਕੇਸ਼ਨ ਵੱਲੋਂ ਪਿੰਡ ਵਿੱਚ ਲਗਾਏ ਗਏ ਸੱਤ ਦਿਨਾਂ ਐਨਐਸਐਸ ਕੈਂਪ ਨੇ ਪੇਂਡੂ ਵਿਕਾਸ ਅਤੇ ਸਮਾਜਿਕ ਜਾਗਰੂਕਤਾ ਦੀ ਇੱਕ ਪ੍ਰੇਰਨਾਦਾਇਕ ਉਦਾਹਰਣ ਪੇਸ਼ ਕੀਤੀ। ਇਹ ਕੈਂਪ 20 ਫਰਵਰੀ ਤੋਂ 26 ਫਰਵਰੀ, 2026 ਤੱਕ ਡੰਗਰਖੇੜਾ ਪਿੰਡ ਵਿੱਚ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿੱਥੇ ਵਲੰਟੀਅਰਾਂ ਨੇ ਸ਼ਾਨਦਾਰ ਸੇਵਾ, ਸਮਰਪਣ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਦਰਸ਼ਨ ਕੀਤਾ। ਇਸ ਸੱਤ ਦਿਨਾਂ ਰਾਸ਼ਟਰੀ ਸੇਵਾ ਯੋਜਨਾ ਕੈਂਪ ਦੌਰਾਨ, ਪਿੰਡ ਵਿੱਚ ਇੱਕ ਵਿਆਪਕ ਸਫਾਈ ਮੁਹਿੰਮ ਚਲਾਈ ਗਈ। ਵਲੰਟੀਅਰਾਂ ਨੇ ਪਿੰਡ ਵਾਸੀਆਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨ ਲਈ ਗਲੀਆਂ, ਜਨਤਕ ਥਾਵਾਂ ਅਤੇ ਆਲੇ ਦੁਆਲੇ ਦੇ ਖੇਤਰਾਂ ਦੀ ਸਫਾਈ ਕੀਤੀ। ਇਸ ਤੋਂ ਇਲਾਵਾ, ਪਸ਼ੂ ਪਾਲਣ ਅਤੇ ਪਸ਼ੂ ਸੁਰੱਖਿਆ ਮੁਹਿੰਮ ਤਹਿਤ, ਪਿੰਡ ਵਾਸੀਆਂ ਨੂੰ ਜਾਨਵਰਾਂ ਦੀ ਦੇਖਭਾਲ, ਟੀਕਾਕਰਨ ਅਤੇ ਸੁਰੱਖਿਆ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਐਨਐਸਐਸ ਵਲੰਟੀਅਰਾਂ ਨੇ ਪਿੰਡ ਵਾਸੀਆਂ ਨੂੰ ਨਸ਼ਾ ਮੁਕਤ ਰਹਿਣ ਲਈ ਉਤਸ਼ਾਹਿਤ ਕਰਨ ਲਈ ਇੱਕ ਰੈਲੀ ਵੀ ਆਯੋਜਿਤ ਕੀਤੀ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਵਾਅਦਾ ਕੀਤਾ। ਇਸ ਤੋਂ ਇਲਾਵਾ, ਕੈਂਪ ਵਿੱਚ ਯੋਗਾ ਅਤੇ ਸਿਹਤ ਜਾਗਰੂਕਤਾ ਬਾਰੇ ਵਿਸ਼ੇਸ਼ ਸੈਸ਼ਨ ਆਯੋਜਿਤ ਕੀਤੇ ਗਏ, ਜਿੱਥੇ ਵਿਦਿਆਰਥੀਆਂ ਨੇ ਪਿੰਡ ਵਾਸੀਆਂ ਨੂੰ ਯੋਗਾ ਦੇ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਲਾਭਾਂ ਬਾਰੇ ਜਾਣਕਾਰੀ ਦਿੱਤੀ। ਇਹ ਪਹਿਲ ਪੇਂਡੂ ਜੀਵਨ ਵਿੱਚ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਵੱਲ ਇੱਕ ਸਕਾਰਾਤਮਕ ਕਦਮ ਸਾਬਤ ਹੋਈ।ਪੂਰਾ ਕੈਂਪ ਪ੍ਰੋਫੈਸਰ ਸ਼ੀਬਾ, ਪ੍ਰੋਫੈਸਰ ਅਨਿਲ ਬਿਸ਼ਨੋਈ ਅਤੇ ਐਨਐਸਐਸ ਵਿਭਾਗ ਦੇ ਇੰਚਾਰਜ ਡਾ. ਸੀਮਾ ਕੰਬੋਜ ਦੀ ਅਗਵਾਈ ਹੇਠ ਕੁਸ਼ਲਤਾ ਨਾਲ ਚਲਾਇਆ ਗਿਆ। ਉਨ੍ਹਾਂ ਦੀ ਅਗਵਾਈ ਹੇਠ, ਵਿਦਿਆਰਥੀਆਂ ਨੇ ਸੇਵਾ ਦੀ ਭਾਵਨਾ ਨਾਲ ਪਿੰਡ ਦੇ ਸਮੁੱਚੇ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਈ। ਵਿਦਿਆਰਥੀਆਂ ਅਤੇ ਐਨਐਸਐਸ ਇੰਚਾਰਜਾਂ ਦੇ ਸ਼ਲਾਘਾਯੋਗ ਯੋਗਦਾਨ ਤੋਂ ਪ੍ਰਭਾਵਿਤ ਹੋ ਕੇ, ਡੰਗਰਖੇੜਾ ਪਿੰਡ ਦੀ ਪੰਚਾਇਤ ਨੇ ਡੀਏਵੀ ਕਾਲਜ ਆਫ਼ ਐਜੂਕੇਸ਼ਨ, ਕਾਲਜ ਪ੍ਰਿੰਸੀਪਲ ਡਾ. ਵਿਜੇ ਗਰੋਵਰ ਅਤੇ ਐਨਐਸਐਸ ਇੰਚਾਰਜਾਂ ਨੂੰ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ। ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਅਜਿਹੇ ਕੈਂਪਾਂ ਲਈ ਆਪਣੀ ਪ੍ਰਸ਼ੰਸਾ ਪ੍ਰਗਟ ਕੀਤੀ, ਨਾ ਸਿਰਫ ਪਿੰਡ ਦੇ ਵਿਕਾਸ ਵਿੱਚ ਯੋਗਦਾਨ ਪਾਉਂਦੇ ਹਨ ਬਲਕਿ ਨੌਜਵਾਨਾਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਵੀ ਮਜ਼ਬੂਤ ਕਰਦੇ ਹਨ। ਇਹ ਸੱਤ ਦਿਨਾਂ ਐਨਐਸਐਸ ਕੈਂਪ ਸਿੱਖਿਆ ਅਤੇ ਸਮਾਜ ਵਿਚਕਾਰ ਇੱਕ ਸ਼ਕਤੀਸ਼ਾਲੀ ਪੁਲ ਵਜੋਂ ਉਭਰਿਆ ਹੈ, ਇਹ ਸਾਬਤ ਕਰਦਾ ਹੈ ਕਿ ਜਦੋਂ ਸਿੱਖਿਆ ਨੂੰ ਸੇਵਾ ਨਾਲ ਜੋੜਿਆ ਜਾਂਦਾ ਹੈ, ਤਾਂ ਸਮਾਜ ਵਿੱਚ ਸਕਾਰਾਤਮਕ ਅਤੇ ਸਥਾਈ ਤਬਦੀਲੀ ਸੰਭਵ ਹੈ। ਡੀਏਵੀ ਕਾਲਜ ਆਫ਼ ਐਜੂਕੇਸ਼ਨ ਦੁਆਰਾ ਆਯੋਜਿਤ ਇਹ ਕੈਂਪ ਸ਼ਲਾਘਾਯੋਗ ਸੀ। ਸਮੂਹ ਐਨਐਸਐਸ ਵਿਭਾਗ ਅਤੇ ਵਲੰਟੀਅਰਾਂ ਨੇ ਗ੍ਰਾਮ ਪੰਚਾਇਤ, ਮੰਦਰ ਕਮੇਟੀ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।

# ਕੀਮਤੀ ਭਗਤ ਦੇ ਅਹੁਦਾ ਸੰਭਾਲਣ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਰਹੇ ਮੌਜੂਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 3 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਕੀਮਤੀ ਭਗਤ ਨੇ ਅੱਜ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਦੀ ਹਾਜ਼ਰੀ ਵਿੱਚ ਆਪਣਾ ਅਹੁਦਾ ਸੰਭਾਲ ਲਿਆ।

ਇਸ ਮੌਕੇ ਸ੍ਰੀ ਕੀਮਤੀ ਭਗਤ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ, ਸਾਧੂ-ਸੰਤ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕ ਹਾਜ਼ਰ ਸਨ।

ਸ੍ਰੀ ਭਗਤ ਨੇ ਅਹੁਦਾ ਸੰਭਾਲਣ ਮੌਕੇ ਕਿਹਾ ਕਿ ਉਹ ਪੰਜਾਬ ਰਾਜ ਵਿੱਚ ਬੇਸਹਾਰਾ ਗਊ ਮਾਤਾ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰਨਗੇ।

ਉਨ੍ਹਾਂ ਕਿਹਾ ਕਿ ਉਹ ਬੇਸਹਾਰਾ ਪਸ਼ੂਆਂ ਕਾਰਨ ਹੋ ਰਹੇ ਜਾਨੀ-ਮਾਲੀ ਨੁਕਸਾਨ ਨੂੰ ਰੋਕਣ ਲਈ ਵੀ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਜ਼ ਅਤੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਕੋਸ਼ਿਸ਼ ਕਰਨਗੇ ਕਿ ਇਨ੍ਹਾਂ ਬੇਸਹਾਰਾ ਪਸ਼ੂਆਂ ਨੂੰ ਵੀ ਗਊਸ਼ਾਲਾਵਾਂ ਵਿੱਚ ਰੱਖਿਆ ਜਾ ਸਕੇ।

ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਗਊ ਸੇਵਾ ਕਮਿਸ਼ਨ ਦੇ ਨਵ-ਨਿਯੁਕਤ ਵਾਈਸ ਚੇਅਰਮੈਨ ਸ੍ਰੀ ਕੀਮਤੀ ਭਗਤ ਨੂੰ ਮੁਬਾਰਕਬਾਦ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਸੂਬੇ ਵਿੱਚ ਬੇਸਹਾਰਾ ਗਊਆਂ ਦੀ ਸੇਵਾ ਨੂੰ ਯਕੀਨੀ ਬਣਾਉਣਗੇ।

ਇਸ ਮੌਕੇ ਬਲਜਿੰਦਰ ਸਿੰਘ ਬੰਟੀ ਵਾਈਸ ਚੇਅਰਮੈਨ ਜੰਗਲਾਤ ਵਿਭਾਗ, ਮਹੰਤ ਰਵੀ ਕਾਂਤ ਜੀ, ਚੇਅਰਮੈਨ ਹਿੰਦੂ ਵੈਲਫੇਅਰ ਬੋਰਡ, ਸ੍ਰੀ ਸਤੀਸ਼ ਕੁਮਾਰ ਰਾਸ਼ਟਰੀ ਪ੍ਰਧਾਨ ਗਊ ਰੱਖਿਆ ਦਲ, ਅੰਮ੍ਰਿਤ ਭਗਤ, ਪ੍ਰਧਾਨ ਸਤਿਗੁਰੂ ਕਬੀਰ ਸੈਨਾ ਪੰਜਾਬ, ਰਮੇਸ਼ ਭਗਤ, ਗਊ ਸੇਵਾ ਕਮਿਸ਼ਨ ਦੇ ਸੀ.ਈ.ਓ. ਡਾ. ਰਾਜੇਸ਼ ਨਾਰੰਗ, ਸ੍ਰੀ ਸਤੀਸ਼ ਕੁਮਾਰ ਰਾਸ਼ਟਰੀ ਪ੍ਰਧਾਨ ਗਊ ਰੱਖਿਆ ਦਲ, ਅੰਮ੍ਰਿਤ ਡਪਟੀ ਸੀ.ਈ.ਓ. ਡਾ. ਪ੍ਰੀਤੀ ਸਿੰਘ, ਪਸ਼ੂ ਪਾਲਣ ਵਿਭਾਗ ਦੇ ਜਾਇੰਟ ਡਾਇਰੈਕਟਰ ਡਾ. ਸ਼ਾਮ ਸਿੰਘ ਤੇ ਵੈਟਨਰੀ ਅਫ਼ਸਰ ਡਾ. ਉਜਵਲ ਗੁਪਤਾ ਹਾਜ਼ਰ ਸਨ।

# ਹੋਲੇ ਮਹੱਲੇ ਦਾ ਇਤਿਹਾਸਕ ਮਹੱਤਵ




'ਹੋਲਾ-ਮਹੱਲਾ' ਮਨਾਉਣ ਦੀ ਰਵਾਇਤ ਗੁਰੂ ਗੋਬਿੰਦ ਸਿੰਘ ਜੀ ਨੇ ਕਾਇਮ ਕੀਤੀ ਸੀ। ਮਕਸਦ ਸੀ, ਹਿੰਦੁਸਤਾਨੀ ਜਨਤਾ ਨੂੰ ਨਵਾਂ ਇਨਕਲਾਬੀ ਸੁਨੇਹਾ ਦੇਣਾ। ਲੋਕਾਂ ਵਿਚ ਵੀਰਰਸ ਭਰਨਾ, ਉਨ੍ਹਾਂ ਨੂੰ ਯੁੱਧ ਕਲਾ ਵਿਚ ਪਰਬੀਨ ਕਰਨਾ ਅਤੇ ਆਜ਼ਾਦੀ ਦੇ ਸੰਘਰਸ਼ ਦੀ ਰਾਹ 'ਤੇ ਤੋਰਨਾ।

ਭਾਈ ਕਾਨ੍ਹ ਸਿੰਘ ਨਾਭਾ ਦੇ ਮਹਾਨ ਕੋਸ਼ ਮੁਤਾਬਕ 'ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਖਾਲਸੇ ਨੂੰ ਸ਼ਸਤ੍ਰ ਅਤੇ ਯੁੱਧ ਵਿੱਦਿਆ ਵਿਚ ਨਿਪੁੰਨ ਕਰਨ ਲਈ ਇਹ ਰੀਤਿ ਚਲਾਈ ਸੀ ਕਿ ਦੋ ਦਲ ਬਣਾ ਕੇ ਪ੍ਰਧਾਨ ਸਿੰਘਾਂ ਦੀ ਅਗਵਾਈ ਹੇਠ ਇਕ ਖਾਸ ਥਾਂ 'ਤੇ ਕਬਜ਼ਾ ਕਰਨ ਲਈ ਹਮਲਾ ਕਰਨਾ। ਕਲਗੀਧਰ ਆਪ ਇਸ ਮਸਨੂਈ ਜੰਗ ਦਾ ਕਰਤਬ ਦੇਖਦੇ ਅਤੇ ਦੋਹਾਂ ਦਲਾਂ ਨੂੰ ਸ਼ੁਭ ਸਿੱਖਿਆ ਦਿੰਦੇ ਸੀ ਅਤੇ ਜੋ ਦਲ ਕਾਮਯਾਬ ਹੁੰਦਾ, ਉਸ ਨੂੰ ਦੀਵਾਨ ਵਿਚ ਸਿਰੋਪਾਓ ਬਖਸ਼ਦੇ ਸਨ।' ਪਿਛੋਕੜ ਵੱਲ ਝਾਤ ਮਾਰੀਏ ਤਾਂ ਇਹ ਤੱਥ ਉਭਰ ਕੇ ਸਾਹਮਣੇ ਆਉਂਦਾ ਹੈ ਕਿ ਗੁਰੂ ਨਾਨਕ ਸਾਹਿਬ ਨੇ ਆਪਣੇ ਸਮਕਾਲੀ ਦੌਰ ਵਿਚ ਵੇਲੇ ਦੀ ਹਾਕਮ ਜਮਾਤ ਨੂੰ ਚਿਤਾਵਨੀ ਦਿੰਦਿਆਂ ਕਿਹਾ ਸੀ-ਜੇ ਰੰਗ-ਤਮਾਸ਼ਿਆਂ 'ਚ ਖਚਤ ਰਹਿਣ ਦੀ ਥਾਂ 'ਤੇ ਉਨ੍ਹਾਂ ਨੇ ਮੁਲਕ ਨੂੰ ਮਜ਼ਬੂਤ ਕਰਨ ਲਈ ਕਦਮ ਚੁੱਕੇ ਹੁੰਦੇ ਤਾਂ ਮੁਲਕ ਦੂਜਿਆਂ ਦਾ ਗੁਲਾਮ ਨਾ ਹੁੰਦਾ। ਹਿੰਦੁਸਤਾਨੀ ਜਨਤਾ ਬੇਪਤੀ ਦਾ ਜੀਵਨ ਜਿਊਣ ਲਈ ਮਜਬੂਰ ਨਾ ਹੁੰਦੀ। ਸੂਰਜ ਪ੍ਰਕਾਸ਼ ਗ੍ਰੰਥ 'ਚ ਗੁਰੂ ਨਾਨਕ ਸਾਹਿਬ ਦੇ ਤਾੜਨਾ ਭਰੇ ਸ਼ਬਦ ਇਸ ਤਰ੍ਹਾਂ ਕਲਮਬੰਦ ਹਨ :

*ਹੈ ਅਮੀਰ ਓਮਰੇ ਜਿ ਵਜੀਰੰ।*
*ਬਿਸਰ ਗਏ ਪ੍ਰਭ ਗੁਨੀ ਗਹੀਰੰ॥*
*ਚਿਤ ਮਹਿ ਚਾਹਤ ਰੰਗ ਤਮਾਸੇ।*
*ਬਿਬਿਧ ਬਿਧਨ ਕੇ ਬਿਲਸ ਬਿਲਾਸੇ॥*
*ਅਬ ਤਿਨ ਕੀ ਗਤਿ ਹੋਈ ਐਸੀ।*
*ਜਾਇ ਬਿਲੋਕੀ ਨਾਹਿ ਨ ਜੈਸੀ॥*

ਤਕਰੀਬਨ ਇਹੋ ਸੰਦੇਸ਼ ਨਵੇਂ ਅੰਦਾਜ਼ ਵਿਚ ਦਸਮ ਪਿਤਾ ਦੇਣਾ ਚਾਹੁੰਦੇ ਸਨ। ਇਕ ਨਵੀਂ ਰੂਹ ਫੂਕਣਾ ਚਾਹੁੰਦੇ ਸਨ। ਸੁਰਤ ਗੁਆ ਚੁੱਕੇ ਲੋਕਾਂ ਨੂੰ ਮੁੜ ਯਾਦ ਕਰਾਉਣਾ ਚਾਹੁੰਦੇ ਸਨ ਕਿ ਮੁਲਕ ਗੁਲਾਮ ਹੈ, ਲੋਕੀਂ ਅਧੀਨਗੀ ਦੀ ਜ਼ਿੰਦਗੀ ਜੀਅ ਰਹੇ ਹਨ ਅਤੇ ਐਸੀ ਸਥਿਤੀ ਵਿਚ ਇਕ-ਦੂਜੇ ਉਪਰ ਰੰਗ ਸੁੱਟ ਕੇ ਖੁਸ਼ੀਆਂ ਮਨਾਉਣਾ ਕਦਾਚਿਤ ਵਾਜਬ ਨਹੀਂ ਹੈ। ਸਵੈਮਾਣ ਖੁਹਾ ਚੁੱਕੇ ਲੋਕਾਂ ਨੂੰ ਰੰਗਾਂ ਦੀ ਹੋਲੀ ਖੇਡਣਾ ਬਿਲਕੁਲ ਨਹੀਂ ਸ਼ੋਭਦਾ। ਪਰਾਧੀਨਤਾ ਵਿਚ ਖੁਸ਼ੀਆਂ ਮਨਾਉਣ ਦੀ ਥਾਂ 'ਤੇ ਆਜ਼ਾਦੀ ਦੇ ਸੰਘਰਸ਼ ਲਈ ਤਿਆਰੀ ਕਰਨੀ ਬਨਦੀ ਹੈ। ਅਸਲ ਵਿਚ ਗੁਰੂ ਗੋਬਿੰਦ ਸਿੰਘ ਜੀ ਦੇ ਜ਼ਿਹਨ ਵਿਚ ਇਕ ਸੰਕਲਪ ਸਾਕਾਰ ਰੂਪ ਗ੍ਰਹਿਣ ਕਰ ਰਿਹਾ ਸੀ।

ਉਹ ਚਾਹੁੰਦੇ ਸਨ ਕਿ ਸਦੀਆਂ ਤੋਂ ਗੁਲਾਮ, ਰਾਜਸੀ ਬਣਤਰ ਚੋਂ ਬੇਦਖਲ ਹੋ ਚੁੱਕੇ ਹਿੰਦੁਸਤਾਨੀ ਸਮਾਜ ਦੀ ਪਾਤਸ਼ਾਹੀ ਕਾਇਮ ਹੋਵੇ। ਆਮ ਲੋਕਾਂ ਦੀ ਹਕੂਮਤ ਸਥਾਪਤ ਹੋ ਜਾਵੇ। ਪਰਜਾ ਹਾਕਮ ਬਣ ਜਾਵੇ। ਪਰ ਇਹ ਤਾਹੀਓਂ ਹੋ ਸਕਦਾ ਸੀ ਜੇ ਇਕ ਨਵੀਂ ਲਹਿਰ ਪੈਦਾ ਹੋਵੇ। ਲੋਕੀਂ ਉਠ ਖੜ੍ਹੇ ਹੋਣ, ਸੁਚੇਤ ਹੋ ਕੇ ਆਪਣੇ ਫਰਜ਼ ਦੀ ਪਛਾਣ ਕਰਨ। ਮੌਤ ਦਾ ਭੈਅ ਦਿਲੋਂ ਕੱਢ ਦੇਣ। ਹਥਿਆਰਬੰਦ ਘੋਲ ਲਈ ਤਿਆਰੀ ਕਰ ਲੈਣ। ਪਰ ਇਹ ਹਕੀਕਤ ਕਿਸੇ ਤੋਂ ਭੁੱਲੀ ਨਹੀਂ ਕਿ ਹਾਲਾਤ ਪੂਰੀ ਤਰ੍ਹਾਂ ਮੁਖਤਲਿਫ ਸਨ। ਜਿਸ ਸਮਾਜ ਵਿਚ ਗੁਲਾਮੀ ਦਾ ਅਹਿਸਾਸ ਹੀ ਖਤਮ ਹੋ ਗਿਆ ਹੋਵੇ, ਉਸ ਤੋਂ ਕੀ ਤਵੱਕੋਂ ਕੀਤੀ ਜਾ ਸਕਦੀ ਹੈ।

ਸਚਮੁੱਚ ਕੰਮ ਬਹੁਤ ਔਖਾ ਸੀ। ਬਿਲਕੁਲ ਉਲਟੀ ਗੰਗਾ ਵਹਾਉਣ ਵਾਲੀ ਗੱਲ ਸੀ। ਇਤਿਹਾਸਕ ਸਾਖੀ ਹੈ ਕਿ ਇਸ ਤਰ੍ਹਾਂ ਦੀ ਬਿਖੜੀ ਪ੍ਰਸਥਿਤੀ ਵਿਚ ਗੁਰੂ ਸਾਹਿਬ ਨੇ 'ਹੋਲਾ-ਮਹੱਲਾ' ਮਨਾਉਣ ਦੀ ਨਵੀਂ ਰਵਾਇਤ ਰਾਹੀਂ ਆਪਣੇ ਪੈਰੋਕਾਰਾਂ ਵਿਚ ਸ਼ਸਤਰਾਂ ਨਾਲ ਸਾਂਝ ਪੱਕਿਆਂ ਕਰਨ ਦੀ ਪਿਰਤ ਪਾਉਣ ਦਾ ਫੈਸਲਾ ਕੀਤਾ ਸੀ। ਗੁਰੂ ਗੋਬਿੰਦ ਸਿੰਘ ਜੀ ਦੀ ਬਾਣੀ ਦਾ ਜੇ ਅਧਿਐਨ ਕਰੀਏ ਤਾਂ ਵੀ ਇਹ ਗੱਲ ਬੜੀ ਸ਼ਿੱਦਤ ਨਾਲ ਉਭਰ ਕੇ ਸਾਹਮਣੇ ਆਉਂਦੀ ਹੈ ਕਿ ਉਹ ਸ਼ਸਤਰਾਂ ਨੂੰ ਬਹੁਤ ਮਹੱਤਵ ਦਿੰਦੇ ਹਨ। ਆਪਣੀ ਬਾਣੀ ਵਿਚ ਗੁਰੂ ਸਾਹਿਬ ਨੇ ਅਕਾਲ ਪੁਰਖ ਨੂੰ ਸ਼ਸਤਰਧਾਰੀ ਰੂਪ ਵਿਚ ਮੂਰਤੀਮਾਨ ਕਰਦਿਆਂ, 'ਸਸਤ੍ਰ ਪਾਣੇ', 'ਅਸਤ੍ਰ ਮਾਣੇ', 'ਸਾਹਿਬ ਸ੍ਰੀ', 'ਖੜਗ ਪਾਣੇ', 'ਸ੍ਰੀ ਅਸਪਾਨ' ਆਦਿ ਨਾਵਾਂ ਨਾਲ ਪੁਕਾਰਿਆ ਹੈ। 'ਕਬਯੋ ਬਾਚ ਬੇਨਤੀ ਚੌਪਈ' ਵਿਚ ਗੁਰੂ ਸਾਹਿਬ ਨੇ ਅਕਾਲ ਪੁਰਖ ਨੂੰ ਸ੍ਰੀ ਅਸਿਧੁਜ' ਅਤੇ 'ਖੜਗ ਕੇਤ' ਕਹਿ ਕੇ ਸੰਬੋਧਤ ਕੀਤਾ ਹੈ। ਮਹਾਂਕਵੀ ਭਾਈ ਸੰਤੋਖ ਸਿੰਘ ਦੇ ਗੁਰ ਪ੍ਰਤਾਪ ਸੂਰਜ ਗ੍ਰੰਥ ਅਨੁਸਾਰ ਖਾਲਸਾ ਪੰਥ ਨੂੰ ਉਪਦੇਸ਼ ਦਿੰਦਿਆਂ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ ਸੀ ਕਿ ਰਾਜ, ਸ਼ਸਤ੍ਰਾਂ ਦੇ ਅਧੀਨ ਹੁੰਦਾ ਹੈ। ਸ਼ਸਤ੍ਰਹੀਣ ਲੋਕੀਂ ਆਪਣੀ ਖੁਦਮੁਖਤਿਆਰੀ ਦਾ ਇਜ਼ਹਾਰ ਨਹੀਂ ਕਰ ਸਕਦੇ। ਇਸ ਲਈ ਖਾਲਸੇ ਨੂੰ ਸ਼ਸਤ੍ਰਧਾਰੀ ਹੋਣਾ ਚਾਹੀਦਾ ਹੈ। ਗੁਰੂ ਸਾਹਿਬ ਨੇ ਤਾਕੀਦ ਕੀਤੀ ਸੀ ਕਿ ਉਨ੍ਹਾਂ ਦੀ ਖੁਸ਼ੀ ਖਾਲਸੇ ਨੂੰ ਤਾਂ ਪ੍ਰਾਪਤ ਹੋ ਸਕਦੀ ਹੈ, ਜੇ ਖਾਲਸਾ ਸੁਚੇਤ ਹੋ ਕੇ ਸ਼ਸਤ੍ਰਧਾਰੀ ਰੂਪ ਵਿਚ ਉਨ੍ਹਾਂ ਦੇ ਸਨਮੁਖ ਆਵੇ-

ਸ਼ਸਤ੍ਰਨਿ ਕੇ ਅਧੀਨ ਹੈ ਰਾਜ।
ਜੋ ਨ ਸਰਹਿ ਤਿਸ ਬਿਗਰਤਿ ਕਾਜ।
ਯਾਂ ਤੇ ਸਰਬ ਖਾਲਸਾ ਸੁਨੀਅਹਿ।
ਅਯੁਧ ਧਰਿਬੇ ਉਤਮ ਗਨੀਅਹਿ।
ਜਬਿ ਹਮਰੇ ਦਰਸ਼ਨ ਕੋ ਆਵਹੁ।
ਬਨਿ ਸੁਚੇਤ ਤਨ ਸ਼ਸਤ੍ਰ ਸਜਾਵਹੁ।
ਕਮਰਕੱਸਾ ਕਰਿ ਦੇਹੁ ਦਿਖਾਈ।
ਹਮਰੀ ਖੁਸ਼ੀ ਹੋਇ ਅਧਿਕਾਈ।

ਇਤਿਹਾਸਕ ਦ੍ਰਿਸ਼ਟੀ ਤੋਂ ਵੇਖੀਏ ਤਾਂ ਅਨੰਦਪੁਰ ਸਾਹਿਬ ਵਿਚ ਹੋਲ-ਗੜ੍ਹ ਕਿਲ੍ਹੇ ਵਾਲੀ ਥਾਂ 'ਤੇ ਸੰਨ 1700 ਈ: ਵਿਚ ਪਹਿਲੀ ਵਾਰ ਹੋਲਾ-ਮਹੱਲਾ ਮਨਾਇਆ ਗਿਆ ਸੀ। ਗੁਰੂ ਗੋਬਿੰਦ ਸਿੰਘ ਜੀ ਨੇ ਆਪ ਇਸ ਪ੍ਰੰਪਰਾ ਦਾ ਅਰੰਭ ਕੀਤਾ ਸੀ ਅਤੇ ਆਪਣੇ ਸਿੱਖਾਂ ਨੂੰ ਜੰਗੀ ਕਰਤਬ ਦਿਖਾਉਣ ਦਾ ਹੁਕਮ ਦਿੱਤਾ ਸੀ। ਹੋਲਾ-ਮਹੱਲਾ ਮਨਾਉਣ ਲਈ ਸਿੱਖ ਸਿਪਾਹੀ ਆਪਣੇ-ਆਪ ਨੂੰ ਦੋ ਹਿੱਸਿਆਂ ਵਿਚ ਵੰਡ ਲੈਂਦੇ ਸਨ ਅਤੇ ਇਕ ਕਿਸਮ ਦਾ ਬਨਾਵਟੀ-ਯੁੱਧ ਰਚ ਕੇ ਜੰਗੀ ਕਰਤਬਾਂ ਦਾ ਪ੍ਰਦਰਸ਼ਨ ਕਰਦੇ ਸਨ। ਇਕ ਤਰ੍ਹਾਂ ਨਾਲ ਪੂਰੇ ਜੰਗੀ ਅਭਿਆਸ ਦਾ ਨਜ਼ਾਰਾ ਉਭਰ ਆਉਂਦਾ ਸੀ। ਜਿੱਤ ਹਾਸਲ ਕਰਨ ਵਾਲਿਆਂ ਨੂੰ ਇਨਾਮ ਦਿੱਤੇ ਜਾਂਦੇ ਸਨ ਅਤੇ ਇਹ ਨਿਵੇਕਲੇ ਕਿਸਮ ਦਾ ਸਮਾਰੋਹ ਲੋਕਾਂ ਵਿਚ ਇਕ ਨਵੀਂ ਰੂਹ ਫੂਕ ਦਿੰਦਾ ਸੀ। ਨਾਲ ਹੀ ਹੋਲਾ-ਮਹੱਲਾ ਦੇ ਮੌਕੇ 'ਤੇ ਸ਼ਸਤਰਾਂ-ਬਸਤਰਾਂ ਅਤੇ ਜੰਗੀ ਸਾਜ-ਸੱਜਾ ਨਾਲ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਜਲੂਸ ਦੀ ਸ਼ਕਲ ਵਿਚ ਇਕ ਗੁਰਦੁਆਰਾ ਸਾਹਿਬ ਤੋਂ ਦੂਜੇ ਗੁਰਦੁਆਰਾ ਸਾਹਿਬ ਤੱਕ ਫੌਜੀ ਮਾਰਚ ਵੀ ਕੱਢਿਆ ਜਾਂਦਾ ਸੀ ਅਤੇ ਬੜੇ ਉਤਸ਼ਾਹ ਨਾਲ ਲੋਕੀਂ ਇਸ ਕਵਾਇਦ ਵਿਚ ਹਿੱਸਾ ਲੈਂਦੇ ਸਨ।

ਇਤਿਹਾਸ ਵਿਚੋਂ ਇਹੋ ਪ੍ਰਮਾਣ ਮਿਲਦੇ ਹਨ ਕਿ ਗੁਰੂ ਸਿਹਬ ਖੁਦ ਇਨ੍ਹਾਂ ਸਰਗਰਮੀਆਂ ਦੀ ਸਰਪ੍ਰਸਤੀ ਕਰਦੇ ਸਨ ਅਤੇ ਹਿੱਸਾ ਲੈਣ ਵਾਲੇ ਦਲਾਂ ਨੂੰ ਸਨਮਾਨ ਤੇ ਸਿਰੋਪੇ ਬਖਸ਼ਦੇ ਸਨ। ਹੋਲੀ ਦੀ ਥਾਂ 'ਤੇ ਹੋਲਾ ਦੀ ਰਵਾਇਤ ਕਾਇਮ ਕਰਨ ਬਾਰੇ ਕਵੀ ਸੁਮੇਰ ਸਿੰਘ ਨੇ ਗੁਰੂ ਸਾਹਿਬ ਦੇ ਹੁਕਮਾਂ ਨੂੰ ਇਸ ਤਰ੍ਹਾਂ ਕਲਮਬੰਦ ਕੀਤਾ ਹੈ :ਔਰਨ ਕੀ ਹੋਲੀ, ਮਮ ਹੋਲਾ।

ਕਹਿਯੋ ਕ੍ਰਿਪਾਨਿਧ ਬਚਨ ਅਮੋਲਾ।

ਹੋਲਾ-ਮਹੱਲਾ ਦੀ ਇਹ ਸਾਰੀ ਰਵਾਇਤ ਹਾਲਾਂ ਵੀ ਉਸੇ ਤਰ੍ਹਾਂ ਕਾਇਮ ਹੈ। ਲੱਖਾਂ ਦੀ ਗਿਣਤੀ ਵਿਚ ਦੇਸ਼-ਵਿਦੇਸ਼ ਤੋਂ ਸੰਗਤ ਅਨੰਦਪੁਰ ਦੀ ਧਰਤੀ 'ਤੇ ਪਹੁੰਚਦੀ ਹੈ। ਬੜੇ ਉਤਸ਼ਾਹ ਤੇ ਉਮਾਹ ਨਾਲ ਦੀਵਾਨ ਸਜਾਏ ਜਾਂਦੇ ਹਨ। ਕਥਾ ਕੀਰਤਨ ਦੇ ਪਰਵਾਹ ਚਲਦੇ ਹਨ। ਵਾਰਾਂ ਦਾ ਗਾਇਨ ਲੋਕਾਂ ਵਿਚ ਜੋਸ਼ ਭਰ ਦਿੰਦਾ ਹੈ। ਨਿਹੰਗ ਸਿੰਘਾਂ ਦੇ ਦਲਾਂ ਦੇ ਕਰਤਬ ਲੋਕਾਂ ਦਾ ਮਨ ਮੋਹ ਲੈਂਦੇ ਹਨ। ਕੋਈ ਸ਼ੱਕ ਨਹੀਂ, ਇਸ ਇਨਕਲਾਬੀ ਪਿਰਤ ਦੀ ਇਕ ਆਪਣੀ ਇਤਿਹਾਸਕ ਮਹੱਤਤਾ ਹੈ।

ਖਾਲਸੇ ਦੀ ਸਿਰਜਣਾ ਤੋਂ ਬਾਅਦ ਆਪਣੇ ਪੈਰੋਕਾਰਾਂ ਨੂੰ ਸ਼ਸਤਰ-ਵਿੱਦਿਆ ਵਿਚ ਪਰਬੀਨ ਅਤੇ ਯੁੱਧ ਕਲਾ ਵਿਚ ਨਿਪੁੰਨ ਹੋਣ ਦਾ ਆਦੇਸ਼ ਦੇ ਕੇ ਗੁਰੂ ਗੋਬਿੰਦ ਸਿੰਘ ਜੀ ਨੇ ਇਤਿਹਾਸ ਦਾ ਰੁਖ਼ ਮੋੜ ਦਿੱਤਾ ਸੀ।

**-ਡਾ: ਜਸਪਾਲ ਸਿੰਘ**

# ਹੋਲਾ ਮਹੱਲਾ

**ਹੋਲਾ ਮਹੱਲਾ ਸਿੱਖਾਂ ਦੀ ਸ਼ਾਨ ਦਾ ਪ੍ਰਤੀਕ ਹੈ। ਇਸ ਦਿਨ ਕਈ ਇਤਿਹਾਸ ਜੁੜੇ ਹੋਏ ਹਨ। ਹੋਲੇ ਮਹੱਲੇ ਤੋਂ ਇਕ ਦਿਨ ਪਹਿਲਾਂ ਹੋਲੀ ਹੁੰਦੀ ਹੈ ਜੋ ਹਿੰਦੂਆਂ ਵਿਚ ਵੀ ਓਨੀ ਹੀ ਸ਼ਰਧਾ ਦੀ ਪ੍ਰਤੀਕ ਹੈ ਜਿੰਨਾ ਸਿੱਖਾਂ ਵਿਚ ਹੋਲਾ ਮਹੱਲਾ। ਭਾਰਤ ਭਰ ਵਿਚ ਰੁੱਤਾਂ ਅਨੁਸਾਰ ਅਲਗ-ਅਲਗ ਮੌਸਮ ਵਿਚ ਅਲਗ-ਅਲਗ ਤਿਓਹਾਰ ਮਨਾਏ ਜਾਂਦੇ ਹਨ, ਜਿਨ੍ਹਾਂ ਵਿਚੋਂ ਇਹ ਮੁੱਖ ਹੈ।**

**"ਹੋਲੀ ਕੀਨੀ ਸੰਤ ਸੇਵਿ ਰੰਗੁ ਲਾਗਾ ਅਤਿ ਲਾਲੁ ਦੇਵਿ" ਯਾਨਿ ਆਪਣੀ ਆਤਮਾ ਨੂੰ ਸੰਤਾਂ ਸਾਧ ਸੰਗਤ ਦੀ ਸੰਗਤ ਕਰਕੇ ਪਰਮਾਤਮਾ ਦੇ ਰੰਗ ਵਿਚ ਰੰਗੋ ਅਤੇ ਸਰੀਰਕ ਰੂਪ ਵਿਚ ਬਲਵਾਨ ਬਨਣ ਲਈ ਸ਼ਸ਼ਤਰ ਵਿੱਦਿਆ ਸਿੱਖੋ ਇਸ ਲਈ 1697 'ਚ ਚੇਤਰ ਮਹੀਨੇ ਦੀ ਸ਼ੁਰੂਆਤ ਵਾਲੇ ਦਿਨ ਅਨੰਦਪੁਰ ਸਾਹਿਬ ਦੇ ਮੈਦਾਨ 'ਚ ਸਿਖਾਂ ਦੇ 2 ਗਰੁੱਪ ਬਣਾ ਕੇ ਸ਼ਸ਼ਤਰਾਂ ਨਾਲ ਇਕ-ਦੂਜੇ ਤੇ ਹੱਲਾ ਕਰਨਾ ਤੇ ਹੱਲੇ ਤੋਂ ਹੋਲਾ ਮਨਾਇਆ ਜਾਣ ਲੱਗਾ ਜਿਸ 'ਚ ਤੀਰਅੰਦਾਜ਼ੀ, ਨੇਜੇਬਾਜ਼ੀ, ਗਤਕਾ, ਘੋੜਸਵਾਰੀ, ਦੌੜਾਂ ਲਗਵਾਈਆਂ, ਜਿਸ ਨਾਲ ਸਿੱਖਾਂ ਵਿਚ ਆਪਣਾ ਆਤਮ ਵਿਸ਼ਵਾਸ਼, ਸੂਰਬੀਰਤਾ ਦ੍ਰਿੜ੍ਹ ਕਰਵਾਈ, ਕਿਉਂਕਿ ਗੁਰੂ ਜੀ ਨੂੰ ਆਣ ਵਾਲੇ ਸਮੇ ਦਾ ਪਹਿਲਾਂ ਹੀ ਅੰਦਾਜ਼ਾ ਸੀ ਕਿ ਸਿਖਾਂ ਨੂੰ ਇਸ ਦੀ ਲੋੜ ਪੈਣੀ ਹੈ।**

## ਸਿੱਖਾਂ ਦੀ ਸ਼ਾਨ ਦਾ ਪ੍ਰਤੀਕ




ਹੋਲਾ ਮਹੱਲਾ ਸਿੱਖਾਂ ਦੀ ਸ਼ਾਨ ਦਾ ਪ੍ਰਤੀਕ ਹੈ। ਇਸ ਦਿਨ ਕਈ ਇਤਿਹਾਸ ਜੁੜੇ ਹੋਏ ਹਨ। ਹੋਲੇ ਮਹੱਲੇ ਤੋਂ ਇਕ ਦਿਨ ਪਹਿਲਾਂ ਹੋਲੀ ਹੁੰਦੀ ਹੈ ਜੋ ਹਿੰਦੂਆਂ ਵਿਚ ਵੀ ਓਨੀ ਹੀ ਸ਼ਰਧਾ ਦੀ ਪ੍ਰਤੀਕ ਹੈ ਜਿੰਨਾ ਸਿੱਖਾਂ ਵਿਚ ਹੋਲਾ ਮਹੱਲਾ। ਭਾਰਤ ਭਰ ਵਿਚ ਰੁੱਤਾਂ ਅਨੁਸਾਰ ਅਲਗ-ਅਲਗ ਮੌਸਮ ਵਿਚ ਅਲਗ-ਅਲਗ ਤਿਓਹਾਰ ਮਨਾਏ ਜਾਂਦੇ ਹਨ, ਜਿਨ੍ਹਾਂ ਵਿਚ ਸਰਦੀ ਤੋਂ ਬਾਦ ਬਸੰਤ ਦੀ ਰੁੱਤ ਵਿਚ ਹੋਲੀ ਦਾ ਤਿਓਹਾਰ ਬਹੁਤ ਪੁਰਾਣੇ ਸਮੇਂ ਤੋਂ ਮਨਾਇਆ ਜਾਣ ਵਾਲਾ ਤਿਓਹਾਰ ਹੈ, ਜੋ ਹਿੰਦੂ ਮਿਥਿਆ ਅਨੁਸਾਰ ਭਗਤ ਪ੍ਰਹਲਾਦ ਦੀ ਪ੍ਰਭੂ ਭਗਤੀ ਦੀ ਜਿੱਤ ਅਤੇ ਉਸਦੇ ਪਿਤਾ ਹਰਣਾਖਸ਼ ਦੀ ਹਾਰ ਹੋਣ ਕਰਕੇ ਮਨਾਇਆ ਜਾਂਦਾ ਹੈ। ਹੋਇਆ ਇਸ ਤਰਾਂ ਕਿ ਹਰਣਾਕਸ਼ ਯਪ ਨੇ ਤਪਸਿਯਾ ਕਰਕੇ ਭਗਵਾਨ ਤੋਂ ਇਹ ਵਰ ਮੰਗ ਲਿਆ ਕਿ ਨਾ ਮੈਂ ਦਿਨੇ ਮਰਾਂ ਨਾ ਰਾਤ ਨੂੰ, ਨਾ ਅਸਮਾਨ 'ਤੇ, ਨਾ ਧਰਤੀ 'ਤੇ ਅਤੇ ਨਾ ਇਨਸਾਨ ਕੋਲੋਂ, ਨਾ ਦੇਵ ਕੋਲੋਂ, ਨਾ ਦਾਨਵ ਕੋਲੋਂ ਮਰਾਂ। ਇਹ ਵਰ ਮਿਲ ਜਾਣ ਤੋਂ ਬਾਅਦ ਹਰਣਾਕਸ਼ ਨੇ ਆਪਣੇ ਆਪ ਨੂੰ ਭਗਵਾਨ ਕੁਹਾਉਣਾ ਸ਼ੁਰੂ ਕਰ ਦਿੱਤਾ ਅਤੇ ਮੰਦਰ ਮਸਜ਼ਿਦਾਂ ਵਿਚ ਜ਼ਬਰਦਸਤੀ ਆਪਣੀ ਪੂਜਾ ਸਖ਼ਤੀ ਨਾਲ ਕਰਵਾਉਣੀ ਸ਼ੁਰੂ ਕਰ ਦਿਤੀ, ਪਰ ਪੁੱਤਰ ਪ੍ਰਹਲਾਦ ਨੂੰ ਜਿਸ ਪਾਂਡੇ ਕੋਲ ਪੜ੍ਹਣ ਪਾਇਆ, ਕਹਿਣ ਲਗਾ ਕਿ ਪੰਡਤ ਜੀ ਮੈਂ ਤਾਂ ਕੇਵਲ ਇਕ ਭਗਵਾਨ ਪਰਮਾਤਮਾ ਨੂੰ ਹੀ ਭਗਵਾਨ ਮਨਦਾ ਹਾਂ ਜੋ ਸਾਰੇ ਸੰਸਾਰ ਦੀ ਪਾਲਣਾ ਕਰਦਾ ਹੈ। ਇਸ ਲਈ ਪੰਡਤ ਜੀ ਸਮਝਾਇਆ ਕਿ ਜੇ ਤੂੰ ਪ੍ਰਮਾਤਮਾ ਦਾ ਨਾਮ ਲਵੇਂਗਾ ਤਾਂ ਤੇਰਾ ਪਿਤਾ ਤੈਨੂੰ ਵੀ ਤੇ ਮੈਨੂੰ ਵੀ ਜਾਨ ਤੋਂ ਮਾਰ ਦੇਵੇਗਾ ਤਾਂ ਪ੍ਰਹਲਾਦ ਨੇ ਕਿਹਾ ਕਿ ਪੰਡਤ ਜੀ ਤੁਹਾਡਾ ਤਾਂ ਮੈਨੂੰ ਨਹੀਂ ਪਤਾ ਲੇਕਿਨ ਮੈਨੂੰ ਪਰਮਾਤਮਾ 'ਤੇ ਅਟੱਲ ਵਿਸ਼ਵਾਸ਼ ਹੈ ਕਿ ਮੈਨੂੰ ਮੇਰਾ ਪਿਤਾ ਨਹੀਂ ਮਾਰ ਸਕਦਾ। ਇਹ ਗੱਲ ਉਸ ਦੇ ਪਿਤਾ ਹਰਣਾਖਸ਼ ਨੂੰ ਪਤਾ ਲੱਗਣ 'ਤੇ ਉਸ ਨੇ ਪ੍ਰਹਿਲਾਦ ਨੂੰ ਬਹੁਤ ਤਰੀਕੇ ਨਾਲ ਤਸੀਹੇ ਦਿਤੇ। ਜਿਸ ਤਰ੍ਹਾਂ ਕਿ ਪਹਾੜ ਤੋਂ ਥੱਲੇ ਸੁਟਿਆ, ਨਦੀ ਵਿਚ ਡੋਬ ਕੇ ਮਾਰਨ ਦੀ ਕੋਸ਼ਿਸ਼ ਕੀਤੀ, ਸੱਪਾਂ ਦੇ ਕਮਰੇ ਵਿਚ ਸੁੱਟ ਕੇ ਬਾਹਰੋਂ ਤਾਲਾ ਮਾਰ ਦਿੱਤਾ ਕਿ ਸੱਪ ਡਸ ਡਸਕੇ ਮਾਰ ਦੇਣਗੇ, ਜਿਸਦਾ ਕਿ ਬਾਣੀ ਵਿਚ ਵੀ ਉਲੇਖ਼ ਦਿਤਾ ਹੈ, ਲੇਕਿਨ ਬਾਲਕ ਪ੍ਰਹਲਾਦ ਉਕਾ ਹੀ ਨਹੀਂ ਡਰਿਆ। ਮਾਂ ਨੇ ਵੀ ਬਹੁਤ ਸਮਝਾਇਆ ਕਿ ਪੁੱਤਰ ਰਾਮ ਕਹਿਣਾ ਛੱਡ ਦੇ, ਕਿਉਂ ਆਪਣੀ ਜਾਨ ਅਜਾਈਂ ਗਵਾ ਰਿਹਾ ਹੈਂ, ਤਾਂ ਪ੍ਰਹਲਾਦ ਨੇ ਮਾਂ ਨੂੰ ਵੀ ਕਹਿ ਦਿੱਤਾ ਸੀ ਕਿ "ਮੈਂ ਰਾਮੁ ਕਹਨ ਕੀ ਛੋਡਹੂੰ ਬਾਨੁ, ਨਾ ਮੈਂ ਤੇਰਾ ਪੁੱਤਰਾ ਨਾ ਤੂੰ ਮੇਰੀ ਮਾਇ ਪਿੰਡ ਪੜੈ ਤਓ ਹਰਿ ਗੁਨਿ ਗਾਇ" ਅਤੇ ਫਿਰ ਇਕ ਦਿਨ ਹਰਣਾਖਸ਼ ਦੀ ਭੈਣ ਹੋਲਕਾ ਨੇ ਕਿਹਾ ਕਿ ਭਰਾ ਮੇਰੇ ਕੋਲ ਇਕ ਚਮਤਕਾਰੀ ਚਾਦਰ ਹੈ, ਜਿਸ ਨੂੰ ਮੈਂ ਆਪਣੇ ਉਪਰ ਲੈਕੇ ਤੇ ਪ੍ਰਹਲਾਦ ਨੂੰ ਆਪਣੀ ਗੋਦੀ ਵਿਚ ਬਿਠਾ ਲਵਾਂਗੀ ਤੇ ਤੁਸੀਂ ਚਾਰੋਂ ਪਾਸੇ ਅੱਗ ਜਲਾ ਦੇਣਾ, ਜਿਸ ਨਾਲ ਪ੍ਰਹਲਾਦ ਜਲ ਜਾਏਗਾ ਤੇ ਮੈਂ ਬਚ ਜਾਂਵਾਂਗੀ ਲੇਕਿਨ ਕੁਦਰਤ ਨੂੰ ਕੁਝ ਹੋਰ ਹੀ ਮਨਜ਼ੂਰ ਸੀ ਹੋਲਿਕਾ ਤੋਂ ਚਦਰ ਉੱਡ ਕੇ ਪ੍ਰਹਿਲਾਦ 'ਤੇ ਪੈ ਗਈ ਤੇ ਪ੍ਰਹਲਾਦ ਬਚ ਗਿਆ ਤੇ ਹੋਲਿਕਾ ਸੜ ਕੇ ਸਵਾਹ ਹੋ ਗਈ ਜਿਸ ਕਰਕੇ ਲੋਕਾਂ ਨੇ ਉਸ ਦਿਨ ਤੋਂ ਅਬੀਰ ਗੁਲਾਲ ਦੇ ਰੰਗਾਂ ਨਾਲ ਖ਼ੁਸ਼ੀ ਮਨਾਣੀ ਸ਼ੁਰੂ ਕਰ ਦਿਤੀ।

ਅੰਤ ਵਿਚ ਹਰਣਾਖਸ਼ ਨੇ ਲੋਹੇ ਦਾ ਖੰਬਾ ਅੱਗ ਨਾਲ ਲਾਲ ਕਰਕੇ ਪ੍ਰਹਲਾਦ ਨੂੰ ਖੰਬੇ ਨਾਲ ਲਿਪਟ ਜਾਣ ਲਈ ਕਿਹਾ ਤਾਂ ਇਕ ਵਾਰੀ ਤਾਂ ਪ੍ਰਹਲਾਦ ਡਰ ਗਿਆ ਲੇਕਿਨ ਜਦੋਂ ਖੰਬੇ ਉਪਰ ਕੀੜੀ ਚਲਦੀ ਵੇਖੀ ਤਾਂ ਪ੍ਰਹਲਾਦ ਖੰਬੇ ਨੂੰ ਜੱਫੀ ਪਾਣ ਲਗਾ ਤਾਂ ਭਗਵਾਨ ਨਰਸਿੰਘ ਨਾ ਜਾਨਵਰ ਨਾ ਇਨਸਾਨ ਨਾ ਰਾਖਸ਼ ਦਾ ਰੂਪ ਧਾਰ ਕੇ ਖੰਬਾ ਪਾੜ ਕੇ ਆਪ ਪ੍ਰਗਟ ਹੋ ਗਏ ਅਤੇ ਹਰਣਾਖਸ ਨੂੰ ਫੜਕੇ ਆਪਣੇ ਪਟਾਂ ਤੇ ਰੱਖ਼ ਕੇ ਉਸਦੇ ਵਰ ਨੂੰ ਯਾਦ ਕਰਵਾਇਆ ਅਤੇ ਆਪਣੇ ਖ਼ੂਨੀ ਪੰਜਿਆਂ ਨਾਲ ਪਾੜ ਕੇ ਮਾਰ ਦਿੱਤਾ ਤੇ ਆਪਣੇ ਭਗਤ ਦੀ ਰਖਿਆ ਕੀਤੀ, ਜਿਸ ਪ੍ਰਹਲਾਦ ਬਾਰੇ ਅਸੀਂ ਰੋਜ਼ ਹਰੇਕ ਗੁਰਦਵਾਰੇ ਵਿਚ ਆਸਾ ਦੀ ਵਾਰ ਵਿਚ ਪੜ੍ਹਦੇ ਹਾਂ "ਜੁਗ ਜੁਗ ਭਗਤੁ ਉਪਾਇਆ ਪੈਜ ਰੱਖ਼ਦਾ ਆਇਆ ਰਾਮਰਾਜੇ" ਜੋ ਜ਼ੁਲਮ ਅਤੇ ਰਾਜਸੀ ਤਾਕਤ ਤੋਂ ਬਿਲਕੁਲ ਡਰਿਆ ਨਹੀਂ ਇਕ ਪਰਮਾਤਮਾ ਦਾ ਪੱਲਾ ਛੱਡਿਆ ਨਹੀਂ ਅਤੇ ਅੱਜ ਦਾ ਸਿੱਖ ਕੇਵਲ ਝੂਠੀ ਦੁਨਿਆਵੀ ਜ਼ਰੂਰਤਾਂ ਖ਼ਾਤਿਰ ਅਤੇ ਫੈਸ਼ਨਪਰਸਤੀ ਖ਼ਾਤਰ ਆਪਣੀ ਸਿਖੀ ਨੂੰ ਤਿਆਗ ਦੇਂਦਾ ਹੈ। ਲੇਕਿਨ ਉਚ-ਨੀਚ ਤੇ ਧਰਮ-ਜਾਤ ਦੇ ਪਾੜੇ ਕਾਰਨ ਹੋਲੀ ਦੇ ਗੰਦੇ ਰੰਗਾਂ ਨਾਲ ਹੋਲੀ ਦਾ ਤਿਉਹਾਰ ਮਨਾਉਣ ਦਾ ਢੰਗ ਇਨਾ ਗਲਤ ਹੋ ਚੁੱਕਾ ਸੀ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਨੂੰ ਕੱਚੇ ਰੰਗਾਂ ਦੀ ਹੋਲੀ ਖੇਡਣ ਤੋਂ ਮਨ੍ਹਾ ਕੀਤਾ ਅਤੇ ਕਿਹਾ ਬਾਣੀ ਵਿਚ ਜੋ ਲਿਖਿਆ ਹੈ "ਹੋਲੀ ਕੀਨੀ ਸੰਤ ਸੇਵਿ ਰੰਗੁ ਲਾਗਾ ਅਤਿ ਲਾਲੁ ਦੇਵਿ" ਯਾਨਿ ਆਪਣੀ ਆਤਮਾ ਨੂੰ ਸੰਤਾਂ ਸਾਧ ਸੰਗਤ ਦੀ ਸੰਗਤ ਕਰਕੇ ਪਰਮਾਤਮਾ ਦੇ ਰੰਗ ਵਿਚ ਰੰਗੋ ਅਤੇ ਸਰੀਰਕ ਰੂਪ ਵਿਚ ਬਲਵਾਨ ਬਨਣ ਲਈ ਸ਼ਸ਼ਤਰ ਵਿੱਦਿਆ ਸਿੱਖੋ।

ਇਸ ਲਈ 1697 ਵਿਚ ਚੇਤਰ ਮਹੀਨੇ ਦੀ ਸ਼ੁਰੂਆਤ ਵਾਲੇ ਦਿਨ ਅਨੰਦਪੁਰ ਸਾਹਿਬ ਦੇ ਮੈਦਾਨ ਵਿਚ ਸਿਖਾਂ ਦੇ ਦੋ ਗਰੁੱਪ ਬਣਾ ਕੇ ਸ਼ਸ਼ਤਰਾਂ ਨਾਲ ਇਕ ਦੂਜੇ ਤੇ ਹੱਲਾ ਕਰਨਾ ਅਤੇ ਹੱਲੇ ਤੋਂ ਹੋਲਾ ਮਨਾਇਆ ਜਾਣ ਲੱਗਾ, ਜਿਸ ਵਿਚ ਤੀਰਅੰਦਾਜ਼ੀ, ਨੇਜੇਬਾਜ਼ੀ, ਗਤਕਾ, ਘੋੜਸਵਾਰੀ, ਦੌੜਾਂ ਲਗਵਾਈਆਂ, ਜਿਸ ਨਾਲ ਸਿੱਖਾਂ ਵਿਚ ਆਪਣਾ ਆਤਮ ਵਿਸ਼ਵਾਸ਼ ਸੂਰਬੀਰਤਾ ਦ੍ਰਿੜ੍ਹ ਕਰਵਾਈ, ਕਿਉਂਕਿ ਗੁਰੂ ਸਾਹਿਬ ਜੀ ਨੂੰ ਆਣ ਵਾਲੇ ਸਮੇਂ ਦਾ ਪਹਿਲਾਂ ਹੀ ਅੰਦਾਜ਼ਾ ਸੀ ਕਿ ਸਿੱਖਾਂ ਨੂੰ ਇਸ ਅਭਿਆਸ ਦੀ ਲੋੜ ਪੈਣੀ ਹੈ। ਇਸ ਲਈ ਜੋ ਸਿੱਖਾਂ ਨੂੰ ਆਪਸ ਵਿਚ ਹਮਲਾ ਕਰਨਾ ਸਿਖਾਇਆ ਸੀ ਉਸੇ ਨੂੰ ਪੰਥ ਨੇ ਹੋਲਾ ਮਹਲਾ ਕਰਕੇ ਮਨਾਣਾ ਸ਼ੁਰੂ ਕਰ ਦਿੱਤਾ ਜੋ ਅੱਜ ਤੱਕ ਦੇਸੀ ਸਾਲ ਦੇ ਸ਼ੁਰੂ ਵਿਚ ਪਹਿਲੀ ਚੇਤਰ ਨੂੰ ਸਿੱਖਾਂ ਦੇ ਨਵੇਂ ਸਾਲ ਵਾਲੇ ਦਿਨ ਹੋਲਾ ਮਹਲਾ ਮਨਾਇਆ ਜਾਂਦਾ ਹੈ।

ਜੇ ਇਕ ਛੋਟਾ ਜਿਨਾਂ ਬਾਲਕ ਭਗਤ ਪ੍ਰਹਲਾਦ ਪਿਤਾ ਹਕੂਮਤ ਤੋਂ ਡਰ ਕੇ ਆਪਣੇ ਧਰਮ ਤੋਂ ਡੋਲਿਆ ਨਹੀਂ ਕਿ :

*"ਜਿਸੁ ਕਿਛ ਕਰਨਾ ਸੁ ਹਮਰਾ ਮੀਤੁ"*
*ਜਾਂ ਤੂੰ ਮੇਰੇ ਵਲੁ ਹੈਂ ਤਾਂ ਕਿਆ ਮੁਹਿ ਛੰਦਾ'*

'ਤੇ ਅਟੱਲ ਵਿਸ਼ਵਾਸ਼ ਕੀਤਾ ਤੇ ਡਰਿਆ ਨਹੀਂ ਲੇਕਿਨ ਉਹ ਅੱਜ ਦੇ ਬੇ-ਵਿਸ਼ਵਾਸੇ ਅਖੌਤੀ ਸਿੱਖ ਕਿਤੇ ਤੂੰ ਕੇਵਲ ਕਰਮੁ ਕਾਂਡ ਹੀ ਤਾਂ ਨਹੀਂ ਕਰ ਰਿਹਾ ਜਾਂ ਕਿਤੇ ਪਤਿਤ ਸਿੱਖ ਕੇਵਲ ਸਵਾਰਥ ਦੀ ਖਾਤਰ, ਫੈਸ਼ਨ ਪ੍ਰਸਤੀ ਦੀ ਖਾਤਰ ਜਾਂ ਬਹੁਤ ਸਮਾਂ ਪਹਿਲਾਂ ਕਿਸੇ ਮਜਬੂਰੀਵਸ ਨੌਕਰੀਆਂ ਖ਼ਾਤਰ ਆਪਣੇ ਧਰਮ ਤੋਂ ਬਾਗ਼ੀ ਤਾਂ ਨਹੀਂ ਹੋ ਗਿਆ, ਯਾਨਿ ਆਪਣੀ ਪਹਿਚਾਨ ਗਵਾ ਚੁੱਕਿਆ ਹੈ ਅਤੇ ਅੱਗੋਂ ਆਪਣੇ ਬੱਚਿਆਂ ਨੂੰ ਵੀ ਚੰਗੀ ਸਿੱਖਿਆ ਨਹੀਂ ਦੇ ਰਿਹਾ ਅਤੇ ਗੁਰਦਵਾਰਿਆਂ ਵਿਚ ਚੌਧਰੀ ਬਣਿਆ ਫਿਰਦਾ ਹੈ ਅਤੇ ਬੇਸ਼ਰਮੀ ਨਾਲ ਕਹਿੰਦਾ ਹੈ ਕਿ ਸਿੱਖੀ ਆਪਣੇ ਮਨ ਵਿਚ ਹੋਣੀ ਚਾਹੀਦੀ ਹੈ, ਕੇਸ ਦਾੜ੍ਹੀ ਰੱਖ਼ਣ ਨਾਲ ਕਿਤੇ ਬਹੁਤੀ ਸਿੱਖੀ ਆ ਜਾਂਦੀ ਹੈ। ਸਿੱਖ ਦੀ ਪਹਿਚਾਨ ਹੀ ਨਾ ਰਹੀ ਤਾਂ ਸਿੱਖ ਕਿਸ ਤਰ੍ਹਾਂ ਹੋਇਆ ਅਤੇ ਗੁਰਦਵਾਰਿਆਂ ਦੇ ਪ੍ਰਬੰਧਕ, ਰਾਗੀ, ਗ੍ਰੰਥੀ ਅਤੇ ਪ੍ਰਚਾਰਕ ਸਭ ਗੁਰੂ ਗ੍ਰੰਥ ਸਾਹਿਬ ਜੀ ਦੇ ਸਾਹਮਣੇ ਖੜ੍ਹੇ ਹੋ ਕੇ ਝੂਠੀਆਂ ਅਰਦਾਸਾਂ ਕਰਦੇ ਹਨ ਜਿਨ੍ਹਾਂ ਨੂੰ ਵਾਹਿਗੁਰੂ 'ਤੇ ਭਰੋਸਾ ਨਹੀਂ ਉਹ ਦੂਜਿਆਂ 'ਤੇ ਕੀ ਭਰੋਸਾ ਕਰਨਗੇ।

ਦਾਸ ਦੀ ਵਾਹਿਗੁਰੂ ਦੇ ਚਰਨਾਂ ਵਿਚ ਅਰਦਾਸ ਬੇਨਤੀ ਹੈ ਕਿ ਇਸ ਤਰ੍ਹਾਂ ਦੇ ਗੁਰਦਵਾਰਿਆਂ ਵਿਚ ਬੈਠੇ ਅਗਿਆਨੀ, ਘੜੰਮ ਚੌਧਰੀਆਂ ਤੇ ਅਖੌਤੀ ਗਿਆਨੀਆਂ ਨੂੰ ਸੁਮੱਤ ਬਖ਼ਸ਼ਣ ਕਿ ਉਹ ਰਹਿਤ ਮਰਿਆਦਾ ਅਨੁਸਾਰ ਪਤਿਤ ਸਿੱਖਾਂ ਦੀ ਗ਼ੁਲਾਮੀ ਛੱਡ ਕੇ ਵਾਹਿਗੁਰੂ ਤੋਂ ਮੰਗਣ, ਸਿੱਖਣ ਅਤੇ ਸਿੱਖੀ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ, ਕਿਉਂਕਿ ਗੁਰੂ ਦਾ ਫੈਸਲਾ ਹੈ ਕਿ "ਰਹਿਤ ਬਿਨਾ ਨ ਸਿੱਖ ਕਹਾਵੈ" ਸੋਈ ਸਿੱਖ ਸਖ਼ਾ ਬੰਧਪਿ ਹੈ ਭਾਈ ਜਿ ਗੁਰਿ ਕੈ ਭਾਣੈ ਵਿਚਿ ਆਵੈ" ਅੰਤ ਵਿਚ ਕਿਸੇ ਵੀ ਭੁਲ ਚੁੱਕ ਲਈ ਦਾਸ ਖ਼ਿਮਾ ਦਾ ਜਾਚਕ ਹੈ। **ਧੰਨਵਾਦ : ਪੀ. ਐਨ.**




## ਖੁਸ਼ੀਆਂ ਦਾ ਤਿਉਹਾਰ ਹੋਲੀ

ਹੋਲੀ ਹੈ ਖੁਸ਼ੀਆਂ ਦਾ ਤਿਉਹਾਰ,
ਮਨਾਉਣਾ ਹੈ ਖੁਸ਼ੀਆਂ ਦੇ ਨਾਲ।
ਰਹਿਣਾ ਇਕ-ਦੂਜੇ ਦੇ ਅੰਗ-ਸੰਗ ਬਈ,
ਬਿਖੇਰ ਕੇ ਪਿਆਰ ਵਾਲੇ ਰੰਗ ਬਈ।
ਭਾਵੇਂ ਕੇਸਰੀ ਤੇ ਭਾਵੇਂ ਹੋਵੇ ਗੁਲਾਲ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।
ਅੰਬਾਂ ਨੂੰ ਲੱਗ ਗਿਆ ਏ ਬੂਰ,
'ਨਫਰਤਾਂ' ਨੂੰ ਕਰਨਾ ਏ ਦੂਰ।
ਸਭਨਾਂ ਦੀ ਇੱਜ਼ਤ ਦਾ ਰੱਖਣਾ ਖਿਆਲ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।
ਮਾਨਸ ਜਾਤ ਸਭੇ ਇਕ ਹੈ,
ਹੁੰਦਾ ਹੈ ਖੂਨ ਸਭਨਾਂ ਦਾ ਲਾਲ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।
ਫਿਰਕੂਰੰਗਾਂ ਤੋਂ ਹੈ ਬਚਣਾ,
ਸੱਚ ਕਹਿਣ ਤੋਂ ਨਹੀਂ ਝਕਣਾ।
ਫਿਰ ਉਸਰ ਜਾਣਾ ਆਦਰਸ਼ ਸਮਾਜ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।
ਹੰਕਾਰੀ ਹਰਨਾਕਸ਼ ਦੀ ਭੈਣ 'ਹੋਲਿਕਾ' ਗਈ ਮਚ,
ਸੱਚ ਦਾ ਪੁਜਾਰੀ 'ਪ੍ਰਹਿਲਾਦ' ਗਿਆ ਬਚ।
ਬਲਦੀ ਇਕ ਚਿਖਾ ਦਾ ਸੀ ਅਨੋਖਾ ਕਿਰਦਾਰ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।
ਵਹਿਮਾਂ-ਭਰਮਾਂ ਤੇ ਬੁਰਾਈਆਂ ਨੂੰ ਜੜ੍ਹੋਂ ਪੁੱਟਣਾ,
'ਤਰਕ' ਦਾ ਝੰਡਾ ਹੋਰ ਉੱਚਾ ਚੁੱਕਣਾ।
ਹਿੰਮਤ, ਮਿਹਨਤ ਨਾਲ ਹੀ ਹੋਣਾ ਬੇੜਾ ਪਾਰ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।
ਇਮਾਨਦਾਰੀ ਨਾਲ ਜਿਨ੍ਹਾਂ ਕਮਾਈਆਂ ਨੇ ਕਰਨੀਆਂ,
ਖੁਸ਼ੀਆਂ ਨਾਲ ਝੋਲੀਆਂ ਉਨ੍ਹਾਂ ਦੀਆਂ ਹੀ ਭਰਨੀਆਂ।
ਕੂਕਣਗੀਆਂ ਕੋਇਲਾਂ ਖਿੜ ਜਾਣੇ ਨੇ ਗੁਲਜ਼ਾਰ,
ਹੋਲੀ ਹੈ ਖੁਸ਼ੀਆਂ ਦਾ ਤਿਉਹਾਰ।

**-ਲਖਵਿੰਦਰ ਸਿੰਘ**

## ਪੰਜਾਬ ਦੇ ਪੰਛੀ

*ਬੱਚਿਓ! ਇਹ ਦੁਨੀਆ ਅਨੇਕਾਂ ਜੀਵ-ਜੰਤੂਆਂ ਦਾ ਨਿਵਾਸ ਹੈ, ਜਿਨ੍ਹਾਂ 'ਚੋਂ ਕੁਝ ਲੋਪ ਹੋ ਚੁੱਕੇ ਹਨ। ਆਓ, ਅਸੀਂ ਤੁਹਾਨੂੰ ਪੰਛੀਆਂ ਬਾਰੇ ਦੱਸੀਏ...*

# ਦਰਜੀ ਪੰਛੀ



Tailor Bird/Orthotomus Sutorius

ਲੰਬਾਈ: 13 ਸੈਂਟੀਮੀਟਰ

ਭਾਰ: 8 ਗ੍ਰਾਮ

ਇਸ ਛੋਟੇ ਪੰਛੀ ਦਾ ਸਿਰ ਲਾਲ ਹੁੰਦਾ ਹੈ। ਸਰੀਰ ਦਾ ਉੱਪਰਲਾ ਸਾਰਾ ਹਿੱਸਾ ਹਰਾ ਤੇ ਪੀਲਾ ਹੁੰਦਾ ਹੈ। ਭਰਵੱਟੇ ਅਤੇ ਅੱਖਾਂ ਦਾ ਹੇਠਲਾ ਸਾਰਾ ਹਿੱਸਾ ਘਸਮੈਲਾ ਚਿੱਟਾ ਹੁੰਦਾ ਹੈ। ਵੱਖੀਆਂ 'ਤੇ ਥੋੜ੍ਹੀ ਜਿਹੀ ਲਾਲੀ ਹੁੰਦੀ ਹੈ। ਪੂੰਝੇ ਦੇ ਵਿਚਲੇ ਦੋ ਖੰਭ ਬਾਕੀ ਖੰਭਾਂ ਨਾਲੋਂ ਲੰਬੇ ਅਤੇ ਸਿਰਿਆਂ ਤੋਂ ਤਿੱਖੇ ਹੁੰਦੇ ਹਨ। ਸੰਤਾਨ ਉਤਪਤੀ ਦੇ ਦਿਨਾਂ ਵਿਚ ਇਸ ਦਾ ਪੂੰਝਾ ਹੋਰ ਵੀ ਲੰਬਾ ਹੋ ਜਾਂਦਾ ਹੈ। ਅੱਖਾਂ ਸੰਤਰੀ ਰੰਗ ਦੀਆਂ ਹੁੰਦੀਆਂ ਹਨ। ਚੁੰਝ ਸੁਰਮਈ ਹੁੰਦੀ ਹੈ, ਜੋ ਹੇਠੋਂ ਲਾਲੀ 'ਤੇ ਹੁੰਦੀ ਹੈ। ਪੌਂਹਚੇ ਲਾਲ ਭਾਅ ਵਾਲੇ ਬਦਾਮੀ ਰੰਗ ਦੇ ਹੁੰਦੇ ਹਨ। ਨਰ ਤੇ ਮਦੀਨ ਜੋੜਾ ਇਕੋ ਜਿਹਾ ਹੁੰਦਾ ਹੈ। ਇਹ ਪੰਛੀ ਆਪਣਾ ਆਲ੍ਹਣਾ ਬਹੁਤ ਮਿਹਨਤ ਨਾਲ ਬਣਾਉਂਦਾ ਹੈ।

ਇਹ ਦੋ ਪੱਤਿਆਂ ਨੂੰ ਸਿਉਂ ਕੇ ਥੈਲੀ ਜਿਹੀ ਬਣਾ ਲੈਂਦਾ ਹੈ। ਪੱਤਿਆਂ ਨੂੰ ਸਿਉਂਣ ਲਈ ਮੱਕੜੀ ਦਾ ਜਾਲਾ ਜਾਂ ਪੱਤਿਆਂ ਦੇ ਬਾਰੀਕ ਰੇਸ਼ਿਆਂ ਦੀ ਵਰਤੋਂ ਕਰਦਾ ਹੈ। ਫਿਰ ਇਸ ਥੈਲੀ 'ਚ ਬਾਰੀਕ ਘਾਹ, ਰੂੰ, ਉੱਨ, ਖੰਭ ਆਦਿ ਰੱਖ ਕੇ ਇਸ ਨੂੰ ਨਰਮ ਬਣਾ ਲੈਂਦਾ ਹੈ। ਇਸ ਦਾ ਆਲ੍ਹਣਾ ਬਹੁਤ ਨੀਵਾਂ ਹੁੰਦਾ ਹੈ। ਕਈ ਵਾਰ ਤਾਂ ਧਰਤੀ ਦੇ ਨਾਲ ਹੀ ਲੱਗਾ ਹੁੰਦਾ ਹੈ। ਇਸ ਲਈ ਇਸ ਦੇ ਆਲ੍ਹਣੇ 'ਚ ਆਂਡਿਆਂ ਦਾ ਬਿੱਲੇ, ਨਿਓਲੇ, ਸੱਪ ਆਦਿ ਬਹੁਤ ਨੁਕਸਾਨ ਕਰਦੇ ਹਨ।

• ਰਾਜਪਾਲ ਸਿੰਘ ਸਿੱਧੂ

## ਬਾਲ-ਸਿਰਜਣਾ

'ਨਿੱਕੀ ਦੁਨੀਆ' ਟੀਮ ਵੱਲੋਂ ਬੱਚਿਆਂ 'ਚ ਸਿਰਜਣਾਤਮਕ ਰੁਚੀ ਪੈਦਾ ਕਰਨ ਲਈ ਇਕ ਨਵਾਂ ਕਾਲਮ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਵਿਚ ਬੱਚੇ ਆਪਣੀਆਂ ਮੌਲਿਕ ਰਚਨਾਵਾਂ, ਲੇਖ, ਚੁਟਕਲੇ, ਕਹਾਣੀਆਂ ਅਤੇ ਕਵਿਤਾਵਾਂ ਭੇਜ ਸਕਦੇ ਹੋ। ਉਮੀਦ ਹੈ ਕਿ ਤੁਸੀਂ ਸਾਰੇ ਬੱਚੇ ਇਸ ਕਾਲਮ 'ਚ ਆਪਣੇ ਭਰਪੂਰ ਯੋਗਦਾਨ ਦਿਓਗੇ। ਤੁਸੀਂ ਆਪਣੀਆਂ ਲਿਖਤਾਂ ਸਾਨੂੰ ਆਪਣੇ ਪੂਰੇ ਪਤੇ ਅਤੇ ਫੋਟੋ ਸਮੇਤ ਹੇਠ ਲਿਖੇ ਪਤੇ 'ਤੇ ਭੇਜ ਸਕਦੇ ਹੋ।

**ਸਾਡਾ ਪਤਾ ਹੈ-**
ਸੀ-120 ਫੋਕਲ ਪੁਆਇੰਟ ਐਕਸਟੈਂਸ਼ਨ, ਜਲੰਧਰ

**ਤੇ ਤੁਸੀਂ ਸਾਨੂੰ ਈਮੇਲ ਵੀ ਕਰ ਸਕਦੇ ਹੋ।**
ਸਾਡਾ ਈਮੇਲ ਹੈ :
editormail@punjabi.jagran.com



## ਹੋਲੀ

ਹੋਲੀ ਹੈ ਮਨਾਉਣੀ ਯਾਰਾਂ ਸੰਗ,
ਪਿਆਰ ਨਾਲ ਨੇ ਲਾਉਣੇ ਰੰਗ,
ਹੋਲੀ ਹੈ ਮਨਾਉਣੀ ਯਾਰਾਂ ਸੰਗ।
ਹੱਟੀਓਂ ਲੈ ਆਉਣੀ ਪਿਚਕਾਰੀ,
ਭਰ-ਭਰ ਚਲਾਉਣੀ ਵਾਰੋ-ਵਾਰੀ,
ਪੂਰੀ ਕਰਨੀ ਹਰ ਇਕ ਉਮੰਗ,
ਹੋਲੀ ਹੈ ਮਨਾਉਣੀ ਯਾਰਾਂ ਸੰਗ।
ਵੰਨ-ਸੁਵੰਨੇ ਮਿਲਣ ਗੁਲਾਲ,
ਆਹਾ, ਲੱਗਦੇ ਬੜੇ ਕਮਾਲ,
ਲਾਉਣ ਵਿਚ ਫਿਰ ਕਾਹਦੀ ਸੰਗ,
ਹੋਲੀ ਹੈ ਮਨਾਉਣੀ ਯਾਰਾਂ ਸੰਗ।
ਘਰ ਰੰਗੋਲੀ ਨਾਲ ਸਜਾਉਣਾ,
ਵੱਡੀ ਦੀਦੀ ਨੇ ਚਾਅ ਹੈ ਲਾਹੁਣਾ,
ਰਤਾ ਨਾ ਉਸ ਨੂੰ ਕਰਨਾ ਤੰਗ,
ਹੋਲੀ ਹੈ ਮਨਾਉਣੀ ਯਾਰਾਂ ਸੰਗ।
ਸਾਰਾ ਦਿਨ ਖੇਡ ਕੇ ਲੈ ਨਜ਼ਾਰੇ,
ਮੁੜ ਘਰਾਂ ਨੂੰ ਆਵਾਂਗੇ ਸਾਰੇ,
ਨਹਾ-ਧੋ ਸਾਫ਼ ਹਰ ਕਰਨਾ ਅੰਗ,
ਹੋਲੀ ਹੈ ਮਨਾਉਣੀ ਯਾਰਾਂ ਸੰਗ।

• ਗੋਗੀ ਜ਼ੀਰਾ
97811-36240

# ਰੰਗਾਂ ਦਾ ਤਿਉਹਾਰ ਹੋਲੀ

**ਤਿਉਹਾਰ ਸਾਡੇ ਜੀਵਨ ਵਿਚ ਨਵਾਂ ਜੋਸ਼, ਉਮੰਗ ਤੇ ਉਤਸ਼ਾਹ ਭਰਦੇ ਹਨ। ਪਿਆਰ ਦਾ ਪ੍ਰਤੀਕ ਰੰਗਾਂ ਦਾ ਤਿਉਹਾਰ 'ਹੋਲੀ' ਬਸੰਤ ਰੁੱਤ 'ਚ ਮਨਾਇਆ ਜਾਣ ਵਾਲਾ ਮਹੱਤਵਪੂਰਨ ਭਾਰਤੀ ਤਿਉਹਾਰ ਹੈ। ਇਹ ਤਿਉਹਾਰ ਹਿੰਦੂ ਧਰਮ ਅਨੁਸਾਰ ਫ਼ੱਗਣ ਮਹੀਨੇ ਦੀ ਪੂਰਨਮਾਸ਼ੀ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਲੋਕ ਇਕ-ਦੂਜੇ 'ਤੇ ਰੰਗ ਜਾਂ ਗੁਲਾਲ ਸੁੱਟਦੇ ਹਨ, ਢੋਲ ਵਜਾ ਕੇ ਹੋਲੀ ਦੇ ਗੀਤ ਗਾਏ ਜਾਂਦੇ ਹਨ ਤੇ ਘਰ-ਘਰ ਜਾ ਕੇ ਲੋਕਾਂ ਨੂੰ ਰੰਗ ਲਾਇਆ ਜਾਂਦਾ ਹੈ...**



• ਵਰਸ਼ਾ ਵਰਮਾ



ਮੰਨਿਆ ਜਾਂਦਾ ਹੈ ਕਿ ਹੋਲੀ ਦੇ ਦਿਨ ਲੋਕ ਪੁਰਾਣੇ ਗੁੱਸੇ-ਗਿਲੇ ਭੁੱਲ ਕੇ ਗਲੇ ਮਿਲਦੇ ਹਨ ਤੇ ਮੁੜ ਦੋਸਤ ਬਣ ਜਾਂਦੇ ਹਨ। ਬੱਚੇ ਇਸ ਦਿਨ ਦਾ ਬੇਸਬਰੀ ਨਾਲ ਇੰਤਜ਼ਾਰ ਕਰਦੇ ਹਨ, ਤਾਂ ਜੋ ਉਹ ਆਪਣੇ ਦੋਸਤਾਂ ਨਾਲ ਮੌਜ-ਮਸਤੀ ਕਰ ਸਕਣ। ਜੇ ਹੋਲੀ ਖੇਡਦੇ ਸਮੇਂ ਕੁਝ ਕੁ ਗੱਲਾਂ ਦਾ ਧਿਆਨ ਰੱਖਿਆ ਜਾਵੇ ਤਾਂ ਇਹ ਸੋਨੇ 'ਤੇ ਸੁਹਾਗੇ ਵਾਲੀ ਗੱਲ ਹੋਵੇਗੀ।

### ਕੁਦਰਤੀ ਰੰਗ ਹੀ ਵਰਤੋ

ਹਰਬਲ ਜਾਂ ਕੁਦਰਤੀ ਰੰਗਾਂ ਦਾ ਇਸਤੇਮਾਲ ਕਰ ਕੇ ਹੋਲੀ ਦੇ ਤਿਉਹਾਰ ਦਾ ਮਜ਼ਾ ਪੂਰੇ ਜੋਸ਼ ਨਾਲ ਲਿਆ ਜਾ ਸਕਦਾ ਹੈ। ਬਾਜ਼ਾਰ ਵਿਚ ਕਈ ਕਿਸਮ ਦੇ ਮਿਲਾਵਟੀ ਰੰਗਾਂ ਦੀ ਭਰਮਾਰ ਹੈ, ਜਿਨ੍ਹਾਂ ਨੂੰ ਕੱਚ, ਕੈਮੀਕਲ, ਕਾਪਰ ਸਲਫੇਟ ਆਦਿ ਮਿਲਾ ਕੇ ਤਿਆਰ ਕੀਤਾ ਜਾਂਦਾ ਹੈ। ਇਸ ਨਾਲ ਸਰੀਰ 'ਤੇ ਜਲਣ, ਖਾਰਸ਼, ਐਲਰਜੀ ਆਦਿ ਵਰਗੀਆਂ ਬਿਮਾਰੀਆਂ ਹੋ ਸਕਦੀਆਂ ਹਨ। ਸਾਨੂੰ ਚਾਹੀਦਾ ਹੈ ਕਿ ਅਸੀਂ ਜਾਂਚ-ਪਰਖ ਕੇ ਹੀ ਰੰਗ ਖ਼ਰੀਦੀਏ। ਸਾਨੂੰ ਹਰਬਲ ਰੰਗਾਂ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ। ਇਹ ਰੰਗ ਮਹਿੰਗੇ ਜ਼ਰੂਰ ਹੁੰਦੇ ਹਨ ਪਰ ਚਮੜੀ ਲਈ ਹਾਨੀਕਾਰਕ ਨਹੀਂ ਹੁੰਦੇ।

### ਬਨਾਵਟੀ ਰੰਗਾਂ ਨੂੰ ਕਹੋ ਅਲਵਿਦਾ

ਬਨਾਵਟੀ ਜਾਂ ਸਿੰਥੈਟਿਕ ਰੰਗ ਸਾਡੇ ਚਿਹਰੇ ਦੀ ਸੁੰਦਰਤਾ ਨੂੰ ਖ਼ਰਾਬ ਕਰ ਸਕਦੇ ਹਨ ਤੇ ਸਾਡੀ ਰੰਗ-ਬਿਰੰਗੀ ਦੁਨੀਆ 'ਚ ਹਨੇਰਾ ਲਿਆ ਸਕਦੇ ਹਨ। ਬਾਜ਼ਾਰ 'ਚ ਕਈ ਹਾਨੀਕਾਰਕ ਕੈਮੀਕਲ ਵਾਲੇ ਰੰਗ ਵੇਚੇ ਜਾਂਦੇ ਹਨ, ਜੋ ਚਮੜੀ ਲਈ ਨੁਕਸਾਨਦੇਹ ਹੋ ਸਕਦੇ ਹਨ। ਇਸ ਲਈ ਕਦੇ ਵੀ ਬਨਾਵਟੀ ਰੰਗਾਂ ਦਾ ਇਸਤੇਮਾਲ ਨਾ ਕਰੋ।

### ਅੱਖਾਂ ਤੇ ਕੰਨਾਂ ਦਾ ਰੱਖੋ ਖ਼ਿਆਲ

ਹੋਲੀ ਦੇ ਰੰਗ ਅੱਖਾਂ ਵਿਚ ਪੈ ਜਾਣ ਨਾਲ ਅੱਖਾਂ ਦੀ ਰੋਸ਼ਨੀ ਜਾਣ ਦਾ ਡਰ ਰਹਿੰਦਾ ਹੈ। ਇਸ ਲਈ ਹੋਲੀ ਵਾਲੇ ਦਿਨ ਸਾਨੂੰ ਅੱਖਾਂ ਦਾ ਖ਼ਾਸ ਖ਼ਿਆਲ ਰੱਖਣਾ ਚਾਹੀਦਾ ਹੈ। ਕੰਨਾਂ ਵਿਚ ਹਾਨੀਕਾਰਕ ਸਪਰੇਅ ਜਾਂ ਰੰਗ ਪੈ ਜਾਣ ਨਾਲ ਕੰਨ ਦਾ ਪਰਦਾ ਫਟ ਸਕਦਾ ਹੈ। ਇਸ ਲਈ ਜਿੰਨਾ ਹੋ ਸਕੇ, ਪੱਕੇ ਰੰਗਾਂ ਤੇ ਸਪਰੇਅ ਆਦਿ ਤੋਂ ਦੂਰ ਰਹੋ। ਸਿੰਥੈਟਿਕ ਰੰਗਾਂ ਨਾਲ ਚਮੜੀ 'ਤੇ ਕਈ ਬੁਰੇ ਪ੍ਰਭਾਵ ਪੈਂਦੇ ਹਨ। ਚਮੜੀ ਨੂੰ ਰੰਗਾਂ ਤੋਂ ਬਚਾਉਣ ਲਈ ਹੋਲੀ ਖੇਡਦੇ ਸਮੇਂ ਪੂਰੀਆਂ ਬਾਹਾਂ ਦੇ ਕੱਪੜੇ ਹੀ ਪਾਓ।

### ਅਣਜਾਣ ਵਿਅਕਤੀ ਨਾਲ ਨਾ ਖੇਡੋ ਹੋਲੀ

ਹੋਲੀ ਦਾ ਤਿਉਹਾਰ ਜਾਣ-ਪਛਾਣ ਵਾਲੇ ਲੋਕਾਂ ਨਾਲ ਹੀ ਮਨਾਉਣਾ ਚਾਹੀਦਾ ਹੈ। ਹੋਲੀ ਉਸ ਨਾਲ ਖੇਡੋ, ਜੋ ਤੁਹਾਡਾ ਕਰੀਬੀ ਹੈ। ਕਿਸੇ ਅਨਜਾਣ ਜਾਂ ਰਾਹ ਜਾਂਦੇ ਵਿਅਕਤੀ 'ਤੇ ਰੰਗ, ਗੁਬਾਰੇ ਜਾਂ ਕੋਈ ਹੋਰ ਪਦਾਰਥ ਨਾ ਪਾਓ। ਹੋ ਸਕਦਾ ਹੈ ਕਿ ਉਸ ਨੂੰ ਇਨ੍ਹਾਂ ਚੀਜ਼ਾਂ ਤੋਂ ਐਲਰਜੀ ਹੋਵੇ ਜਾਂ ਉਹ ਕਿਸੇ ਜ਼ਰੂਰੀ ਕੰਮ ਜਾ ਰਿਹਾ ਹੋਵੇ। ਇਕ ਛੋਟੀ ਜਿਹੀ ਗ਼ਲਤੀ ਕਿਸੇ ਦੇ ਵੱਡੇ ਨੁਕਸਾਨ ਦਾ ਕਾਰਨ ਬਣ ਸਕਦੀ ਹੈ।

### ਪਾਣੀ ਦੀ ਕਰੋ ਬੱਚਤ

ਬੱਚਿਆਂ ਦੇ ਮਨੋਰੰਜਨ ਨੂੰ ਧਿਆਨ ਵਿਚ ਰਖਦੇ ਹੋਏ ਬਾਜ਼ਾਰ ਵਿਚ ਵੱਖ-ਵੱਖ ਤਰ੍ਹਾਂ ਦੀਆਂ ਪਿਚਕਾਰੀਆਂ ਮੌਜੂਦ ਹੁੰਦੀਆਂ ਹਨ। ਇਹ ਪਿਚਕਾਰੀਆਂ ਬੱਚਿਆਂ ਦੀ ਖਿੱਚ ਦਾ ਮੁੱਖ ਕੇਂਦਰ ਹੁੰਦੀਆਂ ਹਨ। ਇਹ ਛੋਟੀਆਂ ਜਾਂ ਵੱਖ-ਵੱਖ ਆਕਾਰ ਦੀਆਂ ਹੁੰਦੀਆਂ ਹਨ। ਬੱਚਿਆਂ ਦੇ ਮਨੋਰੰਜਨ ਲਈ ਰਹਿੰਦੀ ਕਸਰ ਚਾਈਨੀਜ਼ ਗੁਬਾਰੇ ਪੂਰੀ ਕਰ ਦਿੰਦੇ ਹਨ, ਜਿਨ੍ਹਾਂ ਨੂੰ ਇਕ-ਦੂਜੇ ਉੱਪਰ ਸੁੱਟ ਕੇ ਬੱਚੇ ਖ਼ੁਸ਼ੀ ਮਹਿਸੂਸ ਕਰਦੇ ਹਨ। ਇਨ੍ਹਾਂ ਚੀਜ਼ਾਂ ਨਾਲ ਜਿਥੇ ਪਾਣੀ ਦੀ ਬਰਬਾਦੀ ਤਾਂ ਹੁੰਦੀ ਹੀ ਹੈ ਉੱਥੇ ਸਾਡਾ ਵਾਤਾਵਰਨ ਵੀ ਦੂਸ਼ਿਤ ਹੁੰਦਾ ਹੈ। ਪਾਣੀ ਨਾਲ ਜ਼ਿਆਦਾ ਖੇਡਣ ਕਰਕੇ ਅਸੀਂ ਬਿਮਾਰ ਹੋ ਸਕਦੇ ਹਾਂ। ਇਸ ਲਈ ਜਿੱਥੋਂ ਤਕ ਸੰਭਵ ਹੋਵੇ ਪਾਣੀ ਦੀ ਬੱਚਤ ਕਰੋ। ਸੁੱਕੀ ਜਾਂ ਫੁੱਲਾਂ ਨਾਲ ਹੋਲੀ ਖੇਡਣ ਨੂੰ ਤਰਜੀਹ ਦੇਵੋ।

### ਹੋਲੀ ਦੀ ਕਹਾਣੀ

ਇਕ ਦੁਸ਼ਟ ਰਾਜੇ ਹਿਰਣਯਕਸ਼ਪ ਨੂੰ ਆਪਣੀਆਂ ਸ਼ਕਤੀਆਂ ਦਾ ਬਹੁਤ ਹੰਕਾਰ ਸੀ। ਉਹ ਖ਼ੁਦ ਨੂੰ ਦੁਨੀਆ 'ਚ ਸਭ ਤੋਂ ਸ਼ਕਤੀਸ਼ਾਲੀ ਸਮਝਦਾ ਸੀ ਤੇ ਹਰ ਕਿਸੇ ਨੂੰ ਆਪਣੀ ਪੂਜਾ ਕਰਨ ਦਾ ਹੁਕਮ ਦਿੰਦਾ ਸੀ। ਉਸ ਦਾ ਆਪਣਾ ਪੁੱਤਰ ਪ੍ਰਹਿਲਾਦ ਭਗਵਾਨ ਵਿਸ਼ਨੂੰ ਜੀ ਦਾ ਭਗਤ ਸੀ। ਇਸ ਗੱਲ 'ਤੇ ਰਾਜਾ ਹਿਰਣਯਕਸ਼ਪ ਨੂੰ ਬਹੁਤ ਗੁੱਸਾ ਆਇਆ ਤੇ ਉਸ ਨੇ ਪ੍ਰਹਿਲਾਦ ਨੂੰ ਇਸ ਗੱਲ ਤੋਂ ਕਈ ਵਾਰ ਵਰਜਿਆ ਪਰ ਜਦ ਪ੍ਰਹਿਲਾਦ ਪ੍ਰਭੂ ਭਗਤੀ ਤੋਂ ਨਾ ਮੁੜਿਆ ਤਾਂ ਉਸ ਤੋਂ ਛੁਟਕਾਰਾ ਪਾਉਣ ਲਈ ਰਾਜੇ ਨੇ ਆਪਣੀ ਭੈਣ ਹੋਲਿਕਾ ਪਾਸੋਂ ਮਦਦ ਮੰਗੀ। ਹੋਲਿਕਾ ਕੋਲ ਇਕ ਅਦੁੱਤੀ ਸ਼ਕਤੀ ਸੀ ਕਿ ਉਹ ਅੱਗ ਤੋਂ ਆਪਣਾ ਬਚਾਅ ਕਰ ਸਕਦੀ ਸੀ। ਉਹ ਪ੍ਰਹਿਲਾਦ ਨੂੰ ਨਾਲ ਲੈ ਕੇ ਅੱਗ ਵਿਚ ਬੈਠ ਗਈ। ਪ੍ਰਹਿਲਾਦ ਲਗਾਤਾਰ ਭਗਵਾਨ ਵਿਸ਼ਨੂੰ ਜੀ ਦੀ ਭਗਤੀ ਕਰਦਾ ਰਿਹਾ ਸੀ, ਜਿਸ ਕਰਕੇ ਉਹ ਬਚ ਗਿਆ ਤੇ ਹੋਲਿਕਾ ਅੱਗ 'ਚ ਸੜ ਕੇ ਮਰ ਗਈ। ਬਾਅਦ ਵਿਚ ਭਗਵਾਨ ਵਿਸ਼ਨੂੰ ਨੇ ਨਰਸਿੰਘ ਅਵਤਾਰ ਧਾਰ ਕੇ ਹਿਰਣਯਕਸ਼ਪ ਦਾ ਅੰਤ ਕੀਤਾ। ਇਸੇ ਦਿਨ ਤੋਂ ਹੋਲਿਕਾ ਦਹਿਨ ਕਰ ਕੇ ਹੋਲੀ ਦਾ ਤਿਉਹਾਰ ਮਨਾਇਆ ਜਾਂਦਾ ਹੈ। •

### ਖਾਣੇ ਨੂੰ ਰੰਗਾਂ ਤੋਂ ਬਚਾਓ

ਹੋਲੀ ਦੇ ਦਿਨ ਮਿਠਾਈ ਖਾ ਕੇ ਹੀ ਤਿਉਹਾਰ ਮਨਾਇਆ ਜਾਂਦਾ ਹੈ ਪਰ ਸਾਨੂੰ ਇਸ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਕਿ ਮਿਠਾਈ ਜਾਂ ਕੁਝ ਖਾਣ ਸਮੇਂ ਰੰਗ ਸਾਡੇ ਮੂੰਹ ਵਿਚ ਨਾ ਜਾਵੇ। ਇਸ ਨਾਲ ਪੇਟ ਦਰਦ ਤੇ ਪੇਟ ਸਬੰਧੀ ਕਈ ਹੋਰ ਸਮੱਸਿਆਵਾਂ ਹੋਣ ਦਾ ਖ਼ਤਰਾ ਰਹਿੰਦਾ ਹੈ। ਚੰਗੀ ਤਰ੍ਹਾਂ ਹੱਥ ਧੋ ਕੇ ਹੀ ਕੁਝ ਖਾਣਾ ਚਾਹੀਦਾ ਹੈ।





# ਨਕਲ ਦੀ ਥਾਂ ਮਿਹਨਤ ਵੱਲ ਦੇਵੋ ਧਿਆਨ

ਦਰਸ਼ਨ ਸਿੰਘ 'ਬਾਲੀਆਂ'
78371-71718

ਵਿਦਿਆਰਥੀਆਂ ਦੇ ਸਾਲਾਨਾ ਇਮਤਿਹਾਨ ਲਗਪਗ ਸ਼ੁਰੂ ਹੋ ਚੁੱਕੇ ਹਨ। ਪੂਰੇ ਸਾਲ 'ਚ ਕਿੰਨੀ ਮਿਹਨਤ ਕੀਤੀ ਹੈ, ਉਸ ਦਾ ਨਤੀਜਾ ਇਨ੍ਹਾਂ ਇਮਤਿਹਾਨਾਂ ਤੋਂ ਬਾਅਦ ਹੀ ਸਾਹਮਣੇ ਆਉਂਦਾ ਹੈ। ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਖ਼ੁਸ਼ੀ, ਗ਼ਮੀ, ਨਮੋਸ਼ੀ, ਨਿਰਾਸ਼ਾ, ਚਾਅ, ਪ੍ਰੇਰਣਾ, ਸੇਧ ਜਾਂ ਸਿੱਖਿਆ ਆਦਿ 'ਚੋਂ ਕੁਝ ਨਾ ਕੁਝ ਜ਼ਰੂਰ ਸਾਡੀ ਝੋਲੀ ਪਾਉਂਦੇ ਹਨ।

ਪੂਰੇ ਸਾਲ ਦੌਰਾਨ ਸਕੂਲ ਦੀ ਪੜ੍ਹਾਈ, ਹੋਮਵਰਕ, ਟਿਊਸ਼ਨ ਵਰਕ, ਟੈਸਟ, ਟਰਮ ਟੈਸਟ ਆਦਿ ਮੁਕਾਮਾਂ ਤੋਂ ਗੁਜ਼ਰਦੇ ਹੋਏ ਸਾਲਾਨਾ ਇਮਤਿਹਾਨ ਤਕ ਦਾ ਸਫ਼ਰ ਪੂਰਾ ਹੁੰਦਾ ਹੈ। ਜਿੱਥੇ ਕਿਤੇ ਵੀ ਵਿਦਿਆਰਥੀ ਪੜ੍ਹਾਈ ਪੱਖੋਂ ਪੱਛੜਦਾ ਨਜ਼ਰ ਆਉਂਦਾ ਹੈ ਤਾਂ ਅਧਿਆਪਕ ਜ਼ਰੂਰ ਸੰਕੇਤ ਦਿੰਦਾ ਹੈ। ਕੁਝ ਵਿਦਿਆਰਥੀ ਅਤੇ ਮਾਪੇ ਅਧਿਆਪਕਾਂ ਨਾਲ ਸਾਰਾ ਸਾਲ ਸੰਪਰਕ 'ਚ ਰਹਿੰਦੇ ਹਨ ਅਤੇ ਅਧਿਆਪਕ-ਮਾਪੇ-ਵਿਦਿਆਰਥੀ ਦੇ ਤਿਕੋਣੇ ਰਿਸ਼ਤੇ ਨੂੰ ਨਿੱਘਾ ਬਣਾ ਕੇ ਰੱਖਦੇ ਹਨ, ਜਿਸ ਦੇ ਨਤੀਜੇ ਬਹੁਤ ਸਕਾਰਾਤਮਕ ਨਿਕਲਦੇ ਹਨ।

ਕੁਝ ਵਿਦਿਆਰਥੀ ਸਾਰਾ ਸਾਲ ਪੜ੍ਹਾਈ ਵੱਲ ਧਿਆਨ ਨਹੀਂ ਦਿੰਦੇ ਤੇ ਇਮਤਿਹਾਨਾਂ ਸਮੇਂ ਨਕਲ ਮਾਰਨ ਲਈ 'ਜੁਗਾੜ' ਲਗਾਉਣ ਵੱਲ ਧਿਆਨ ਦਿੰਦੇ ਹਨ। ਇਮਤਿਹਾਨ ਦੌਰਾਨ ਨਕਲ ਕਾਰਨ ਹੋ ਸਕਦਾ ਹੈ ਕਿਸੇ ਵਿਦਿਆਰਥੀ ਨੂੰ ਵੱਧ ਅੰਕ ਦਿਵਾਉਣ ਵਿਚ ਸਹਾਈ ਹੋ ਜਾਵੇ ਪਰ ਨਕਲ ਕਦੇ ਵੀ ਉਸ ਦੇ ਗਿਆਨ 'ਚ ਵਾਧਾ ਨਹੀਂ ਕਰ ਸਕਦੀ। ਨਕਲ ਰਾਹੀਂ ਪ੍ਰਾਪਤ ਕੀਤੇ ਅੰਕ ਕਦੇ ਵੀ ਮੁਕਾਬਲੇਬਾਜ਼ੀ ਵਾਲੀਆਂ ਪ੍ਰੀਖਿਆਵਾਂ 'ਚ ਅਹਿਮ ਸਥਾਨ ਨਹੀਂ ਦਿਵਾ ਸਕਦੇ।

ਨਕਲ ਦੀ ਆਸ ਰੱਖਣ ਵਾਲੇ ਬੱਚੇ ਪ੍ਰੀਖਿਆ ਦੌਰਾਨ ਅਕਸਰ ਆਲੇ-ਦੁਆਲੇ ਬੈਠੇ ਬੱਚਿਆਂ ਨੂੰ ਪਰੇਸ਼ਾਨ ਕਰਦੇ ਹਨ ਤੇ ਅਨੁਸ਼ਾਸਨਹੀਣਤਾ ਫੈਲਾਉਂਦੇ ਹਨ। ਮਿਹਨਤ ਕਰਨ ਵਾਲੇ ਵਿਦਿਆਰਥੀਆਂ ਲਈ ਇਕ-ਇਕ ਸੈਕਿੰਡ ਕੀਮਤੀ ਹੁੰਦਾ ਹੈ। ਅਜਿਹੀ ਹਤਲਤ ਵਿਚ ਬੇਵਜ੍ਹਾ ਉਨ੍ਹਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਨਕਲ ਦੀ ਝਾਕ ਵਾਲੇ ਬੱਚਿਆਂ ਦੀ ਸਿਰਫ਼ ਪਾਸ ਹੋਣ ਤਕ ਹੁੰਦੀ ਹੈ, ਜਦਕਿ

**ਇਮਤਿਹਾਨ ਦੌਰਾਨ ਨਕਲ ਵਿਦਿਆਰਥੀ ਨੂੰ ਵੱਧ ਅੰਕ ਤਾਂ ਦਿਵਾ ਸਕਦੀ ਹੈ ਪਰ ਇਸ ਨਾਲ ਕਦੇ ਵੀ ਉਸ ਦੇ ਗਿਆਨ 'ਚ ਵਾਧਾ ਨਹੀਂ ਹੁੰਦਾ। ਇਸ ਲਈ ਬੱਚਿਆਂ ਨੂੰ ਮਿਹਨਤ ਵੱਲ ਧਿਆਨ ਦੇਣਾ ਚਾਹੀਦਾ ਹੈ...**

ਮਿਹਨਤੀ ਵਿਦਿਆਰਥੀਆਂ ਦਾ ਸੁਪਨਾ ਵਧੀਆ ਅੰਕ ਪ੍ਰਾਪਤ ਕਰ ਕੇ ਮਾਤਾ-ਪਿਤਾ ਤੇ ਅਧਿਆਪਕਾਂ ਨੂੰ ਖ਼ੁਸ਼ੀ ਦੇਣਾ ਹੁੰਦਾ ਹੈ।

ਬੱਚਿਓ! ਇਮਤਿਹਾਨਾਂ ਦੌਰਾਨ ਨਕਲ ਦਾ ਸਹਾਰਾ ਲੈਣ ਦੀ ਥਾਂ ਪੇਪਰਾਂ ਦੀ ਤਿਆਰੀ ਲਈ ਮਿਹਨਤ ਕਰੋ। ਜੋ ਕੋਈ ਵੀ ਸਮੱਸਿਆ ਕਿਸੇ ਵੀ ਪ੍ਰਸ਼ਨ ਜਾਂ ਕਿਸੇ ਵਿਸ਼ੇ ਸਬੰਧੀ ਆਉਂਦੀ ਹੈ ਤਾਂ ਆਪਣੇ ਅਧਿਆਪਕ ਨਾਲ ਸੰਪਰਕ ਕਰ ਕੇ ਉਸ ਨੂੰ ਸਮਝਣ ਦੀ ਕੋਸ਼ਿਸ਼ ਕਰੋ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਇਮਤਿਹਾਨਾਂ ਦੌਰਾਨ ਨਕਲ ਦੀ ਥਾਂ ਮਿਹਨਤ ਕਰਨ ਲਈ ਪ੍ਰੇਰਿਤ ਕਰਨ। •

# ਕੀੜੀਆਂ ਤੋਂ ਸਿੱਖੋ ਟ੍ਰੈਫਿਕ ਨਿਯਮਾਂ ਦੀ ਪਾਲਣਾ

**ਕੀੜੀਆਂ 'ਚ ਭੀੜ ਵਿਚੋਂ ਨਿਕਲਣ ਦੀ ਖ਼ਾਸ ਸਮਝ ਹੁੰਦੀ ਹੈ। ਜਦੋਂ ਉਹ ਇਕ ਲਾਈਨ 'ਚ ਚੱਲਦੀਆਂ ਹਨ ਤਾਂ ਵਧੀਆ ਤਰੀਕੇ ਨਾਲ ਟ੍ਰੈਫਿਕ ਨੂੰ ਸੰਤੁਲਨ ਕਰ ਲੈਂਦੀਆਂ ਹਨ। ਇਸ ਲਈ ਕਦੇ ਕੋਈ ਟੱਕਰ ਨਹੀਂ ਹੁੰਦੀ...**



ਛੋਟੀ ਜਿਹੀ ਕੀੜੀ ਬਹੁਤ ਵਧੀਆ ਡਰਾਈਵਰ ਹੈ। ਕੀੜੀਆਂ ਨੂੰ ਇਕ ਲਾਈਨ 'ਚ ਚਲਦਾ ਦੇਖ ਕੇ ਇਹ ਸਮਝਿਆ ਤੇ ਸਿੱਖਿਆ ਜਾ ਸਕਦਾ ਹੈ ਕਿ ਉਨ੍ਹਾਂ ਦੀ ਮਦਦ ਨਾਲ ਮਨੁੱਖ ਸ਼ਹਿਰਾਂ 'ਚ ਟ੍ਰੈਫਿਕ ਸਮੱਸਿਆਵਾਂ ਦਾ ਹੱਲ ਲੱਭ ਸਕਦਾ ਹੈ। ਵਿਗਿਆਨੀਆਂ ਦਾ ਕਹਿਣਾ ਹੈ ਕਿ ਕੀੜੀਆਂ 'ਚ ਭੀੜ ਦਾ ਪ੍ਰਬੰਧ ਕਰਨ ਦੀ ਖ਼ਾਸ ਸਮਝ ਹੁੰਦੀ ਹੈ। ਜਦੋਂ ਉਹ ਇਕ ਲਾਈਨ 'ਚ ਚੱਲਦੀ ਹੈ ਤਾਂ ਬਿਲਕੁਲ ਵਧੀਆ ਤਰੀਕੇ ਨਾਲ ਟ੍ਰੈਫਿਕ ਨੂੰ ਸੰਤੁਲਨ ਕਰ ਲੈਂਦੀ ਹੈ। ਇਸ ਲਈ ਕਦੇ ਕੋਈ ਟੱਕਰ ਨਹੀਂ ਹੁੰਦੀ। ਦੋ ਕੀੜੀਆਂ ਦਾ ਰਸਤਾ ਜੇ ਟਕਰਾਉਂਦਾ ਹੈ ਤਾਂ ਦੋਵਾਂ 'ਚ ਬੜੀ ਸ਼ਾਂਤੀ ਨਾਲ ਉਹ ਰਸਤਾ ਬਦਲ ਲਿਆ ਜਾਂਦਾ ਹੈ ਅਤੇ ਬਿਨਾਂ ਟਕਰਾਉਣ ਦੇ ਉਹ ਆਪਣੀਆਂ-ਆਪਣੀਆਂ ਥਾਵਾਂ 'ਤੇ ਚਲੀਆਂ ਜਾਂਦੀਆਂ ਹਨ।

ਵਿਗਿਆਨੀਆਂ ਦਾ ਮੰਨਣਾ ਹੈ ਕਿ ਕੀੜੀਆਂ ਦੇ ਦਿਮਾਗ਼ 'ਚ 2 ਲੱਖ 50 ਹਜ਼ਾਰ ਤੋਂ ਵੀ ਜ਼ਿਆਦਾ ਕੋਸ਼ਿਕਾਵਾਂ ਹੁੰਦੀਆਂ ਹਨ। ਮਾਹਿਰ ਦਸਦੇ ਹਨ ਕਿ ਇਸ ਗੱਲ ਨੂੰ ਸਮਝਣ ਲਈ ਇਕ ਸ਼ੱਕਰ ਤਕ ਕੀੜੀਆਂ ਦੀ ਪਹੁੰਚ ਦੇ ਦੋ ਰਸਤੇ ਬਣਾਏ। ਇਕ ਰਸਤੇ ਦੀ ਦੂਰੀ ਘੱਟ ਤੇ ਦੂਜੇ ਦੀ ਉਸ ਤੋਂ ਜ਼ਿਆਦਾ ਸੀ। ਪਹਿਲਾਂ ਕੀੜੀਆਂ ਨੇ ਘੱਟ ਦੂਰੀ ਵਾਲੇ ਬਣਾਏ ਰਸਤੇ ਦਾ ਇਸਤੇਮਾਲ ਕੀਤਾ ਤੇ ਜਦੋਂ ਘੱਟ ਦੂਰੀ ਵਾਲੇ ਰਸਤੇ 'ਤੇ ਭੀੜ ਵਧ ਗਈ ਤਾਂ ਤੁਰੰਤ ਹੀ ਲੰਬੀ ਦੂਰੀ ਵਾਲੇ ਰਸਤੇ ਵੱਲ ਮੁੜ ਗਈ। ਇਹ ਦੱਸਿਆ ਜਾਂਦਾ ਹੈ ਕਿ ਕਿਸੇ ਵੀ ਕੀੜੀ ਨੇ ਉਹ ਰਸਤਾ ਚੁਣਿਆ, ਜਿਸ 'ਤੇ ਉਸ ਨੂੰ ਭੋਜਨ ਲਿਆਉਣ ਤੇ ਲਿਜਾਣ 'ਚ ਆਸਾਨੀ ਹੋਵੇ। ਚਾਹੇ ਉਹ ਰਸਤਾ ਲੰਬਾ ਹੀ ਕਿਉਂ ਨਾ ਹੋਵੇ।

ਜਰਮਨੀ ਦੇ ਡ੍ਰੈਸਡੇਨ ਤਕਨਾਲੋਜੀ ਵਿਸ਼ਵ ਯੂਨੀਵਰਸਿਟੀ ਦੇ ਡਾ. ਹੇਲਬਿੰਗ ਦਾ ਕਹਿਣਾ ਹੈ ਕਿ ਕੀੜੀਆਂ ਆਪਣੇ ਸਾਥੀਆਂ 'ਚ ਚੰਗੇ ਰਸਤੇ ਦੀ ਸੂਚਨਾ ਜਲਦੀ ਪਹੁੰਚਾ ਦਿੰਦੀਆਂ ਹਨ ਅਤੇ ਭੀੜ ਨੂੰ ਇਕ ਜਗ੍ਹਾ ਤੋਂ ਦੂਜੀ ਜਗ੍ਹਾ ਭੇਜਣਾ ਆਸਾਨ ਹੁੰਦਾ ਹੈ। ਮਨੁੱਖ ਵੀ ਜੇ ਇਕ-ਦੂਜੇ ਨੂੰ ਟ੍ਰੈਫਿਕ ਜਾਮ ਵਾਲੇ ਰਸਤੇ ਦੀ ਸੂਚਨਾ ਦੇਣ ਦਾ ਕੰਮ ਕਰੇ ਤਾਂ ਟ੍ਰੈਫਿਕ ਦੀ ਸਮੱਸਿਆ ਸੁਲਝ ਸਕਦੀ ਹੈ। ਇਸ ਗੱਲ ਤੋਂ ਤਾਂ ਇਹ ਕਿਹਾ ਜਾ ਸਕਦਾ ਹੈ ਕਿ ਕੀੜੀਆਂ ਟ੍ਰੈਫਿਕ ਸੈਂਸ 'ਚ ਮਨੁੱਖ ਨਾਲੋਂ ਬਿਹਤਰ ਹਨ। •

# ਸੁੰਦਰ ਲਿਖਾਈ ਦੀ ਅਹਿਮੀਅਤ

ਤੇਜਿੰਦਰ ਸਿੰਘ ਖ਼ਾਲਸਾ
73073-50150

**ਅੱਖ਼ਰ ਨੂੰ ਲੰਬਾਈ 'ਚ ਲਿਜਾਣ ਦੀ ਜਗ੍ਹਾ ਹਰ ਅੱਖ਼ਰ ਦੀ ਚੌੜਾਈ ਵਧਾਈ ਜਾਵੇ। ਪੰਜਾਬੀ ਲਿਖਾਈ ਸ਼ੁੱਧਤਾ ਲਈ ਬੱਚਾ ਬਿੰਦੀ ਦੀ ਮਹੱਤਤਾ ਨੂੰ ਸਮਝੇ, ਇਸ ਲਈ ਉਹ ਅਧਿਆਪਕ ਤੋਂ ਯੋਗ ਰਹਿਨੁਮਾਈ ਜ਼ਰੂਰ ਪ੍ਰਾਪਤ ਕਰ ਲਵੇ...**



ਕਈ ਅਹਿਮ ਗੱਲਾਂ ਹਨ, ਜੋ ਪੰਜਾਬੀ ਦੀ ਸੁੰਦਰ ਤੇ ਸ਼ੁੱਧ ਲਿਖਤ ਲਈ ਸਹਾਈ ਹੋ ਸਕਦੀਆਂ ਹਨ। ਇਹ ਲਿਖਤ 'ਚ ਤਾਂ ਪ੍ਰਗਟ ਨਹੀਂ ਹੋ ਸਕਦੀਆਂ ਪਰ ਅਭਿਆਸ ਕਰਦੇ ਸਮੇਂ ਸਹਾਈ ਹੋਣਗੀਆਂ, ਜਿਵੇਂ ਸੱਸੇ, ਐੜੇ, ਦੱਦੇ ਦੀ ਬਣਾਵਟ ਕਿਸ ਤਰ੍ਹਾਂ ਹੋਵੇਗੀ।

- ਦੋ ਲਾਈਨਾਂ ਵਾਲੀ ਕਾਪੀ 'ਚ ਪੰਜਾਬੀ ਲਿਖਦੇ ਸਮੇਂ ਹਰ ਅੱਖ਼ਰ ਇਕ-ਦੂਜੇ ਅੱਖ਼ਰ ਤੋਂ ਕੁਝ ਨਿਸ਼ਚਿਤ ਦੂਰੀ 'ਤੇ ਹੋਵੇ ਤਾਂ ਜੋ ਹਰ ਅੱਖ਼ਰ ਚੰਗੀ ਤਰ੍ਹਾਂ ਸਮਝ ਆ ਸਕੇ।
- ਹਰ ਅੱਖ਼ਰ ਦੀ ਲੰਬਾਈ ਹੇਠਾਂ ਵਾਲੀ ਲਾਈਨ ਤਕ ਨਹੀਂ ਜਾਣੀ ਚਾਹੀਦੀ ਭਾਵ ਅੱਧ ਤਕ ਜਾਂਦੇ ਹੀ ਅੱਖ਼ਰ ਖ਼ਤਮ ਕਰ ਦੇਣਾ ਹੈ ਤਾਂ ਜੋ ਅਗਲੀ ਲਾਈਨ 'ਚ ਜੇ 'ਹੋੜੇ' ਵਾਲਾ ਕੋਈ ਸ਼ਬਦ ਆ ਜਾਵੇ ਤਾਂ ਲਿਖਾਈ ਦੀ ਸੁੰਦਰ ਬਣਾਵਟ ਨੂੰ ਕੋਈ ਅਸਰ ਨਾ ਪਾਵੇ।
- ਅੱਖ਼ਰ ਨੂੰ ਲੰਬਾਈ 'ਚ ਲਿਜਾਣ ਦੀ ਜਗ੍ਹਾ ਬੱਚਾ ਹਰ ਅੱਖ਼ਰ ਦੀ ਚੌੜਾਈ ਵਧਾ ਦੇਵੇ।
- ਸਿਹਾਰੀ-ਬਿਹਾਰੀ ਨੂੰ ਬਹੁਤਾ ਉਚਾਈ 'ਚ ਨਹੀਂ ਲਿਜਾਣਾ ਚਾਹੀਦਾ।
- ਪੰਜਾਬੀ ਲਿਖਾਈ ਸ਼ੁੱਧਤਾ ਲਈ ਬੱਚਾ ਬਿੰਦੀ ਦੀ ਮਹੱਤਤਾ ਨੂੰ ਸਮਝੇ, ਇਸ ਲਈ ਉਹ ਅਧਿਆਪਕ ਤੋਂ ਯੋਗ ਰਹਿਨੁਮਾਈ ਜ਼ਰੂਰ ਪ੍ਰਾਪਤ ਕਰ ਲਵੇ, ਜਿਵੇਂ ਅਖ਼ੀਰ 'ਚ 'ਆਂ, ਏਂ ਵਾਲੇ ਸ਼ਬਦ'।

ਪਿਛਲੇ ਕੁਝ ਸਮੇਂ ਤੋਂ ਪੰਜਾਬ 'ਚ ਤੇ ਬਾਕੀ ਸੂਬਿਆਂ 'ਚ ਜਿੱਥੇ ਪੰਜਾਬੀ ਵੱਡੀ ਗਿਣਤੀ 'ਚ ਵਸਦੇ ਹਨ, ਪੰਜਾਬੀ ਸੁੰਦਰ ਤੇ ਸ਼ੁੱਧ ਲਿਖਾਈ ਦੀਆਂ ਕਲਾਸਾਂ ਲਗਾਉਣ 'ਤੇ ਮਹਿਸੂਸ ਹੋਇਆ ਕਿ ਪੰਜਾਬੀ ਆਪਣੀ ਬੋਲੀ ਦੇ ਬਹੁਤੇ ਸ਼ਬਦ ਭੁੱਲ ਚੁੱਕੇ ਹਨ। ਸੋਸ਼ਲ ਮੀਡੀਆ ਦੇ ਯੁੱਗ ਅਤੇ ਪੱਛਮੀਕਰਨ ਨੇ ਸਾਡੇ ਅਮੀਰ ਵਿਰਸੇ ਦੀ ਰੌਣਕ ਖੋਹ ਲਈ ਹੈ। ਭਰਾ ਅਤੇ ਭੈਣ ਸ਼ਬਦ ਹੁਣ ਸੁਣਨ ਨੂੰ ਨਹੀਂ ਮਿਲਦੇ। ਅੱਜ ਜੇ ਕੋਈ ਵਿਰਲਾ ਨੌਜਵਾਨ ਭੁੱਲ-ਭੁਲੇਖੇ ਆਪਣੀ ਭੈਣ ਨੂੰ ਭੈਣ ਕਹਿ ਵੀ ਦੇਵੇ ਤਾਂ ਉਹ ਇਸ ਗੱਲ ਦਾ ਡਾਹਢਾ ਗੁੱਸਾ ਮਨਾਉਂਦੀ ਹੈ ਕਿ ਉਹ ਉਸ ਨੂੰ ਜਾਂ ਤਾਂ ਦੀਦੀ ਕਹਿ ਕੇ ਜਾਂ ਨਾਂ ਲੈ ਕੇ ਬੁਲਾਵੇ।

ਇਸ ਤੋਂ ਇਲਾਵਾ ਬੋਤੇ ਦੀ ਜਗ੍ਹਾ ਊਠ, ਧੀ-ਪੁੱਤ ਦੀ ਜਗ੍ਹਾ ਬੇਟਾ-ਬੇਟੀ, ਬਾਪੂ ਦੀ ਜਗ੍ਹਾ ਡੈਡ ਨੇ ਲਈ ਹੈ। ਇਸ ਤੋਂ ਸਹਿਜੇ ਹੀ ਪੰਜਾਬ 'ਚ ਪੰਜਾਬੀ ਦੇ ਭਵਿੱਖ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਭਾਵੇਂ ਪੰਜਾਬੀ ਲਈ ਦਰਦ ਰੱਖਣ ਵਾਲਿਆਂ ਦੀ ਵੀ ਕੋਈ ਕਮੀ ਨਹੀਂ ਹੈ। ਬੀਤੇ ਮਹੀਨੇ ਪੰਜਾਬੀ ਬੋਲੀ ਨੂੰ ਰਾਹ ਦਸੇਰਿਆਂ 'ਤੇ ਅਖ਼ੀਰਲਾ ਸਥਾਨ ਮਿਲਣ 'ਤੇ ਪੰਜਾਬੀ ਭਾਸ਼ਾ ਲਈ ਦਰਦ ਰੱਖਣ ਵਾਲੇ ਅਗਾਂਹਵਧੂ ਨੌਜਵਾਨਾਂ ਨੇ ਆਪੋ ਆਪਣੇ ਪੱਧਰ 'ਤੇ ਮੁਹਿੰਮਾਂ ਚਲਾਈਆਂ ਹਨ, ਜਿਨ੍ਹਾਂ ਨੂੰ ਬੂਰ ਪੈਣਾ ਹੁਣ ਸ਼ੁਰੂ ਤਾਂ ਹੋ ਗਿਆ ਹੈ ਪਰ ਅਜੇ ਵੱਡੇ ਨਤੀਜੇ ਬਹੁਤ ਦੂਰ ਦਿਖਾਈ ਦੇ ਰਹੇ ਹਨ।

ਜੇ ਪੰਜਾਬ ਦਾ ਬੁੱਧੀਜੀਵੀ, ਅਧਿਆਪਕ, ਲਿਖਾਰੀ ਵਰਗ ਇਸ ਸੇਵਾ ਨੂੰ ਵੱਡੀ ਜ਼ਿੰਮੇਵਾਰੀ ਵਜੋਂ ਲੈ ਲਵੇ ਤਾਂ ਮੁੜ ਪੰਜਾਬੀ ਦੇ ਸੱਜਰੇ ਦਿਨਾਂ ਦੀ ਵਾਪਸੀ ਦੀ ਉਡੀਕ ਕੀਤੀ ਜਾ ਸਕਦੀ ਹੈ। •

# ਸ਼ਰਤ ਨਾਲੋਂ ਸ਼ਰਾਰਤ ਚੰਗੀ

ਬਾਲ-ਕਹਾਣੀ

ਹਰਿੰਦਰ ਸਿੰਘ ਗੋਗਨਾ
98723-25960

**ਸ਼ਰਤ ਲਾਉਣੀ ਮਾੜੀ ਗੱਲ ਹੈ, ਇਸ ਤੋਂ ਬਚਣਾ ਚਾਹੀਦਾ ਹੈ। ਰਿਤਿਕ ਨੂੰ ਗੱਲ-ਗੱਲ 'ਤੇ ਸ਼ਰਤ ਲਗਾਉਣ ਦੀ ਆਦਤ ਸੀ। ਉਸ ਦੇ ਦੋਸਤ ਅਕਸਰ ਉਸ ਨੂੰ ਸਮਝਾਉਂਦੇ ਕਿ ਉਸ ਨੂੰ ਇਹ ਆਦਤ ਛੱਡ ਦੇਣੀ ਚਾਹੀਦੀ ਹੈ ਪਰ ਉਹ ਮਜਬੂਰ ਸੀ...**



ਕੁਝ ਦਿਨਾਂ ਤਕ ਹੋਲੀ ਦਾ ਤਿਉਹਾਰ ਹੈ। ਰਵੀ, ਸੌਰਭ, ਕੁਨਾਲ ਤੇ ਦੀਪਕ ਹਰ ਹੋਲੀ 'ਤੇ ਖ਼ੂਬ ਮਸਤੀ ਕਰਦੇ ਸਨ। ਇਸ ਵਾਰ ਜਦੋਂ ਹੋਲੀ ਆਈ ਤਾਂ ਸਭ ਦੋਸਤਾਂ ਨੇ ਆਪੋ ਆਪਣੀ ਪਿਚਕਾਰੀ ਲਈ ਤੇ ਜੇਬਾਂ ਵਿਚ ਗੁਲਾਲ ਭਰ ਕੇ ਘਰ ਦੇ ਨੇੜਲੇ ਮੈਦਾਨ 'ਚ ਇਕੱਠੇ ਹੋ ਗਏ। ਸਭ ਨੇ ਇਕ-ਦੂਜੇ ਨੂੰ ਰੰਗ ਲਾਏ ਤੇ ਫਿਰ ਪਿਚਕਾਰੀਆਂ ਨਾਲ ਰੰਗਾਂ ਦੀ ਖ਼ੂਬ ਵਾਛੜ ਕੀਤੀ। ਹੁਣ ਉਹ ਰਿਤਿਕ ਦੀ ਉਡੀਕ 'ਚ ਸਨ, ਕਿਉਂਕਿ ਕੱਲ੍ਹ ਸਾਰਿਆਂ ਨੇ ਰਿਤਿਕ ਨਾਲ ਸ਼ਰਤ ਲਗਾਈ ਸੀ ਕਿ ਜੇ ਉਹ ਹੋਲੀ 'ਤੇ ਸੋਨੂੰ ਨੂੰ ਰੰਗ ਲਗਾਏਗਾ ਤਾਂ ਸੌ ਰੁਪਏ ਜਿੱਤ ਸਕਦਾ ਹੈ ਪਰ ਜੇ ਉਹ ਅਸਫਲ ਰਿਹਾ ਤਾਂ ਉਸ ਕੋਲੋਂ ਸ਼ਰਤ ਹਾਰਨ ਦੇ ਸੌ ਰੁਪਏ ਲਏ ਜਾਣਗੇ। ਸੋਨੂ ਇਨ੍ਹਾਂ ਸਾਰਿਆਂ ਦਾ ਦੋਸਤ ਸੀ ਤੇ ਅਕਸਰ ਇਨ੍ਹਾਂ ਦੇ ਨਾਲ ਹੀ ਰਹਿੰਦਾ ਸੀ ਪਰ ਹੋਲੀ ਦੇ ਦਿਨ ਉਹ ਇਕੱਲਾ ਰਹਿਣਾ ਪਸੰਦ ਕਰਦਾ ਸੀ। ਉਸ ਨੂੰ ਹੋਲੀ ਖੇਡਣਾ ਪਸੰਦ ਨਹੀਂ ਸੀ।

ਰਿਤਿਕ ਨੂੰ ਗੱਲ-ਗੱਲ 'ਤੇ ਸ਼ਰਤ ਲਗਾਉਣ ਦੀ ਮਾੜੀ ਆਦਤ ਸੀ। ਉਸ ਦੇ ਚਾਰੋ ਦੋਸਤ ਅਕਸਰ ਉਸ ਨੂੰ ਸਮਝਾਉਂਦੇ ਕਿ ਉਸ ਨੂੰ ਇਹ ਆਦਤ ਛੱਡ ਦੇਣੀ ਚਾਹੀਦੀ ਹੈ ਪਰ ਰਿਤਿਕ ਆਦਤ ਤੋਂ ਮਜਬੂਰ ਸੀ। ਰਿਤਿਕ ਦੇ ਦੋਸਤਾਂ ਨੇ ਸੋਚਿਆ ਕਿ ਜੇ ਉਸ ਨੂੰ ਸਬਕ ਸਿਖਾਉਣਾ ਹੈ ਤਾਂ ਉਸ ਨਾਲ ਇਹ ਸ਼ਰਤ ਲਗਾ ਲਈ ਜਾਵੇ। ਉਹ ਸ਼ਰਤ ਹਾਰ ਜਾਵੇਗਾ ਤੇ ਉਸ ਨੂੰ ਚੰਗਾ ਸਬਕ ਮਿਲੇਗਾ। ਕੁਝ ਦੇਰ 'ਚ ਹੀ ਰਿਤਿਕ ਵੀ ਆ ਗਿਆ। ਉਸ ਨੇ ਜੇਬਾਂ 'ਚ ਗੁਲਾਲ ਭਰਿਆ ਹੋਇਆ ਸੀ।

ਸ਼ਰਤ ਮੁਤਾਬਿਕ ਉਹ ਸਿੱਧਾ ਸੋਨੂੰ ਦੇ ਘਰ ਵੱਲ ਗਿਆ। ਉਸ ਨੇ ਯੋਜਨਾ ਮੁਤਾਬਿਕ ਸੋਨੂੰ ਦੇ ਘਰ ਦਾ ਦਰਵਾਜ਼ਾ ਖੜਕਾਇਆ। ਉਹ ਸੋਚਦਾ ਸੀ ਕਿ ਜਦੋਂ ਸੋਨੂੰ ਨੇ ਦਰਵਾਜ਼ਾ ਖੋਲ੍ਹਿਆ ਤਾਂ ਉਹ ਫੌਰੀ ਤੌਰ 'ਚ ਗੁਲਾਲ ਨਾਲ ਉਸ ਨੂੰ ਰੰਗ ਦੇਵੇਗਾ। ਅਚਾਨਕ ਦਰਵਾਜ਼ਾ ਖੁੱਲ੍ਹਿਆ ਪਰ ਖੋਲ੍ਹਣ ਵਾਲਾ ਕੋਈ ਵੀ ਸਾਹਮਣੇ ਨਹੀਂ ਸੀ। ਰਿਤਿਕ ਥੋੜ੍ਹਾ ਹੈਰਾਨ ਹੋਇਆ। ਉਹ ਸੋਨੂੰ ਨੂੰ ਆਵਾਜ਼ ਮਾਰਦਾ ਹੋਇਆ ਥੋੜ੍ਹਾ ਅੰਦਰ ਗਿਆ ਤਾਂ ਬਾਹਰੋਂ ਕਿਸੇ ਨੇ ਦਰਵਾਜ਼ਾ ਬੰਦ ਕਰ ਦਿੱਤਾ।

ਥੋੜ੍ਹੀ ਦੇਰ ਬਾਅਦ ਰਿਤਿਕ ਬਾਹਰ ਨਿਕਲਿਆ ਤਾਂ ਸੋਨੂੰ ਦੇ ਵਿਹੜੇ ਵਿਚ ਖੜ੍ਹੇ ਉਸ ਦੇ ਚਾਰੇ ਦੋਸਤ ਹੱਸ-ਹੱਸ ਕੇ ਲੋਟਪੋਟ ਹੋ ਰਹੇ ਸਨ ਤੇ ਰਿਤਿਕ ਦੀ ਹਾਲਤ 'ਤੇ ਠਹਾਕੇ ਲਗਾ ਰਹੇ ਸਨ। ਰਿਤਿਕ ਪਛਾਣ ਵਿਚ ਨਹੀਂ ਸੀ ਆ ਰਿਹਾ। ਉਸ ਦਾ ਚਿਹਰਾ ਬਿਲਕੁਲ ਕਾਲਾ ਹੋ ਗਿਆ ਸੀ। ਉਸ ਦੀ ਸੂਰਤ ਰੋਣਹਾਕੀ ਸੀ। ਪਿੱਛੇ ਹੀ ਸੋਨੂੰ ਤੇ ਉਸ ਦਾ ਭਰਾ ਵੀ ਹੱਸਦੇ-ਹੱਸਦੇ ਬਾਹਰ ਆ ਰਹੇ ਸਨ। ਅਸਲ ਵਿਚ ਰਿਤਿਕ ਦੇ ਦੋਸਤਾਂ ਨੇ ਰਿਤਿਕ ਨਾਲ ਸ਼ਰਤ ਲਗਾਉਣ ਉਪਰੰਤ ਸਵੇਰੇ ਹੀ ਮੋਬਾਈਲ 'ਤੇ ਸੋਨੂੰ ਨੂੰ ਸੁਚੇਤ ਕਰ ਦਿੱਤਾ ਸੀ ਕਿ ਰਿਤਿਕ ਅੱਜ ਸਵੇਰੇ ਉਸ ਨੂੰ ਹੋਲੀ ਲਾਉਣ ਆਵੇਗਾ ਤੇ ਉਹ ਚੌਕੰਨਾ ਰਹੇ। ਜਿਵੇਂ ਹੀ ਰਿਤਿਕ ਸੋਨੂੰ ਦੇ ਘਰ ਗਿਆ ਤਾਂ ਉਸ ਨੇ ਦਰਵਾਜ਼ੇ ਦੀ ਵਿਰਲ ਵਿੱਚੋਂ ਉਸ ਨੂੰ ਦੇਖ ਲਿਆ ਤੇ ਪਹਿਲਾਂ ਹੀ ਕੀਤੀ ਤਿਆਰੀ ਅਨੁਸਾਰ ਉਸ ਨੇ ਤੇ ਉਸ ਦੇ ਭਰਾ ਨੇ ਰਿਤਿਕ ਨੂੰ ਦੋਵਾਂ ਬਾਹਾਂ ਤੋਂ ਫੜ ਕੇ ਕਾਲੇ ਘੋਲ ਵਾਲੇ ਟੱਬ ਵਿਚ ਸੁੱਟ ਦਿੱਤਾ। ਉਸ ਨੂੰ ਸੰਭਲਣ ਦਾ ਮੌਕਾ ਤਕ ਨਾ ਦਿੱਤਾ।

'ਕਿਉਂ ਰਿਤਿਕ, ਇਹ ਤਾਂ ਪਾਸਾ ਹੀ ਪੁੱਠਾ ਪੈ ਗਿਆ। ਤੂੰ ਤਾਂ ਸੋਨੂੰ ਨੂੰ ਰੰਗਣ ਆਇਆ ਸੀ ਪਰ ਆਹ ਕੀ ਹੋ ਗਿਆ...?" ਰਵੀ ਨੇ ਆਪਣਾ ਹਾਸਾ ਰੋਕਦਿਆਂ ਕਿਹਾ। ਰਿਤਿਕ ਸੁੰਨ ਜਿਹਾ ਖੜ੍ਹਾ ਸੀ। ਉਹ ਸ਼ਰਤ ਹਾਰ ਗਿਆ ਸੀ। ਉਸ ਨੇ ਆਪਣੀ ਬਟੂਏ 'ਚੋਂ ਸੌ ਰੁਪਏ ਕੱਢੇ ਤੇ ਦੋਸਤਾਂ ਹਵਾਲੇ ਕਰ ਦਿੱਤੇ। ਇੰਨੇ ਵਿਚ ਹੀ ਸੋਨੂੰ ਦੇ ਪਾਪਾ ਬਾਹਰ ਆਏ ਤੇ ਉਨ੍ਹਾਂ ਨੂੰ ਸਾਰੀ ਗੱਲ ਦਾ ਪਤਾ ਲੱਗਾ। ਉਨ੍ਹਾਂ ਨੇ ਸਭ ਦੋਸਤਾਂ ਨੂੰ ਪਿਆਰ ਨਾਲ ਸਮਝਾਉਂਦਿਆਂ ਕਿਹਾ, 'ਬੇਟਾ, ਸ਼ਰਤ ਇਕ ਮਾੜੀ ਆਦਤ ਹੈ, ਇਹ ਨਾ ਕੇਵਲ ਲਾਲਚ ਨੂੰ ਜਨਮ ਦਿੰਦੀ ਹੈ, ਬਲਕਿ ਆਪਸੀ ਪਿਆਰ ਤੇ ਦੋਸਤੀ ਵਿਚ ਵੀ ਦਰਾੜਾਂ ਪਾਉਂਦੀ ਹੈ। ਇਸ ਨਾਲ ਹਾਰਨ ਵਾਲੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਦੀ ਹੈ। ਹੋਲੀ ਦਾ ਤਿਉਹਾਰ ਪਿਆਰ, ਮਸਤੀ ਤੇ ਸ਼ਰਾਰਤ ਦਾ ਤਿਉਹਾਰ ਹੈ ਨਾ ਕਿ ਸ਼ਰਤ ਦਾ। ਇਸ ਲਈ ਫਿਰ ਕਦੇ ਅਜਿਹਾ ਨਾ ਕਰਨਾ। ਸ਼ਰਤ ਨਾਲੋਂ ਤਾਂ ਸ਼ਰਾਰਤ ਹੀ ਚੰਗੀ। ਸ਼ਰਤ ਮਾੜੀ ਆਦਤ ਹੈ, ਇਸ ਤੋਂ ਬਚਣਾ ਚਾਹੀਦਾ ਹੈ।" ਸਾਰੇ ਦੋਸਤ ਸੋਨੂੰ ਦੇ ਪਾਪਾ ਦੀ ਗੱਲ ਸਾਹ ਰੋਕ ਕੇ ਸੁਣ ਰਹੇ ਸਨ।

'ਇਕ ਗੱਲ ਹੋਰ ਬੱਚਿਓ! ਹੋਲੀ 'ਤੇ ਕਦੇ ਵੀ ਜ਼ਿਆਦਾ ਜ਼ੋਰ ਜ਼ਬਰਦਸਤੀ ਨਹੀਂ ਕਰਨੀ ਚਾਹੀਦੀ। ਸਿਆਹੀ ਜਾਂ ਚਿੱਕੜ ਇਕ ਦੂਜੇ ਦੇ ਮਲਣਾ ਵੀ ਚੰਗੀ ਗੱਲ ਨਹੀਂ। ਹੋਲੀ 'ਤੇ ਹਾਨੀਕਾਰਕ ਰੰਗਾਂ ਦਾ ਇਸਤੇਮਾਲ ਨਹੀਂ ਕਰਨਾ ਚਾਹੀਦਾ ਹੈ ਤਾਂ ਕਿ ਕਿਸੇ ਨੂੰ ਕੋਈ ਨੁਕਸਾਨ ਨਾ ਪਹੁੰਚੇ ਤੇ ਹੋਲੀ ਦਾ ਆਨੰਦ ਵੀ ਦੂਣਾ ਹੋ ਜਾਵੇ। ਮੇਰੀ ਗੱਲ ਸਮਝ ਗਏ ਨਾ..?' ਸਾਰਿਆਂ ਨੂੰ ਆਪਣੀ ਗ਼ਲਤੀ ਦਾ ਅਹਿਸਾਸ ਸੀ। ਉਨ੍ਹਾਂ ਨੇ ਵਾਅਦਾ ਕੀਤਾ ਕਿ ਫਿਰ ਕਦੇ ਅਜਿਹਾ ਨਹੀਂ ਕਰਨਗੇ। ਸਭ ਦੋਸਤਾਂ ਨੇ ਰਿਤਿਕ ਦੇ ਪੈਸੇ ਉਸ ਨੂੰ ਵਾਪਸ ਕਰ ਦਿੱਤੇ। ਫਿਰ ਸੋਨੂੰ ਨੇ ਵੀ ਦੋਸਤਾਂ ਦਾ ਮਾਣ ਰੱਖਣ ਲਈ ਉਨ੍ਹਾਂ ਨਾਲ ਹੋਲੀ ਖੇਡੀ ਤੇ ਇਸ ਮਗਰੋਂ ਸਭ ਨੇ ਮਿਲ ਕੇ ਸੋਨੂੰ ਦੇ ਮੰਮੀ ਵੱਲੋਂ ਬਣਾਏ ਪਕੌੜੇ ਖਾ ਕੇ ਆਨੰਦ ਮਾਣਿਆ। •

## ਬਾਲ ਕੈਨਵਸ




**ਭਾਵੀਨੀ**
ਜਮਾਤ : ਪੰਜਵੀ, ਸੈਕਰਟ ਹਾਰਟ ਕਾਨਵੈਂਟ ਸਕੂਲ, ਸਮਰਾਲਾ।



**ਦੁਪਿੰਦਰ ਕੌਰ**
ਜਮਾਤ : ਅੱਠਵੀ
ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕੀਰਤਪੁਰ ਸਾਹਿਬ।



**ਈਸ਼ਾ ਵਰਮਾ**
ਜਮਾਤ : ਚੌਥੀ, ਵੀਰ ਹਕੀਕਤ ਰਾਏ ਸਕੂਲ, ਪਟਿਆਲਾ।



**ਸਾਨੀਆ**
ਜਮਾਤ : ਨੌਵੀ-ਏ
ਸਰਕਾਰੀ ਹਾਈ ਸਕੂਲ, ਮਿਰਜ਼ਾਪੁਰ, ਪਟਿਆਲਾ।



**ਸ਼ੈਟੀ ਮੁਹੰਮਦ**
ਜਮਾਤ : ਅੱਠਵੀ, ਸ. ਮਿਡਲ ਸਕੂਲ, ਕੋਰਵਾਲ, ਮਾਨਸਾ।



• ਚੰਦਰ ਪ੍ਰਕਾਸ਼
98762 15150

# ਮਹਿਰਾਜ ਯੁੱਧ ਦੀ ਅਨੂਠੀ ਦਾਸਤਾਨ









**ਮਹਿਰਾਜ ਦੇ ਯੁੱਧ 'ਚ ਗੁਰੂ ਹਰਗੋਬਿੰਦ ਜੀ ਨੇ ਖ਼ੁਦ ਸ਼ਾਮਿਲ ਹੋ ਕੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾਏ। ਉਨ੍ਹਾਂ ਜ਼ਖਮੀ ਮੁਗ਼ਲ ਸੈਨਿਕਾਂ ਦੀ ਮੱਲ੍ਹਮ ਪੱਟੀ ਕਰਵਾਈ ਅਤੇ ਮਾਰੇ ਗਿਆਂ ਨੂੰ ਦਫਨਾਇਆ। ਗੁਰੂ ਜੀ ਨੇ ਆਪਣੇ ਬਹਾਦਰ ਸਿੰਘਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ...**

ਪੰਜਾਬ ਦੀ ਧਰਤੀ ਦੇ ਇਕ ਹਿੱਸੇ ਮਹਿਰਾਜ ਪਿੰਡ ਵਿਖੇ 1631 ਵਿਚ ਉਸ ਵੇਲੇ ਬਹੁਤ ਵੱਡੇ ਇਤਿਹਾਸ ਦੀ ਰਚਨਾ ਹੋਈ ਜਦ ਗੁਰੂ ਹਰਗੋਬਿੰਦ ਜੀ ਦੀ 4 ਹਜ਼ਾਰ ਫ਼ੌਜ ਨੇ ਮੁਗ਼ਲ ਸ਼ਾਸਕ ਸ਼ਾਹਜਹਾਂ ਦੀ 35 ਹਜ਼ਾਰ ਦੇ ਲਗਪਗ ਫ਼ੌਜ ਨੂੰ ਨੇਸਤੋ ਨਾਬੂਦ ਕਰ ਦਿੱਤਾ। ਲਾਹੌਰ ਦੇ ਮੁਗ਼ਲ ਸ਼ਾਸਕ ਦੀ ਦੋ ਘੋੜਿਆਂ ਨੂੰ ਪ੍ਰਾਪਤ ਕਰਨ ਅਤੇ ਉਸ ਨੂੰ ਗੁਰੂ ਹਰਗੋਬਿੰਦ ਜੀ ਦੇ ਕਬਜ਼ੇ ਵਿੱਚੋਂ ਛੁਡਾਉਣ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਨੇ ਮਹਿਰਾਜ ਦੇ ਯੁੱਧ ਨੂੰ ਜਨਮ ਦਿੱਤਾ, ਜੋ ਕਿ ਗੁਰੂ ਹਰਗੋਬਿੰਦ ਦੀ ਮੁਗ਼ਲਾਂ ਨਾਲ ਤੀਜੀ ਲੜਾਈ ਸੀ। ਇਸ ਯੁੱਧ ਵਿਚ 34 ਹਜ਼ਾਰ ਦੇ ਲਗਪਗ ਮੁਗ਼ਲ ਫ਼ੌਜੀ ਮਾਰੇ ਗਏ ਅਤੇ ਮੁਗ਼ਲ ਸ਼ਾਸਕ ਸ਼ਾਹਜਹਾਂ ਘੋੜਿਆਂ ਦੀ ਪ੍ਰਾਪਤੀ ਨਾ ਕਰ ਸਕਿਆ ਅਤੇ ਉਸ ਨੂੰ ਕਰਾਰੀ ਹਾਰ ਦਾ ਮੂੰਹ ਦੇਖਣਾ ਪਿਆ।

## ਯੁੱਧ ਦਾ ਕਾਰਨ ਬਣੇ ਦਿਲਬਾਗ ਤੇ ਗੁਲਬਾਗ ਘੋੜੇ

ਬਠਿੰਡਾ ਜ਼ਿਲ੍ਹੇ ਦਾ ਮਹਿਰਾਜ ਪਿੰਡ ਦੁਨੀਆ ਦੇ ਨਕਸ਼ੇ 'ਤੇ ਇਕ ਵਿਸ਼ੇਸ਼ ਥਾਂ ਇਸ ਕਰਕੇ ਰੱਖਦਾ ਹੈ ਕਿ ਗੁਰੂ ਹਰਗੋਬਿੰਦ ਜੀ ਨੇ ਮੁਗ਼ਲਾਂ ਦੇ ਵਿਰੁੱਧ ਆਪਣਾ ਤੀਜਾ ਯੁੱਧ ਇਸ ਧਰਤੀ 'ਤੇ ਲੜਿਆ ਅਤੇ ਚਾਰ ਹਜ਼ਾਰ ਫ਼ੌਜ ਨਾਲ ਮੁਗ਼ਲਾਂ ਦੀ 35 ਹਜ਼ਾਰ ਫ਼ੌਜ ਨੂੰ ਕਰਾਰੀ ਹਾਰ ਦਿੱਤੀ। ਮਹਿਰਾਜ ਦਾ ਯੁੱਧ ਇਸ ਕਰਕੇ ਵੀ ਦੁਨੀਆ ਵਿਚ ਇਕ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਦਾ ਮੁੱਖ ਕਾਰਨ ਦੋ ਬਹੁਤ ਸੋਹਣੇ ਅਤੇ ਫੁਰਤੀਲੇ ਘੋੜਿਆਂ, ਜਿਨ੍ਹਾਂ ਦਾ ਨਾਂ ਦਿਲਬਾਗ ਤੇ ਗੁਲਬਾਗ ਸੀ, ਦੀ ਪ੍ਰਾਪਤੀ ਲਈ ਸ਼ਾਹਜਹਾਂ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਸੀ। ਇਹ ਯੁੱਧ ਇਸ ਕਰਕੇ ਵੀ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਵਿਚ 12 ਸੌ ਸਿੰਘ ਜਿਨ੍ਹਾਂ ਵਿਚ ਭਾਈ ਜੇਠਾ ਜੀ, ਜਿਸ ਨੂੰ ਗੁਰੂ ਜੀ ਦਾ ਸ਼ੇਰ ਵੀ ਕਿਹਾ ਜਾਂਦਾ ਸੀ, ਸ਼ਹੀਦ ਹੋਏ, ਜਦਕਿ ਮੁਗ਼ਲਾਂ ਦੇ 34 ਹਜ਼ਾਰ ਸੈਨਿਕਾਂ ਨੂੰ ਮੌਤ ਦਾ ਸਾਹਮਣਾ ਕਰਨਾ ਪਿਆ।

## ਗੁਰੂ ਦਾ ਉਪਾਸ਼ਕ ਸੇਠ ਕਰੋੜੀ ਮੱਲ

ਮਾਲਵੇ ਦੇ ਸਭ ਤੋਂ ਵੱਡੇ ਪਿੰਡ ਮਹਿਰਾਜ ਵਿਚ ਕਿਸੇ ਵੇਲੇ 9 ਪੰਚਾਇਤਾਂ ਸਨ ਅਤੇ ਇਹ 9 ਪੱਤੀਆਂ ਚ ਵੰਡਿਆ ਹੋਇਆ ਸੀ। ਹੁਣ ਇਸ ਦਾ ਕੰਮਕਾਜ ਨਗਰ ਪੰਚਾਇਤ ਚਲਾ ਰਹੀ ਹੈ। ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਇਹ ਪੁਰਖਿਆਂ ਦਾ ਪਿੰਡ ਹੈ ਉਸ ਦੇ ਪੁਰਖੇ ਜੈਸਲਮੇਰ ਤੇ ਬੀਕਾਨੇਰ ਤੋਂ ਆ ਕੇ ਇੱਥੇ ਕਈ ਸੌ ਸਾਲ ਪਹਿਲਾਂ ਆ ਕੇ ਵਸੇ ਸਨ। ਇਤਿਹਾਸਕ ਤੱਥਾਂ ਤੋਂ ਪ੍ਰਾਪਤ ਕੀਤੀ ਜਾਣਕਾਰੀ ਮੁਤਾਬਕ ਕਾਬਲ ਇਲਾਕੇ ਦਾ ਇਕ ਮਸ਼ਹੂਰ ਵਪਾਰੀ ਸੇਠ ਕਰੋੜੀ ਮੱਲ, ਜੋ ਕਿ ਗੁਰੂ ਹਰਗੋਬਿੰਦ ਦਾ ਉਪਾਸ਼ਕ ਸੀ ਦੋ ਘੋੜਿਆਂ ਨੂੰ ਲੈ ਕੇ ਗੁਰੂ ਸਾਹਿਬ ਦੇ ਦਰਸ਼ਨਾਂ ਲਈ ਪੰਜਾਬ ਵੱਲ ਤੁਰ ਪਿਆ। ਰਸਤੇ ਵਿਚ ਇਨ੍ਹਾਂ ਦਰਿਆਈ ਘੋੜਿਆਂ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੁੰਦੀ ਰਹੀ ਅਤੇ ਕਈ ਵਪਾਰੀਆਂ ਨੇ ਜਾਂ ਅਮੀਰ ਬੰਦਿਆਂ ਨੇ ਸੇਠ ਕਰੋੜੀ ਮੱਲ ਤੋਂ ਇਨ੍ਹਾਂ ਘੋੜਿਆਂ ਨੂੰ ਖ਼ਰੀਦਣ ਦੀ ਕੋਸ਼ਿਸ਼ ਵੀ ਕੀਤੀ ਪਰ ਸੇਠ ਕਰੋੜੀ ਮੱਲ ਨੇ ਹਰੇਕ ਖ਼ਰੀਦਦਾਰ ਨੂੰ ਇਹ ਕਹਿ ਕੇ ਚੁੱਪ ਕਰਵਾ ਦਿੱਤਾ ਕਿ ਇਹ ਦੋਵੇਂ ਘੋੜੇ ਤਾਂ ਗੁਰੂ ਸਾਹਿਬ ਦੇ ਹਨ।

## ਬਿਧੀ ਚੰਦ ਨੂੰ ਸੌਂਪੀ ਡਿਊਟੀ

ਜਦ ਇਨ੍ਹਾਂ ਘੋੜਿਆਂ ਦੀ ਜਾਣਕਾਰੀ ਲਾਹੌਰ ਦੇ ਉਸ ਵੇਲੇ ਦੇ ਸੂਬੇਦਾਰ ਕਾਸਮ ਬੇਗ ਨੂੰ ਮਿਲੀ ਤਾਂ ਉਸ ਨੇ ਸੇਠ ਕਰੋੜੀ ਮੱਲ ਤੋਂ ਮੱਲੋ ਮੱਲੀ ਉਹ ਘੋੜੇ ਲੈ ਲਏ ਅਤੇ ਉਸ ਨੂੰ 2 ਲੱਖ 5 ਹਜ਼ਾਰ ਰੁਪਏ ਦੀ ਹੁੰਡੀ ਸ਼ਾਹੀ ਦਰਬਾਰ ਵਿਚ ਬੁਲਾ ਕੇ ਦੇ ਦਿੱਤੀ। ਇਨ੍ਹਾਂ ਘੋੜਿਆਂ ਦੀ ਜਾਣਕਾਰੀ ਕਾਸਮ ਬੇਗ ਨੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਨੂੰ ਵੀ ਦੇ ਦਿੱਤੀ।

ਉਦਾਸ ਮਨ ਨਾਲ ਅਤੇ ਭਰੀਆਂ ਅੱਖਾਂ ਨਾਲ ਜਦ ਸੇਠ ਕਰੋੜੀ ਮੱਲ ਨੇ ਗੁਰੂ ਹਰਗੋਬਿੰਦ ਦੇ ਸਾਹਮਣੇ ਪੇਸ਼ ਹੋ ਕੇ ਸਾਰੀ ਕਹਾਣੀ ਗੁਰੂਸਰ ਸੁਧਾਰ ਵਿਖੇ ਦੱਸੀ ਤਾਂ ਗੁਰੂ ਜੀ ਨੇ ਉਸ ਨੂੰ ਕਿਹਾ ਕਿ ਤੂੰ ਕਿਸੇ ਗੱਲ ਦੀ ਵੀ ਚਿੰਤਾ ਨਾ ਕਰ, ਤੇਰੇ ਘੋੜੇ ਗੁਰੂ ਘਰ ਵਿਚ ਪ੍ਰਵਾਨ ਹੋ ਚੁੱਕੇ ਹਨ ਅਤੇ ਆਪਣੇ ਆਪ ਗੁਰੂ ਘਰ ਵਿਚ ਆ ਜਾਣਗੇ। ਉਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਇਕ ਹੋਰ ਸਿੱਖ ਭਾਈ ਬਿਧੀ ਚੰਦ ਦੀ ਜ਼ਿੰਮੇਵਾਰੀ ਲਗਾ ਦਿੱਤੀ ਕਿ ਲਾਹੌਰ ਦਰਬਾਰ ਵਿੱਚੋਂ ਦੋਵੇਂ ਘੋੜੇ ਲੈ ਕੇ ਆਵੇ।

## ਬਿਧੀ ਚੰਦ ਦੀ ਸਕੀਮ

ਗੁਰੂ ਦੇ ਹੁਕਮ ਮਿਲਦੇ ਹੀ ਭਾਈ ਬਿਧੀ ਚੰਦ ਲਾਹੌਰ ਵੱਲ ਕੂਚ ਕਰ ਗਿਆ ਅਤੇ ਕੁਝ ਦਿਨਾਂ ਦੇ ਅੰਦਰ-ਅੰਦਰ ਹੀ ਉਹ ਘਸੇਰਾ ਬਣ ਕੇ ਘਾਹ ਲਿਆ ਕੇ ਵੇਚਣ ਲੱਗ ਪਿਆ ਅਤੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ, ਜਿੱਥੇ ਦੋਵੇਂ ਘੋੜੇ ਰੱਖੇ ਹੋਏ ਸਨ, ਆਉਣਾ ਜਾਣਾ ਸ਼ੁਰੂ ਕਰ ਦਿੱਤਾ ਅਤੇ ਉਥੋਂ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨਾਲ ਵਿਸ਼ਵਾਸ ਪੈਦਾ ਕਰ ਲਿਆ।

ਕੁਝ ਦਿਨਾਂ ਬਾਅਦ ਈਦ ਵਾਲੇ ਦਿਨ ਭਾਈ ਬਿਧੀ ਚੰਦ ਨੇ ਸ਼ਾਹੀ ਦਰਬਾਰ ਦੇ ਤਬੇਲੇ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨੂੰ ਕਿਸੇ ਨਸ਼ੇ ਵਾਲੀ ਚੀਜ਼ ਦਾ ਸੇਵਨ ਕਰਵਾ ਕੇ ਮਦਹੋਸ਼ ਕਰ ਦਿੱਤਾ ਅਤੇ ਰਾਤ ਨੂੰ ਗੁਲਬਾਗ ਘੋੜਾ ਲੈ ਕੇ ਉੱਥੋਂ ਚੱਲ ਪਿਆ ਅਤੇ ਮਾਲਵੇ ਦੇ ਭਾਈਰੂਪੇ ਪਿੰਡ ਵਿਚ ਗੁਰੂ ਸਾਹਿਬ ਦੇ ਹਵਾਲੇ ਕਰ ਦਿੱਤਾ।

ਉਸ ਤੋਂ ਬਾਅਦ ਦੂਜਾ ਘੋੜਾ ਲੈ ਕੇ ਆਉਣ ਲਈ ਭਾਈ ਬਿਧੀ ਚੰਦ ਨੇ ਜੋਤਸ਼ੀ ਜਾਂ ਨਜੂਮੀ ਦਾ ਰੂਪ ਧਾਰਨ ਕਰ ਕੇ ਇਕ ਵਾਰ ਫਿਰ ਲਾਹੌਰ ਦੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ ਆਪਣਾ ਆਉਣਾ ਜਾਣਾ ਸ਼ੁਰੂ ਕਰ ਦਿੱਤਾ। ਕੁਝ ਦਿਨਾਂ ਵਿਚ ਹੀ ਦਿਲਬਾਗ ਘੋੜਾ ਗੁਰੂ ਹਰਗੋਬਿੰਦ ਦੇ ਚਰਨਾਂ ਵਿਚ ਪਿੰਡ ਕਾਂਗੜ ਵਿਖੇ ਹਾਜ਼ਰ ਕਰ ਦਿੱਤਾ। ਗੁਰੂ ਜੀ ਕੋਲ ਜਦ ਇਹ ਦੋਵੇਂ ਘੋੜੇ ਪਹੁੰਚ ਗਏ ਤਾਂ ਉਨ੍ਹਾਂ ਨੇ ਦਿਲਬਾਗ ਦਾ ਨਾਂ ਜਾਨ ਭਾਈ ਰੱਖਿਆ ਅਤੇ ਗੁਲਬਾਗ ਦਾ ਨਾਂ ਸੁਹੇਲਾ ਰੱਖਿਆ।

## ਦੂਜੇ ਘੋੜੇ ਲਈ ਤਿਆਰੀ

ਜਦ ਭਾਈ ਬਿਧੀ ਚੰਦ ਦੂਸਰਾ ਘੋੜਾ ਲਾਹੌਰ ਦੇ ਸ਼ਾਹੀ ਦਰਬਾਰ ਵਿੱਚੋਂ ਲੈ ਕੇ ਆ ਰਿਹਾ ਸੀ ਤਾਂ ਉਸ ਨੇ ਸ਼ਾਹੀ ਦਰਬਾਰ ਦੇ ਪਹਿਰੇਦਾਰਾਂ, ਸੈਨਿਕਾਂ ਤੇ ਹੋਰ ਉੱਚ ਕੋਟੀ ਦੇ ਕਰਮਚਾਰੀਆਂ ਨੂੰ ਦੱਸ ਦਿੱਤਾ ਕਿ ਇਹ ਘੋੜੇ ਗੁਰੂ ਜੀ ਦੇ ਸਨ ਅਤੇ ਉਹ ਇਹ ਘੋੜੇ ਗੁਰੂ ਜੀ ਕੋਲ ਮਾਲਵੇ ਦੀ ਧਰਤੀ 'ਤੇ ਲੈ ਕੇ ਚੱਲਿਆ ਹੈ। ਉਸ ਨੇ ਇਹ ਵੀ ਐਲਾਨ ਕਰ ਦਿੱਤਾ ਕਿ ਉਹ ਗੁਰੂ ਦਾ ਸਿੰਘ ਬਿਧੀ ਚੰਦ ਹੈ ਜੇ ਕਿਸੇ ਵਿਚ ਤਾਕਤ ਹੈ ਤਾਂ ਉਸ ਦਾ ਪਿੱਛਾ ਕਰ ਕੇ ਦੇਖ ਲਵੇ। ਜਦ ਭਾਈ ਬਿਧੀ ਚੰਦ ਨੇ ਗੁਰੂ ਜੀ ਨੂੰ ਇਹ ਸਾਰੀ ਕਹਾਣੀ ਦੱਸੀ ਤਾਂ ਗੁਰੂ ਜੀ ਨੇ ਉਨ੍ਹਾਂ ਕੋਲ ਬੈਠੇ ਭਾਈ ਰਾਏ ਜੋਧ ਨੂੰ ਕਿਹਾ ਕਿ ਮੁਗ਼ਲ ਫ਼ੌਜ ਯੁੱਧ ਕਰਨ ਪਿੱਛੇ ਅਵੱਸ਼ ਆਵੇਗੀ ਇਸ ਕਰਕੇ ਕੋਈ ਇਸ ਤਰ੍ਹਾਂ ਦੀ ਜਗ੍ਹਾ ਦੱਸੀ ਜਾਵੇ, ਜਿੱਥੇ ਯੁੱਧ ਲੜ ਕੇ ਮੁਗ਼ਲ ਫ਼ੌਜ 'ਤੇ ਫ਼ਤਹਿ ਪ੍ਰਾਪਤ ਕੀਤੀ ਜਾ ਸਕੇ।

## ਯੁੱਧ ਦੀ ਤਿਆਰੀ

ਰਾਏ ਜੋਧ ਦੇ ਕਹਿਣ 'ਤੇ ਗੁਰੂ ਜੀ ਨੇ ਮਹਿਰਾਜ ਵਿਖੇ ਆਪਣੇ ਤੰਬੂ ਗੱਡ ਲਏ ਕਿਉਂਕਿ ਇਸ ਦੇ ਲਾਗੇ ਹੀ ਪਾਣੀ ਦੀ ਢਾਬ ਸੀ ਜਿਸ ਨੂੰ ਕਾਲੂ ਨਾਥ ਦੀ ਰੰਗਾ ਵੀ ਕਹਿੰਦੇ ਸਨ, ਇਹ ਇਲਾਕਾ ਯੁੱਧ ਨੀਤੀ ਦੇ ਪੱਖੋਂ ਪਰਪੱਕ ਸੀ। ਇਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਸਿੰਘ ਇਕੱਠੇ ਕਰਨੇ ਸ਼ੁਰੂ ਕਰ ਦਿੱਤੇ ਅਤੇ ਥੋੜ੍ਹੇ ਸਮੇਂ ਵਿਚ ਹੀ ਗੁਰੂ ਜੀ ਕੋਲ ਰਾਏ ਜੋਧ, ਸਲੇਮ ਸ਼ਾਹ, ਭਾਈ ਜੇਠਾ, ਭਾਈ ਮੰਝ, ਭਾਈ ਮਿੱਤ੍ਰ, ਭਾਈ ਭੈਮਾ, ਭਾਈ ਕਟਾਰਾ, ਭਾਈ ਭਾਗੂ, ਭਾਈ ਭਾਗਾ, ਭਾਈ ਬਿਧੀ ਚੰਦ ਅਤੇ ਭਾਈ ਜੈਤਾ ਆਪਣੀ ਸਿੱਖ ਫ਼ੌਜ ਸਮੇਤ ਹਾਜ਼ਰ ਹੋ ਗਏ। ਇਸ ਇਲਾਕੇ ਦੇ ਬਸ਼ਿੰਦਿਆਂ ਨੇ ਗੁਰੂ ਜੀ ਦੀ ਅਤੇ ਸਿੰਘਾਂ ਦੀ ਫ਼ੌਜ ਰਸਦ ਦਾ ਇੰਤਜ਼ਾਮ ਬਹੁਤ ਵੱਡੀ ਤਾਦਾਦ ਵਿਚ ਕਰ ਦਿੱਤਾ।

ਮੁਗ਼ਲ ਅਤੇ ਤੁਰਕ ਫ਼ੌਜਾਂ ਦੇ ਲਗਪਗ 35 ਹਜ਼ਾਰ ਸਿਪਾਹੀ ਚੋਣਵੇਂ ਜਰਨੈਲਾਂ, ਜਿਨ੍ਹਾਂ ਵਿਚ ਲਾਲ ਬੇਗ, ਉਸ ਦਾ ਭਰਾ ਕਮਰ ਬੇਗ, ਕਾਬਲੀ ਬੇਗ, ਇਸਮਾਈਲ ਖ਼ਾਨ, ਨਾਹਰ ਖ਼ਾਨ, ਜ਼ਾਲਮ ਖ਼ਾਨ ਅਤੇ ਸ਼ਮਸ਼ ਬੇਗ ਦੀ ਕਮਾਨ ਹੇਠ ਮਹਿਰਾਜ ਦੇ ਲਾਗੇ ਪਹੁੰਚ ਗਏ ਅਤੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਦੇ ਹੁਕਮ 'ਤੇ ਗੁਰੂ ਹਰਗੋਬਿੰਦ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਲੜਾਈ ਦੇ ਮੈਦਾਨ ਵਿਚ ਮਾਰਨ ਲਈ ਤਿਆਰੀ ਕਰਨ ਲੱਗ ਪਏ।

ਮੁਗ਼ਲ ਫ਼ੌਜਾਂ ਬਹੁਤ ਵੱਡੀ ਗਿਣਤੀ ਵਿਚ ਗੁਰੂ ਜੀ 'ਤੇ ਹਮਲਾ ਕਰਨ ਲਈ ਮਹਿਰਾਜ ਵਿਖੇ ਲਾਹੌਰ ਤੋਂ ਚੱਲ ਕੇ ਹਰੀਕੇ ਪੱਤਣ ਸਤਲੁਜ ਦਰਿਆ ਪਾਰ ਕਰ ਕੇ ਪਹੁੰਚ ਗਈਆਂ। ਜਦ ਮੁਗ਼ਲ ਫ਼ੌਜਾਂ ਕੌੜੀਆਂ ਦੀ ਮਾੜੀ ਲਾਗੇ ਪਾਣੀ ਦੀ ਭਾਲ ਵਿਚ ਰਾਤ ਦੇ ਸਮੇਂ ਪਹੁੰਚੀਆਂ ਤਾਂ ਗੁਰੂ ਹਰਗੋਬਿੰਦ ਦੇ ਸਿੰਘ ਜੋ ਪੂਰੀ ਵਿਉਂਤਬੰਦੀ ਕਰ ਕੇ ਛੋਟੇ-ਛੋਟੇ ਜੱਥਿਆਂ ਦੇ ਰੂਪ ਵਿਚ ਉਸ ਇਲਾਕੇ ਵਿਚ ਪੂਰੀ ਤਿਆਰੀ ਨਾਲ ਬੈਠੇ ਸਨ ਅਤੇ ਇਸ ਮੌਕੇ ਦੀ ਤਲਾਸ਼ ਵਿਚ ਸਨ, ਇਕਦਮ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਥੋੜ੍ਹੇ ਸਮੇਂ ਵਿਚ ਹੀ ਬਹੁਤ ਵੱਡੀ ਗਿਣਤੀ ਵਿਚ ਮੁਗ਼ਲ ਫ਼ੌਜਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਹਜ਼ਾਰਾਂ ਮੁਗ਼ਲ ਫ਼ੌਜੀਆਂ ਦੀ ਮੌਤ ਦੇ ਪਿੱਛੋਂ ਇਨ੍ਹਾਂ ਦੇ ਜਰਨੈਲ ਲਾਲ ਬੇਗ ਨੇ ਆਪਣੇ ਭਰਾ ਕਮਰ ਬੇਗ ਨੂੰ 7 ਹਜ਼ਾਰ ਫ਼ੌਜੀਆਂ ਨਾਲ ਸਿੰਘਾਂ ਦਾ ਮੁਕਾਬਲਾ ਕਰਨ ਲਈ ਕਹਿ ਦਿੱਤਾ ਅਤੇ ਆਪ ਹੋਰ ਫ਼ੌਜੀ ਅਫ਼ਸਰਾਂ ਦੇ ਲਈ ਤੰਬੂ, ਰਸਦ ਅਤੇ ਹੋਰ ਇੰਤਜ਼ਾਮਾਂ ਵਿਚ ਰੁੱਝ ਗਿਆ ਪਰ ਸਿੰਘਾਂ ਦੀ ਦੇਗ ਚਲਾਉਣ ਦੀ ਗਤੀ ਨੂੰ ਵੇਖ ਕੇ ਮੁਗ਼ਲ ਫ਼ੌਜੀ ਅਫ਼ਸਰ ਭੈਭੀਤ ਹੋ ਗਏ ਅਤੇ ਯੁੱਧ ਦੇ ਮੈਦਾਨ ਵਿੱਚੋਂ ਦੂਰ ਜਾ ਕੇ ਅੱਗ ਸੇਕ ਕੇ ਠੰਢ ਨੂੰ ਦੂਰ ਕਰਨ ਲੱਗ ਪਏ।

## ਮੁਗ਼ਲ ਫ਼ੌਜ ਦੇ ਛੱਕੇ ਛੁਡਾਏ

ਗੁਰੂ ਦੇ ਸਿੰਘ ਯੋਧੇ ਜਿਨ੍ਹਾਂ ਵਿਚ ਰਾਏ ਜੋਧ ਅਤੇ ਸਲੇਮ ਸ਼ਾਹ ਆਪਣੀ ਪੰਜ-ਪੰਜ ਸੌ ਫ਼ੌਜੀਆਂ ਦੀ ਟੁਕੜੀ ਨਾਲ ਲੜਾਈ ਲੜ ਰਹੇ ਸਨ, ਨੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾ ਦਿੱਤੇ ਅਤੇ ਕੁਝ ਘੰਟਿਆਂ ਵਿਚ ਹੀ ਲੜਾਈ ਦਾ ਮੈਦਾਨ ਮੁਗ਼ਲ ਫ਼ੌਜਾਂ ਦੇ ਸਿਪਾਹੀਆਂ ਦੇ ਅਤੇ ਉਨ੍ਹਾਂ ਦੇ ਘੋੜਿਆਂ ਦੇ ਕੱਟੇ ਹੋਏ ਅੰਗਾਂ ਨਾਲ ਭਰ ਗਿਆ। ਮੁਗ਼ਲ ਫ਼ੌਜੀ ਹਨੇਰੀ ਤੇ ਠੰਢੀ ਰਾਤ ਨੂੰ ਲੜਾਈ ਦੇ ਮੈਦਾਨ 'ਚ ਤਾਸ਼ ਦੇ ਪੱਤਿਆਂ ਵਾਂਗ ਧਰਤੀ 'ਤੇ ਡਿੱਗ ਰਹੇ ਸਨ। ਇਸ ਤਰ੍ਹਾਂ ਸਿੰਘ ਯੋਧਿਆਂ ਨੇ 7 ਹਜ਼ਾਰ ਮੁਗ਼ਲ ਫ਼ੌਜਾਂ ਦੀ ਟੁਕੜੀ ਨੂੰ ਲੜਾਈ ਦੇ ਮੈਦਾਨ ਵਿੱਚੋਂ ਸਾਫ਼ ਕਰ ਦਿੱਤਾ।

ਦੂਸਰੇ ਦਿਨ ਫਿਰ ਲਾਲ ਬੇਗ, ਕਮਰ ਬੇਗ ਅਤੇ ਕੁਝ ਚੋਣਵੇਂ ਜਰਨੈਲ ਸਵੇਰੇ ਹੀ 8000 ਫ਼ੌਜੀਆਂ ਦੀ ਟੁਕੜੀ ਲੈ ਕੇ ਯੁੱਧ ਦੇ ਮੈਦਾਨ ਵਿਚ ਕੁੱਦ ਪਏ। ਸਿੰਘ ਯੋਧੇ, ਜਿਨ੍ਹਾਂ ਦਾ ਹੌਸਲਾ ਚੜ੍ਹਦੀਕਲਾ ਵਿਚ ਸੀ ਬਗ਼ੈਰ ਕਿਸੇ ਸਮੇਂ ਦੀ ਬਰਬਾਦੀ ਤੋਂ ਫਿਰ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਕੁੱਝ ਹੀ ਘੰਟਿਆਂ ਵਿਚ 8000 ਫ਼ੌਜੀਆਂ ਨੂੰ ਵੀ ਜੀਵਨ ਮੁਕਤੀ ਦੇ ਦਿੱਤੀ।

## ਕਰੋ ਜਾਂ ਮਰੋ ਦੀ ਰਣਨੀਤੀ

8000 ਮੁਗ਼ਲ ਫ਼ੌਜੀਆਂ ਦੇ ਮਾਰੇ ਜਾਣ ਪਿੱਛੋਂ ਲਾਲ ਬੇਗ ਨੇ ਆਪਣੇ ਭਾਣਜੇ ਕਾਬਲੀ ਬੇਗ ਨਾਲ ਸਲਾਹ ਕੀਤੀ ਕਿ ਹੁਣ ਗੁਰੂ ਹਰਗੋਬਿੰਦ ਤੇ ਉਸ ਦੀਆਂ ਫ਼ੌਜਾਂ 'ਤੇ ਅਗਲੇ ਦਿਨ ਹਮਲਾ ਕਰੋ ਜਾਂ ਮਰੋ ਦੀ ਰਣਨੀਤੀ ਨਾਲ ਕੀਤਾ ਜਾਵੇਗਾ ਤਾਂ ਕਿ ਗੁਰੂ ਹਰਗੋਬਿੰਦ ਉੱਤੇ ਇਸ ਯੁੱਧ ਵਿਚ ਜਿੱਤ ਪ੍ਰਾਪਤ ਕੀਤੀ ਜਾ ਸਕੇ। ਪਰ ਲਾਲ ਬੇਗ ਦੇ ਦੋ ਪੁੱਤਰ ਕਾਸਮ ਬੇਗ ਅਤੇ ਸ਼ਮਸ਼ ਬੇਗ, ਜਿਹੜੇ ਬਹੁਤ ਗੁੱਸੇ ਵਿਚ ਸਨ, ਆਪਣੇ ਪਿਤਾ ਦੀ ਗੱਲ ਨਾ ਮੰਨਦੇ ਹੋਏ ਇਸ ਗੱਲ 'ਤੇ ਬਾਜ਼ਿੱਦ ਹੋ ਗਏ ਕਿ ਗੁਰੂ ਦੇ ਸਿੰਘਾਂ 'ਤੇ ਹਮਲਾ ਅੱਜ ਰਾਤ ਨੂੰ ਹੀ ਕਈ ਹਜ਼ਾਰ ਫ਼ੌਜ ਦੀ ਟੁਕੜੀ ਲੈ ਕੇ ਕੀਤਾ ਜਾਵੇਗਾ।

ਇਸ ਹਮਲੇ ਦਾ ਮੂੰਹ ਤੋੜ ਜਵਾਬ ਦੇਣ ਲਈ ਇਕ ਹਜ਼ਾਰ ਸਿੰਘ ਯੋਧਿਆਂ ਦਾ ਇਕ ਜਥਾ ਭਾਈ ਬਿਧੀ ਚੰਦ ਦੀ ਅਗਵਾਈ ਹੇਠ ਲੜਾਈ ਦੇ ਮੈਦਾਨ ਵਿਚ ਆ ਗਿਆ ਅਤੇ ਉਨ੍ਹਾਂ ਨੇ ਇਸ ਤਰ੍ਹਾਂ ਤੇਗ਼ ਵਾਹੀ ਕਿ ਦਿਨ ਚੜ੍ਹਦੇ ਨੂੰ ਮੁਗ਼ਲ ਫ਼ੌਜਾਂ ਵਿਚ ਭਾਜੜ ਪਾ ਦਿੱਤੀ ਅਤੇ ਲਾਸ਼ਾਂ ਦੇ ਢੇਰ ਵਿਛਾ ਦਿੱਤੇ। ਅਸਮਾਨ ਵਿਚ ਗਿਰਜਾਂ ਮੰਡਰਾਉਣ ਲੱਗ ਪਈਆਂ ਅਤੇ ਧਰਤੀ ਦਾ ਰੰਗ ਲਾਲ ਕਰ ਦਿੱਤਾ।

## ਗੁਰੂ ਜੀ ਮੈਦਾਨ 'ਚ ਕੁੱਦੇ

ਲਗਪਗ 25 ਹਜ਼ਾਰ ਮੁਗ਼ਲ ਫ਼ੌਜੀ ਮਰਵਾਉਣ ਪਿੱਛੋਂ ਲਾਲ ਬੇਗ 10 ਹਜ਼ਾਰ ਫ਼ੌਜੀਆਂ ਨਾਲ ਸਿੰਘ ਯੋਧਿਆਂ ਉੱਤੇ ਫਿਰ ਚੜ੍ਹਾਈ ਕਰਨ ਲੱਗ ਪਿਆ। ਇਸ ਦਾ ਜਵਾਬ ਦੇਣ ਲਈ ਰਾਏ ਜੋਧ, ਉਸਦਾ ਭਰਾ ਅਤੇ ਚਾਚਾ ਅੱਗੇ ਆਏ ਅਤੇ ਮੁਕਾਬਲਾ ਕੀਤਾ। ਗੁਰੂ ਜੀ ਖ਼ੁਦ ਸੁਹੇਲੇ ਤੇ ਸਵਾਰ ਹੋ ਕੇ ਮੈਦਾਨ ਵਿਚ ਕੁੱਦ ਪਏ ਅਤੇ ਆਪਣੇ ਸੂਹੀਏ ਤੋਂ ਸਾਰੀ ਜਾਣਕਾਰੀ ਲੈ ਕੇ ਸਭ ਤੋਂ ਪਹਿਲਾ ਤੀਰ ਲਾਲ ਬੇਗ 'ਤੇ ਛੱਡ ਦਿੱਤਾ। ਲਾਲ ਬੇਗ ਦੇ ਸਿਰ ਦਾ ਤਾਜ ਉਡ ਕੇ ਧਰਤੀ 'ਤੇ ਡਿੱਗ ਪਿਆ। ਗੁਰੂ ਜੀ ਵੱਲੋਂ ਕੀਤੀ ਤੀਰਾਂ ਦੀ ਬੁਛਾੜ ਨੇ ਮੁਗ਼ਲਾਂ ਦੇ ਹੋਸ਼ ਉਡਾ ਦਿੱਤੇ ਅਤੇ ਉਨ੍ਹਾਂ ਵਿਚ ਕੰਬਣੀ ਛੇੜ ਦਿੱਤੀ। ਮੁਗ਼ਲ ਫ਼ੌਜਾਂ ਦੇ ਵੱਡੇ-ਵੱਡੇ ਅਧਿਕਾਰੀ, ਜੋ ਆਪਣੇ ਆਪ ਨੂੰ ਮਹਾਨ ਯੋਧਾ ਅਖਵਾਉਂਦੇ ਸਨ, ਢਹਿ ਢੇਰੀ ਹੋਣ ਲੱਗ ਪਏ।

ਭਾਵੇਂ ਗੁਰੂ ਜੀ ਇਸ ਯੁੱਧ ਵਿਚ ਜ਼ਖ਼ਮੀ ਹੋ ਗਏ ਪਰ ਉਨ੍ਹਾਂ ਨੇ ਕਾਬਲੀ ਬੇਗ 'ਤੇ ਇਸ ਤਰ੍ਹਾਂ ਦਾ ਵਾਰ ਕੀਤਾ ਕਿ ਉਸ ਦੇ ਦੋ ਟੋਟੇ ਕਰ ਦਿੱਤੇ। ਉਧਰ ਰਾਏ ਜੋਧ ਨੇ ਕਮਰ ਬੇਗ ਦੀ ਸਾਂਗ ਨਾਲ ਛਾਤੀ ਪਾੜ ਕੇ ਉਸ ਦੇ ਦੋ ਟੋਟੇ ਕਰ ਦਿੱਤੇ। ਇਸ ਤੋਂ ਇਲਾਵਾ ਗੁਰੂ ਦੇ ਸਿੰਘ ਭਲਣ ਨੇ ਸ਼ਮਸ਼ ਬੇਗ ਅਤੇ ਰਾਏ ਲਾਲ ਨੇ ਕਾਸਮ ਬੇਗ ਨੂੰ ਬਰਛਿਆਂ ਨਾਲ ਮਾਰ ਦਿੱਤਾ।

ਇਨ੍ਹਾਂ ਮੁਗ਼ਲ ਜਰਨੈਲਾਂ ਦੀ ਮੌਤ ਤੋਂ ਬਾਅਦ ਕੁਝ ਹੋਰ ਮੁਗ਼ਲ ਜਰਨੈਲ ਗੁੱਲ ਖ਼ਾਂ, ਅਸਮਾਈਲ ਖ਼ਾਂ, ਅਬਦਾਲੀ, ਜ਼ਾਲਮ ਖ਼ਾਂ, ਨਾਹਰ ਖ਼ਾਂ ਅਤੇ ਹਬਸ਼ੀ ਜੋ ਬੜੇ ਜ਼ੋਰਾਵਰ ਲੜਾਕੇ ਅਖਵਾਉਂਦੇ ਸਨ, ਨੇ ਲਾਲ ਬੇਗ ਦੀ ਅਗਵਾਈ ਹੇਠਾਂ ਸਿੱਖ ਯੋਧਿਆਂ 'ਤੇ ਫਿਰ ਹਮਲਾ ਬੋਲ ਦਿੱਤਾ।

ਸਿੱਖ ਯੋਧੇ ਜਿਨ੍ਹਾਂ ਵਿਚ ਸਲੇਮ ਸ਼ਾਹ, ਭਾਈ ਬਿਧੀ ਚੰਦ ਚੌਧਰੀ ਚੂਹੜ, ਦੁਲਟ, ਭਾਈ ਜੈਤਾ ਜੋ ਗੁਰੂ ਜੀ ਦਾ ਸ਼ੇਰ ਅਖਵਾਉਂਦਾ ਸੀ, ਭਗਤਾ ਅਤੇ ਨੰਦਾ, ਇਸ ਲੜਾਈ ਵਿਚ ਬੜੀ ਦਲੇਰੀ ਨਾਲ ਦਿਲ ਖੋਲ੍ਹ ਕੇ ਲੜੇ ਅਤੇ ਆਪਣੀ ਜਾਨ ਤਲੀ 'ਤੇ ਧਰਦੇ ਹੋਏ ਇਸ ਤਰ੍ਹਾਂ ਤੇਗਾਂ ਵਾਹੁੰਦੇ ਰਹੇ ਕਿ ਮੁਗ਼ਲ ਫ਼ੌਜਾਂ ਉਨ੍ਹਾਂ ਲਈ ਰਾਹ ਛੱਡਦੀਆਂ ਰਹੀਆਂ।

## ਫ਼ੌਜ ਦੇ ਕੀਤੇ ਦੰਦੇ ਖੱਟੇ

ਭਾਵੇਂ ਗੁਰੂ ਜੀ ਇਸ ਯੁੱਧ ਦੌਰਾਨ ਜ਼ਖ਼ਮੀ ਹੋ ਗਏ ਸਨ ਪਰ ਫਿਰ ਵੀ ਉਨ੍ਹਾਂ ਨੇ ਮੁਗ਼ਲ ਜਰਨੈਲਾਂ ਨੂੰ ਮੂੰਹ ਤੋੜ ਜਵਾਬ ਦੇਣ ਲਈ ਯੁੱਧ ਦੇ ਮੈਦਾਨ ਵਿਚ ਆ ਕੇ ਮੁਗ਼ਲਾਂ ਦੇ ਛੱਕੇ ਛੁਡਾਉਣੇ ਸ਼ੁਰੂ ਕਰ ਦਿੱਤੇ। ਥੋੜ੍ਹੇ ਜਿਹੇ ਹੀ ਚਿਰ ਪਿੱਛੋਂ 18 ਸੇਰ ਦੇ ਖੰਡੇ ਨਾਲ ਗੁਰੂ ਜੀ ਨੇ ਲਾਲ ਬੇਗ ਤੇ ਇਸ ਤਰ੍ਹਾਂ ਦਾ ਵਾਰ ਕੀਤਾ ਕਿ ਉਸ ਦੇ ਦੋ ਫਾੜ੍ਹ ਹੋ ਗਏ। ਦੂਜੇ ਪਾਸੇ ਭੱਲਣ ਸਿੰਘ ਨੇ ਹਬਸ਼ੀ ਮੁਗ਼ਲ ਲੜਾਕੂ ਨੂੰ ਆਪਣੀ ਸਾਂਗ ਨਾਲ ਮਾਰ ਕੇ ਉਸ ਵਿਚ ਹੀ ਪਰੋ ਲਿਆ। ਭਾਈ ਬਿਧੀ ਚੰਦ ਨੇ ਗੁਲਾਬ ਖ਼ਾਂ ਨੂੰ, ਰਾਏ ਲਾਲ ਨੇ ਇਸਮਾਈਲ ਖ਼ਾਂ ਨੂੰ, ਭਾਈ ਜੈਤੇ ਨੇ ਬਹਿਲੋਲ ਅਤੇ ਰਾਏ ਜੋਧ ਨੇ ਕਮਰ ਬੇਗ ਨੂੰ ਮਾਰ ਕੇ ਮੁਗ਼ਲ ਫ਼ੌਜਾਂ ਦੇ ਦੰਦ ਖੱਟੇ ਕਰ ਦਿੱਤੇ। ਇਸ ਲੜਾਈ ਵਿਚ ਭਾਈ ਜੇਠਾ, ਜੋ ਕਿ ਗੁਰੂ ਦਾ ਸ਼ੇਰ ਅਖਵਾਉਂਦਾ ਸੀ, ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਸ਼ਹੀਦੀ ਪ੍ਰਾਪਤ ਕਰ ਗਿਆ।

## ਯੁੱਧ ਦੀ ਸਮਾਪਤੀ

ਗਹਿਗੱਚ ਅਤੇ ਘਮਾਸਾਨ ਯੁੱਧ ਦੀ ਸਮਾਪਤੀ ਪਿੱਛੋਂ ਗੁਰੂ ਜੀ ਨੇ ਆਪਣੇ ਅਤੇ ਪਰਾਏ ਸਾਰੇ ਜ਼ਖ਼ਮੀਆਂ ਦੀ ਮੱਲ੍ਹਮ ਪੱਟੀ ਕਰ ਕੇ ਇਲਾਜ ਕੀਤਾ ਅਤੇ ਸੰਗਤਾਂ ਨੂੰ ਹੁਕਮ ਦਿੱਤਾ ਕਿ ਖੂਹ ਪੁੱਟ ਕੇ ਮਰੇ ਹੋਏ ਫ਼ੌਜੀਆਂ ਨੂੰ ਹਥਿਆਰਾਂ ਸਮੇਤ ਦਫਨਾਉਣ ਦਾ ਕਾਰਜ ਕਰੋ ਅਤੇ ਇਸ ਥਾਂ 'ਤੇ ਆ ਕੇ ਗੁਰੂ ਜੀ ਨੇ ਆਪਣਾ ਘੋੜਾ ਬੇਰੀ ਨਾਲ ਬੰਨ੍ਹਿਆ, ਜੋ ਅੱਜ ਵੀ ਮੌਜੂਦ ਹੈ। ਇਸ ਬੇਰੀ ਦੀ ਵਿਲੱਖਣਤਾ ਇਹ ਹੈ ਕਿ ਇਸ ਬੇਰੀ ਦੀ ਟਾਹਣੀ, ਜਿੱਥੇ ਵੀ ਧਰਤੀ ਨਾਲ ਲੱਗਦੀ ਹੈ, ਉੱਥੇ ਹੀ ਨਵੀਂ ਬੇਰੀ ਫੁੱਟ ਪੈਂਦੀ ਹੈ। ਇਸ ਬੇਰੀ ਦੀ ਸਾਂਭ ਸੰਭਾਲ ਲਈ ਮਾਹਿਰਾਂ ਦੀ ਵੀ ਮਦਦ ਲਈ ਜਾਂਦੀ ਹੈ।

ਮੁਗ਼ਲ ਫ਼ੌਜੀਆਂ ਨੂੰ ਦਫਨਾਉਣ ਤੋਂ ਪਿੱਛੋਂ ਉਸ ਖੂਹ ਨੂੰ ਬੰਦ ਕਰਵਾ ਕੇ ਉਸ ਉੱਪਰ ਇਕ ਉੱਚਾ ਥੜ੍ਹਾ ਬਣਵਾ ਕੇ ਸਾਰੇ ਸ਼ਹੀਦ ਸਿੰਘ ਯੋਧਿਆਂ ਦਾ ਆਪਣੇ ਹੱਥੀਂ ਸੰਸਕਾਰ ਕੀਤਾ। ਅੱਜ ਕਲ੍ਹ ਇੱਥੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੌਜੂਦ ਹਨ। ਇਸ ਗੁਰਦੁਆਰਾ ਸਾਹਿਬ ਵਿਚ ਗੁਰੂ ਹਰਗੋਬਿੰਦ ਦੀ ਜੋਤ ਸਦਾ ਜਗਦੀ ਰਹਿੰਦੀ ਹੈ। ਇਸ ਤੋਂ ਬਾਅਦ ਗੁਰੂ ਜੀ ਕੁਝ ਦਿਨ ਇਸੇ ਧਰਤੀ 'ਤੇ ਬਿਰਾਜਮਾਨ ਰਹੇ ਅਤੇ ਕੁਰੂਕਸ਼ੇਤਰ ਦੀ ਧਰਤੀ ਹੋਣ ਦਾ ਵਰ ਦਿੱਤਾ ਅਤੇ ਗੁਰੂਸਰ ਦਾ ਨਾਮ ਦਿੱਤਾ। ਇਸ ਪਾਕ ਪਵਿੱਤਰ ਜਗ੍ਹਾ ਦੀ ਦੇਖਰੇਖ ਲਈ ਇਕ ਸਿੱਖ ਨੂੰ ਜ਼ਿੰਮੇਵਾਰੀ ਦਿੱਤੀ ਗਈ।

## ਗੁਰੂ ਜੀ ਵੱਲੋਂ ਸਨਮਾਨ

ਲੜਾਈ ਉਪਰੰਤ ਗੁਰੂ ਨੇ ਭਾਈ ਬਿਧੀ ਚੰਦ, ਭਾਈ ਰਾਏ ਜੋਧ ਅਤੇ ਹੋਰ ਸਿੰਘ ਯੋਧਿਆਂ ਨੂੰ ਵਿਸ਼ੇਸ਼ ਸਨਮਾਨ ਨਾਲ ਵੀ ਨਿਵਾਜਿਆ। ਨਾਭਾ ਰਿਆਸਤ ਦੇ ਰਾਜੇ ਮਹਾਰਾਜਾ ਹੀਰਾ ਸਿੰਘ ਨੇ ਇਸ ਪਵਿੱਤਰ ਥਾਂ 'ਤੇ ਜਿੱਥੇ ਗੁਰੂ ਜੀ ਨੇ ਤੰਬੂ ਗੱਡੇ ਸਨ 1871 ਤੋਂ ਲੈ ਕੇ 1911 ਵਿਚ ਗੁਰਦੁਆਰਾ ਸਾਹਿਬ ਦੀ ਉਸਾਰੀ ਕੀਤੀ। 1980 ਵਿਚ ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਕਾਰ ਸੇਵਾ ਕਰ ਕੇ ਸੰਭਾਲ ਕੀਤੀ ਗਈ।

ਫੋਟੋਆਂ : **ਯਸ਼ਵੀਰ ਗੋਇਲ**
9780436841

### ਸਿਧਾਂਤਾਂ ਤੇ ਚਿੰਨ੍ਹਾਂ ਦੀ ਉਤਪਤੀ

ਇਨ੍ਹਾਂ ਯੁੱਧਾਂ ਵਿੱਚੋਂ ਹੀ ਹਿੰਦੂ ਸਿੱਖ ਅਤੇ ਹੋਰ ਧਰਮਾਂ ਦੇ ਕਈ ਸਿਧਾਂਤ ਅਤੇ ਚਿੰਨ੍ਹ ਪੈਦਾ ਹੋਏ। ਜਿਸ ਤਰ੍ਹਾਂ ਮਹਾਭਾਰਤ ਦੇ ਯੁੱਧ ਵਿਚ ਭਗਵਾਨ ਕ੍ਰਿਸ਼ਨ ਨੇ ਅਰਜੁਨ ਨੂੰ ਉਪਦੇਸ਼ ਦਿੱਤਾ ਸੀ ਕਿ ਲੜਾਈ ਦੇ ਮੈਦਾਨ ਵਿਚ ਕੋਈ ਵੀ ਰਿਸ਼ਤੇਦਾਰ ਜਾਂ ਸਕਾ ਸੰਬੰਧੀ ਨਹੀਂ ਹੁੰਦਾ ਅਤੇ ਸਾਰੇ ਬਰਾਬਰ ਹੁੰਦੇ ਹਨ, ਉਸੇ ਤਰ੍ਹਾਂ ਹੀ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਨੇ ਮਹਿਰਾਜ ਵਿਚ ਹੋਈ ਮੁਗ਼ਲਾਂ ਦੀ ਲੜਾਈ ਜਿੱਤ ਕੇ ਸਿੱਖ ਸ਼ਰਧਾਲੂਆਂ ਨੂੰ ਇਹ ਸੰਦੇਸ਼ ਦਿੱਤਾ ਕਿ ਮੌਤ ਪਿੱਛੋਂ ਕੋਈ ਵੀ ਦੁਸ਼ਮਣ ਨਹੀਂ ਰਹਿ ਜਾਂਦਾ ਅਤੇ ਇਸ ਕਰਕੇ ਹਰੇਕ ਦੁਸ਼ਮਣ ਦੀ ਮੌਤ ਤੋਂ ਬਾਅਦ ਉਸ ਦਾ ਅੰਤਿਮ ਸੰਸਕਾਰ ਉਸ ਦੇ ਧਰਮ ਦੇ ਰੀਤੀ ਰਿਵਾਜਾਂ ਅਨੁਸਾਰ ਕੀਤਾ ਜਾਵੇ।



ਪਵਿੱਤਰ ਬੇਰੀ, ਜਿੱਥੇ ਗੁਰੂ ਸਾਹਿਬ ਨੇ ਆਪਣਾ ਘੋੜਾ ਬੰਨ੍ਹਿਆ ਸੀ।

### ਯੁੱਧਾਂ ਦੀ ਧਰਤ ਪੰਜਾਬ

ਅਣਵੰਡੇ ਪੰਜਾਬ ਦੇ ਕੋਨੇ-ਕੋਨੇ ਵਿਚ ਪੁਰਾਤਨ ਕਾਲ ਤੋਂ ਲੈ ਕੇ ਆਧੁਨਿਕ ਕਾਲ ਤਕ ਕਈ ਧਰਮ, ਕਈ ਸਮਾਜ ਅਤੇ ਕਈ ਸਮਾਜ ਸੁਧਾਰਕ ਲਹਿਰਾਂ ਦਾ ਜਨਮ ਹੋਇਆ ਅਤੇ ਵੱਖਰੇ-ਵੱਖਰੇ ਧਰਮਾਂ ਦੇ ਲੋਕਾਂ ਵਿਚ ਆਪਣੇ ਧਰਮ ਨੂੰ ਬਚਾਉਣ ਲਈ ਜਾਂ ਆਪਣੇ ਸਮਾਜ ਦੀਆਂ ਕਦਰਾਂ ਕੀਮਤਾਂ ਨੂੰ ਬਚਾਉਣ ਲਈ ਬਹੁਤ ਵੱਡੇ ਯੁੱਧ ਹੋਏ ਹਨ। ਜੇ ਅਣਵੰਡੇ ਪੰਜਾਬ ਦੀ ਕੁਰੂਕਸ਼ੇਤਰ ਦੀ ਧਰਤੀ ਵਿਖੇ ਮਹਾਭਾਰਤ ਦਾ ਮਹਾਂਯੁੱਧ ਹੋਇਆ ਹੈ ਤਾਂ ਪੰਜਾਬ ਦੀ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਵਿਖੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਅਖ਼ੀਰਲੇ ਯੁੱਧ ਵਿਚ ਮੁਗ਼ਲਾਂ ਦੇ ਦੰਦ ਖੱਟੇ ਕੀਤੇ। ਅਣਵੰਡੇ ਪੰਜਾਬ ਵਿਚ ਸਿੱਖ ਗੁਰੂਆਂ ਅਤੇ ਪਹਾੜੀ ਹਿੰਦੂ ਰਾਜਿਆਂ ਦਾ ਯੁੱਧ, ਸਿੱਖ ਗੁਰੂਆਂ ਤੇ ਮੁਗ਼ਲਾਂ ਦਾ ਯੁੱਧ, ਸਿੱਖ ਰਾਜਿਆਂ ਦਾ ਮੁਗ਼ਲਾਂ ਨਾਲ ਯੁੱਧ, ਸਿੱਖ ਰਾਜਿਆਂ ਦਾ ਅੰਗਰੇਜ਼ਾਂ ਨਾਲ ਯੁੱਧ ਪੰਜਾਬ ਦੀ ਧਰਤੀ 'ਤੇ ਵੱਖਰੇ-ਵੱਖਰੇ ਥਾਵਾਂ 'ਤੇ ਥੋੜ੍ਹੇ-ਥੋੜ੍ਹੇ ਸਮੇਂ ਪਿੱਛੋਂ ਹੁੰਦਾ ਰਿਹਾ ਅਤੇ ਇਹ ਪੰਜ ਦਰਿਆਵਾਂ ਦੀ ਧਰਤੀ ਲੰਬੇ ਸਮੇਂ ਤਕ ਸੂਹੇ ਰੰਗ ਦੀ ਚਾਦਰ ਵਿਚ ਲਿਪਟੀ ਰਹੀ।

---



• ਵੇਦ ਤਾਇਲ
90412-00402

**ਅੱਜ ਮੇਲੇ 'ਤੇ ਵਿਸ਼ੇਸ਼**

# ਭਾਈਚਾਰਕ ਏਕਤਾ ਦਾ ਪ੍ਰਤੀਕ
# ਸ਼੍ਰੀ ਦੁਰਗਾ ਮਾਤਾ ਮੰਦਰ ਮਾਇਸਰਖਾਨਾ



**ਇੱਥੇ ਅੱਸੂ ਅਤੇ ਚੇਤ ਦੇ ਨਰਾਤਿਆਂ ਦੀ ਛਟ ਨੂੰ ਭਾਰੀ ਮੇਲਾ ਲਗਦਾ ਹੈ। ਇਸ ਮੰਦਰ ਵਿਖੇ ਹਰ ਧਰਮ ਦੇ ਲੋਕ ਮੱਥਾ ਟੇਕਣ ਆਉਂਦੇ ਹਨ। ਗੰਢਜੋੜੇ ਅਤੇ ਨਵ ਜਨਮੇ ਬੱਚਿਆਂ ਦੀ ਝੰਡ ਦੀ ਸੁੱਖ ਵੀ ਇਥੇ ਪੂਰੀ ਹੁੰਦੀ ਹੈ। ਇੱਥੇ ਬਣੇ ਮਿੱਟੀ ਦੇ ਟਿੱਲੇ 'ਤੇ ਲੋਕ ਮਿੱਟੀ ਚੜ੍ਹਾਉਂਦੇ ਹਨ...**

**ਮੰਦਰ ਦੇ ਪੁਰਾਣੇ ਇਤਿਹਾਸ ਮੁਤਾਬਿਕ ਸੰਨ 1515 ਈ. ਵਿਚ ਪਿੰਡ ਦਾ ਇਕ ਕਿਸਾਨ ਬਾਬਾ ਕਮਾਲੂ ਦਾਸ, ਬਾਬਾ ਕਾਲੂ ਰਾਮ ਨਥਾਨੇ ਵਾਲੇ ਦਾ ਚੇਲਾ ਸੀ। ਉਹ ਬਾਬਾ ਜੀ ਨਾਲ ਹਰ ਸਾਲ ਮਾਤਾ ਦੇ ਦਰਸ਼ਨ ਕਰਨ ਜਵਾਲਾ ਜੀ ਜਾਇਆ ਕਰਦਾ ਸੀ...**

ਬਠਿੰਡਾ-ਮਾਨਸਾ ਹਾਈਵੇ 'ਤੇ ਪ੍ਰਾਚੀਨ ਸ਼੍ਰੀ ਦੁਰਗਾ ਮੰਦਰ ਮਾਈਸਰਖਾਨਾ ਲੋਕਾਂ ਦੀ ਸ਼ਰਧਾ ਦਾ ਕੇਂਦਰ ਹੈ। ਇਸ ਮੰਦਰ ਦੀ ਦੇਖ ਰੇਖ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਵੱਲੋਂ ਕੀਤੀ ਜਾ ਰਹੀ ਹੈ। ਜਿਸ ਵਿਚ ਮੇਲੇ ਦੌਰਾਨ 5 ਲੱਖ ਤੋਂ ਵਧੇਰੇ ਸ਼ਰਧਾਲੂ ਨਤਮਸਤਕ ਹੁੰਦੇ ਹਨ। ਜਿਸ ਤਰ੍ਹਾਂ ਹਿਮਾਚਲ ਦੇ ਮੰਦਰਾਂ ਵਿਚ ਮਾਤਾ ਜੀ ਪਿੰਡੀ ਰੂਪ ਵਿਚ ਬਿਰਾਜਮਾਨ ਹਨ ਉਸੇ ਤਰ੍ਹਾਂ ਇਸ ਮੰਦਰ ਵਿਚ ਵੀ ਮਾਤਾ ਜੀ ਦੀ ਪ੍ਰਾਚੀਨ ਮੂਰਤੀ ਪਿੰਡੀ ਰੂਪ ਵਿਚ ਹੈ। ਮੰਦਰ ਦੇ ਪੁਰਾਣੇ ਇਤਿਹਾਸ ਮੁਤਾਬਿਕ ਸੰਨ 1515 ਈ. ਵਿਚ ਪਿੰਡ ਦਾ ਇਕ ਕਿਸਾਨ ਬਾਬਾ ਕਮਾਲੂ ਦਾਸ, ਬਾਬਾ ਕਾਲੂ ਰਾਮ ਨਥਾਨੇ ਵਾਲੇ ਦਾ ਚੇਲਾ ਸੀ। ਉਹ ਬਾਬਾ ਜੀ ਨਾਲ ਹਰ ਸਾਲ ਮਾਤਾ ਦੇ ਦਰਸ਼ਨ ਕਰਨ ਜਵਾਲਾ ਜੀ ਜਾਇਆ ਕਰਦਾ ਸੀ।

ਇਕ ਵਾਰ ਕਮਾਲੂ ਭਗਤ ਨੇ ਜਵਾਲਾ ਜੀ ਜਾ ਕੇ ਬਾਬਾ ਕਾਲੂ ਨਾਥ ਨੂੰ ਕਿਹਾ ਕਿ ਬਾਬਾ ਜੀ ਮਾਤਾ ਜੀ ਦਾ ਇਹ ਮੇਲਾ ਮੇਰੇ ਪਿੰਡ ਮਾਇਸਰਖਾਨਾ ਵਿਖੇ ਲੱਗਿਆ ਕਰੇ ਤਾਂ ਕਿੰਨਾ ਚੰਗਾ ਹੋਵੇਗਾ। ਬਾਬਾ ਕਮਾਲੂ ਸੰਤਾਂ ਵਾਸਤੇ ਹਰ ਰੋਜ਼ ਮਾਇਸਰਖਾਨੇ ਤੋਂ ਨਥਾਨੇ ਦੁੱਧ ਲੈ ਕੇ ਜਾਇਆ ਕਰਦਾ ਸੀ। ਇਕ ਦਿਨ ਜਦੋਂ ਬਾਬਾ ਜੀ ਨਥਾਨੇ ਦੁੱਧ ਲੈ ਕੇ ਗਏ ਤਾਂ ਬਾਬਾ ਕਾਲੂ ਨਾਥ ਕੋਲ ਕੋਹੜੀਆਂ ਦੀ ਇਕ ਟੋਲੀ ਆਈ ਸੀ ਜੋ ਬਾਬਾ ਜੀ ਤੋਂ ਅਸ਼ੀਰਵਾਦ ਲੈ ਕੇ ਆਪਣਾ ਕੋਹੜ ਠੀਕ ਕਰਵਾਉਣ ਆਏ ਸਨ। ਬਾਬਾ ਕਾਲੂ ਨਾਥ ਨੇ ਕਮਾਲੂ ਦਾ ਲਿਆਂਦਾ ਹੋਇਆ ਦੁੱਧ ਉਨ੍ਹਾਂ ਕੋਹੜੀਆਂ ਨੂੰ ਦੇ ਦਿੱਤਾ ਅਤੇ ਕੋਹੜੀਆਂ ਦਾ ਬਚਿਆ ਦੁੱਧ ਇਕੱਠਾ ਕਰਕੇ ਬਾਬਾ ਕਾਲੂ ਨਾਥ ਨੂੰ ਪੀਣ ਲਈ ਦੇ ਦਿੱਤਾ। ਬਾਬਾ ਕਮਾਲੂ ਨੇ ਉਹ ਜੂਠਾ ਦੁੱਧ ਗਲਾਨੀ ਕਰਕੇ ਪੀਣ ਦੀ ਥਾਂ ਉੱਥੇ ਕੋਲ ਖੜ੍ਹੇ ਸੁੱਕੇ ਜੰਡ ਦੇ ਦਰੱਖ਼ਤ ਵਿਚ ਡੋਲ੍ਹ ਦਿੱਤਾ। ਦੁੱਧ ਡੁੱਲ੍ਹਦੇ ਸਾਰ ਹੀ ਉਹ ਜੰਡ ਦਾ ਸੁੱਕਾ ਦਰੱਖ਼ਤ ਹਰਿਆ ਭਰਿਆ ਹੋ ਗਿਆ ਅਤੇ ਕੋਹੜੀਆਂ ਦਾ ਰੋਗ ਠੀਕ ਹੋ ਗਿਆ। ਦੁੱਧ ਡੋਲ੍ਹਣ ਪਿੱਛੋਂ ਬਾਬਾ ਕਾਲੂ ਨਾਥ ਨੇ ਬਾਬਾ ਕਮਾਲੂ ਦਾਸ ਨੂੰ ਕਿਹਾ ਕਿ ਕਮਲਿਆ ਕਮਾਲੂਆ ਤੂੰ ਇਹ ਕੀ ਕੀਤਾ ਮੈਂ ਤੈਨੂੰ ਇਸ ਵਿਚ ਰਿਧੀਆਂ ਸਿੱਧੀਆਂ ਪਾ ਕੇ ਦਿੱਤੀਆਂ ਸਨ ਪਰ ਤੇਰੇ ਕਰਮਾਂ ਵਿਚ ਨਹੀਂ ਸਨ। ਬਾਬਾ ਕਾਲੂ ਨਾਥ ਕਮਾਲੂ 'ਤੇ ਕ੍ਰੋਧਿਤ ਹੋ ਗਏ ਤੇ ਆਪਣੀ ਤਪੱਸਿਆ ਵਿਚ ਲੀਨ ਹੋ ਗਏ।

ਬਾਬਾ ਕਮਾਲੂ ਦਾਸ ਬਹੁਤ ਉਦਾਸ ਹੋ ਕੇ ਬਾਬਾ ਕਾਲੂ ਨਾਥ ਕੋਲ ਪਿੰਡ ਨਥਾਨੇ ਰਹਿਣ ਲੱਗ ਪਏ। ਦੂਜੇ ਪਾਸੇ ਜਦੋਂ ਬਾਬਾ ਕਮਾਲੂ ਨਾਥ ਬਿਰਧ ਅਵਸਥਾ ਵਿਚ ਪਹੁੰਚ ਗਏ ਤਾਂ ਉਹ ਮਾਤਾ ਜੀ ਦੇ ਦਰਸ਼ਨ ਕਰਨ ਜਵਾਲਾ ਜੀ ਨਹੀਂ ਜਾ ਸਕਦੇ ਸੀ ਤਾਂ ਉਨ੍ਹਾਂ ਨੇ ਮਾਤਾ ਜੀ ਨੂੰ ਬੇਨਤੀ ਕੀਤੀ ਕਿ ਮਾਤਾ ਜੀ ਮੈਨੂੰ ਮੇਰੇ ਪਿੰਡ ਆ ਕੇ ਦਰਸ਼ਨ ਦਿਓ। ਇਕ ਦਿਨ ਬਾਬਾ ਕਾਲੂ ਨਾਥ ਨੇ ਸਮਾਧੀ ਖੋਲ੍ਹੀ ਅਤੇ ਬਾਬਾ ਕਮਾਲੂ ਨੂੰ ਕਿਹਾ ਕਿ ਜਾ ਹੁਣ ਤੂੰ ਆਪਣੇ ਪਿੰਡ ਮਾਇਸਰਖਾਨੇ ਜਾ ਉੱਥੇ ਮਾਤਾ ਜਵਾਲਾ ਜੀ ਕੋਹੜਨ ਦੇ ਰੂਪ ਵਿਚ ਆਈ ਹੋਈ ਹੈ ਹੁਣ ਗ਼ਲਤੀ ਨਾ ਕਰੀਂ। ਬਾਬਾ ਕਮਾਲੂ ਨਥਾਨੇ ਤੋਂ ਮਾਇਸਰਖਾਨਾ ਪੁੱਜਾ ਉਸ ਸਮੇਂ ਚਾਰੇ ਪਾਸੇ ਹਨੇਰਾ ਸੀ ਤੇਜ਼ ਹਵਾ ਚੱਲ ਰਹੀ ਸੀ। ਇਕ ਬਜ਼ੁਰਗ ਔਰਤ ਬੈਲ ਗੱਡੀ ਵਿਚ ਬੈਠੀ ਸੀ। ਬਾਬਾ ਕਮਾਲੂ ਉਸ ਬਜ਼ੁਰਗ ਔਰਤ ਦੇ ਪੈਰਾਂ ਵਿਚ ਡਿੱਗ ਪਿਆ। ਬਜ਼ੁਰਗ ਔਰਤ ਉਸਨੂੰ ਕਹਿਣ ਲੱਗੀ ਕਿ ਮੈਨੂੰ ਕੋਹੜ ਦੀ ਬਿਮਾਰੀ ਹੈ ਤੈਨੂੰ ਲੱਗ ਜਾਵੇਗੀ ਤੂੰ ਪਿੱਛੇ ਹੱਟਜਾ, ਪ੍ਰੰਤੂ ਭਗਤ ਕਮਾਲੂ ਬਾਬਾ ਕਾਲੂ ਨਾਥ ਦੀ ਗੱਲ ਮੰਨ ਕੇ ਪਿੱਛੇ ਨਹੀਂ ਹਟਿਆ ਅਤੇ ਮਾਤਾ ਨੂੰ ਅਸ਼ੀਰਵਾਦ ਦੇਣ ਲਈ ਆਖਣ ਲੱਗਾ। ਵਾਰ-ਵਾਰ ਕਹਿਣ 'ਤੇ ਮਾਤਾ ਜੀ ਨੇ ਆਪਣੇ ਅਸਲੀ ਰੂਪ ਵਿਚ ਦਰਸ਼ਨ ਦਿੱਤੇ ਅਤੇ ਭਗਤ ਕਮਾਲੂ ਨੂੰ ਵਰ ਮੰਗਣ ਲਈ ਕਿਹਾ।

ਭਗਤ ਕਮਾਲੂ ਨੇ ਮਾਤਾ ਜੀ ਨੂੰ ਸਾਲ ਵਿਚ ਇਕ ਵਾਰੀ ਮਾਇਸਰਖਾਨੇ ਦਰਸ਼ਨ ਦੇਣ ਨੂੰ ਕਿਹਾ ਪ੍ਰੰਤੂ ਮਾਤਾ ਜੀ ਨੇ ਕਿਹਾ ਕਿ ਉਹ ਸਾਲ ਵਿਚ ਦੋ ਵਾਰ ਅੱਸੂ ਅਤੇ ਚੇਤ ਦੇ ਨਵਰਾਤਿਆਂ ਦੀ ਛਟ ਨੂੰ ਇੱਥੇ ਆ ਕੇ ਦਰਸ਼ਨ ਦਿਆ ਕਰਾਂਗੀ ਜੋ ਵੀ ਭਗਤ ਇੱਥੇ ਮੇਰੇ ਦਰਸ਼ਨ ਕਰੇਗਾ ਉਸਦੀ ਸਭ ਮਨੋਕਾਮਨਾ ਪੂਰੀ ਹੋਵੇਗੀ।

ਇਸੇ ਤਰ੍ਹਾਂ ਇੱਥੇ ਅੱਸੂ ਅਤੇ ਚੇਤ ਦੇ ਨਰਾਤਿਆਂ ਦੀ ਛਟ ਨੂੰ ਭਾਰੀ ਮੇਲਾ ਲਗਦਾ ਹੈ। ਇਸ ਮੰਦਰ ਵਿਖੇ ਹਰ ਧਰਮ ਦੇ ਲੋਕ ਮੱਥਾ ਟੇਕਣ ਆਉਂਦੇ ਹਨ। ਇੱਥੇ ਗੰਢਜੋੜੇ ਅਤੇ ਨਵ ਜਨਮੇ ਬੱਚਿਆਂ ਦੀ ਝੰਡ ਦੀ ਸੁੱਖ ਵੀ ਪੂਰੀ ਹੁੰਦੀ ਹੈ। ਇੱਥੇ ਇਕ ਮਿੱਟੀ ਦਾ ਟਿੱਲਾ ਵੀ ਬਣਿਆ ਹੋਇਆ ਹੈ ਜਿੱਥੇ ਸ਼ਰਧਾਲੂ ਆਪਣੀ ਸੁੱਖ ਪੂਰੀ ਹੋਣ ਤੋਂ ਬਾਦ ਮਿੱਟੀ ਚੜ੍ਹਾਉਂਦੇ ਹਨ। ਮੰਦਰ ਵਿਖੇ ਇਕ ਬੇਰੀ ਦਾ ਪ੍ਰਾਚੀਨ ਦਰੱਖ਼ਤ ਅੱਜ ਵੀ ਮੌਜੂਦ ਹੈ। ਇਸ ਤੋਂ ਇਲਾਵਾ ਮੰਦਰ ਅੰਦਰ ਇਕ ਬੋਹੜ ਦਾ ਦਰੱਖ਼ਤ ਵੀ ਹੈ ਅਤੇ ਮੰਦਰ ਦੇ ਸਾਹਮਣੇ ਇਕ ਸੁੰਦਰ ਸਰੋਵਰ ਵੀ ਹੈ। ਜਿਸ ਵਿਚ ਇਸ਼ਨਾਨ ਕਰਦੇ ਹਨ।

ਮੰਦਰ ਦੇ ਅੰਦਰ ਬਾਬਾ ਕਮਾਲੂ ਨਾਥ ਦੀ ਸੁੰਦਰ ਸਮਾਧੀ ਵੀ ਬਣੀ ਹੋਈ ਹੈ। ਮੰਦਰ ਅੰਦਰ ਸੁੰਦਰ ਸੇਜ ਘਰ ਅਤੇ ਯੱਗਸ਼ਾਲਾ ਬਣੀ ਹੋਈ ਹੈ। ਮੰਦਰ 'ਚ ਜਵਾਲਾ ਜੀ ਦੀ ਪਵਿੱਤਰ ਜੋਤ ਅਖੰਡ ਰੂਪ ਵਿਚ ਚੱਲ ਰਹੀ ਹੈ। ਮਾਨਤਾ ਹੈ ਕਿ ਨਵਰਾਤਿਆਂ ਦੀ ਛਟ ਨੂੰ ਮਾਤਾ ਜੀ ਜਵਾਲਾ ਜੀ ਤੋਂ ਆ ਕੇ ਇਸ ਜੋਤ ਵਿਚ ਪ੍ਰਵੇਸ਼ ਕਰਦੇ ਹਨ। ਇਸ ਦਾ ਪ੍ਰਬੰਧ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਵੱਲੋਂ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਪਿੰਡ ਵਿਚ ਸੁੰਦਰ ਗੁਰਦੁਆਰਾ ਸਾਹਿਬ ਵੀ ਸੁਸ਼ੋਭਿਤ ਹੈ। •

# ਬਿਜਲੀ ਬਿੱਲ ਨਾ ਭਰਨ ਵਾਲਿਆਂ ਲਈ ਵੱਡੀ ਖ਼ਬਰ, ਨਹੀਂ ਮਿਲੇਗੀ ਕੋਈ ਵੀ ਰਾਹਤ

**ਕੌਮੀ ਪਤ੍ਰਿਕਾ**

ਜ਼ੀਰਕਪੁਰ 3 ਮਾਰਚ। ਬਿਜਲੀ ਬਿੱਲਾਂ ਦੀ ਅਦਾਇਗੀ ਨਾ ਕਰਨ ਵਾਲੇ ਖ਼ਪਤਕਾਰਾਂ ਖ਼?ਲਾਫ਼ ਪਾਵਰਕਾਮ ਨੇ ਸਖ਼ਤ ਰਵੱਈਆ ਅਪਣਾਉਂਦੇ ਹੋਏ ਵਿਸ਼ੇਸ਼ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਨਵੰਬਰ 2025 ਮਹੀਨੇ ਤੱਕ ਦੇ ਬਕਾਇਆ ਬਿੱਲ ਜਮ?ਹਾਂ ਨਾ ਕਰਵਾਉਣ ਵਾਲੇ ਖ਼ਪਤਕਾਰਾਂ ਦੇ ਰੋਜ਼ਾਨਾ ਕੁਨੈਕਸ਼ਨ ਕੱਟੇ ਜਾ ਰਹੇ ਹਨ। ਵਿਭਾਗ ਵੱਲੋਂ ਸਪੱਸ਼ਟ ਕਰ ਦਿੱਤਾ ਗਿਆ ਹੈ ਕਿ ਬਕਾਇਆ ਰਕਮ ਜਮ?ਹਾਂ ਕਰਵਾਏ ਬਿਨਾਂ ਕਿਸੇ ਕਿਸਮ ਦੀ ਰਾਹਤ ਨਹੀਂ ਦਿੱਤੀ ਜਾਵੇਗੀ। ਅਧਿਕਾਰਿਕ ਸੂਤਰਾਂ ਅਨੁਸਾਰ 31 ਜਨਵਰੀ 2026 ਤੱਕ ਖੇਤਰ ਦੇ ਖ਼ਪਤਕਾਰਾਂ 'ਤੇ ਕਰੀਬ ਸਾਢੇ 62 ਕਰੋੜ ਰੁਪਏ ਦੀ ਰਕਮ ਬਕਾਇਆ ਸੀ। ਇਸ ਵੱਡੇ ਬਕਾਏ ਨੂੰ ਦੇਖਦਿਆਂ ਫਰਵਰੀ ਮਹੀਨੇ ਦੀ ਸ਼ੁਰੂਆਤ ਤੋਂ ਹੀ ਵਸੂਲੀ ਮੁਹਿੰਮ ਤੇਜ਼ ਕਰ ਦਿੱਤੀ ਗਈ। 1 ਫਰਵਰੀ ਤੋਂ ਹੁਣ ਤੱਕ ਕਰੀਬ ਢਾਈ ਕਰੋੜ ਰੁਪਏ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਵਿਭਾਗ ਦਾ ਟੀਚਾ ਹੈ ਕਿ 33 ਮਾਰਚ ਤੱਕ 20 ਕਰੋੜ ਰੁਪਏ ਦੀ ਵਸੂਲੀ ਕੀਤੀ ਜਾਵੇ। ਅਧਿਕਾਰੀਆਂ ਦਾ ਦਾਅਵਾ ਹੈ ਕਿ ਆਉਣ ਵਾਲੇ ਦਿਨਾਂ 'ਚ ਇਹ ਅੰਕੜਾ ਹੋਰ ਵੱਧੇਗਾ। ਪਾਵਰਕਾਮ ਅਧਿਕਾਰੀਆਂ ਦੇ ਮੁਤਾਬਕ ਡਿਫ਼ਾਲਟਰਾਂ 'ਚ ਵੱਡੇ ਬਿਲਡਰਾਂ ਤੋਂ ਲੈ ਕੇ ਛੋਟੇ ਘਰੇਲੂ ਖ਼ਪਤਕਾਰ ਤੱਕ ਸ਼ਾਮਲ ਹਨ। ਕਈ ਮਾਮਲਿਆਂ 'ਚ ਲੰਬੇ ਸਮੇਂ ਤੋਂ ਬਿੱਲ ਜਮ?ਹਾਂ ਨਹੀਂ ਕਰਵਾਏ ਗਏ, ਜਿਸ ਨਾਲ ਵਿਭਾਗ ਦੀ ਵਿੱਤੀ ਹਾਲਤ 'ਤੇ ਅਸਰ ਪੈ ਰਿਹਾ ਸੀ। ਵਿਭਾਗੀ ਟੀਮਾਂ ਨੂੰ ਵੱਖ-ਵੱਖ ਇਲਾਕਿਆਂ 'ਚ ਭੇਜਿਆ ਜਾ ਰਿਹਾ ਹੈ, ਜੋ ਮੌਕੇ 'ਤੇ ਜਾ ਕੇ ਬਕਾਇਆ ਬਿੱਲਾਂ ਦੀ ਜਾਂਚ ਕਰ ਰਹੀਆਂ ਹਨ ਅਤੇ ਅਦਾਇਗੀ ਨਾ ਹੋਣ ਦੀ ਸਥਿਤੀ 'ਚ ਤੁਰੰਤ ਕੁਨੈਕਸ਼ਨ ਕੱਟ ਰਹੀਆਂ ਹਨ।




ਅਧਿਕਾਰੀਆਂ ਨੇ ਖ਼ਪਤਕਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਮੇਂ ਸਿਰ ਆਪਣਾ ਬਕਾਇਆ ਜਮ?ਹਾਂ ਕਰਵਾ ਦੇਣ ਤਾਂ ਜੋ ਕੁਨੈਕਸ਼ਨ ਕੱਟਣ ਦੀ ਕਾਰਵਾਈ ਤੋਂ ਬਚਿਆ ਜਾ ਸਕੇ। ਵਿਭਾਗ ਦਾ ਕਹਿਣਾ ਹੈ ਕਿ ਇਹ ਮੁਹਿੰਮ ਪੂਰੀ ਪਾਰਦਰਸ਼ਤਾ ਨਾਲ ਚਲਾਈ ਜਾ ਰਹੀ ਹੈ ਅਤੇ ਕਿਸੇ ਵੀ ਪੱਧਰ 'ਤੇ ਭੇਦਭਾਵ ਨਹੀਂ ਕੀਤਾ ਜਾਵੇਗਾ। ਸ਼ਹਿਰ 'ਚ ਪਿਛਲੇ ਸਮੇਂ ਦੌਰਾਨ ਐੱਸ ਪਲੱਸ ਫਲੈਟਾਂ ਦੇ ਨਿਰਮਾਣ ਦੀ ਦੌੜ 'ਚ ਕਈ ਬਾਹਰੀ ਲੋਕਾਂ ਨੇ ਅਸਥਾਈ ਮੀਟਰ ਲੈ ਕੇ ਨਿਰਮਾਣ ਕੰਮ ਸ਼ੁਰੂ ਕੀਤਾ ਸੀ। ਹੁਣ ਜਾਣਕਾਰੀ ਮਿਲੀ ਹੈ ਕਿ ਅਜਿਹੇ ਕਈ ਛੋਟੇ ਬਿਲਡਰ ਪਾਵਰਕਾਮ ਦੇ ਲੱਖਾਂ ਰੁਪਏ ਬਕਾਇਆ ਛੱਡ ਕੇ ਗਾਇਬ ਹੋ ਗਏ ਹਨ ਜਾਂ ਕਿਸੇ ਹੋਰ ਫਰਮ ਦੇ ਨਾਂ 'ਤੇ ਨਵਾਂ ਕੁਨੈਕਸ਼ਨ ਲੈ ਕੇ ਕੰਮ ਕਰ ਰਹੇ ਹਨ। ਪਾਵਰਕਾਮ ਨੇ ਸਪੱਸ਼ਟ ਕੀਤਾ ਹੈ ਕਿ ਮਾਮਲਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਸ਼ੱਕੀ ਖ਼ਪਤਕਾਰਾਂ 'ਤੇ ਖ਼ਾਸ ਨਜ਼ਰ ਰੱਖੀ ਜਾ ਰਹੀ ਹੈ। ਬਕਾਇਆ ਵਸੂਲੀ ਲਈ ਸਖ਼ਤ ਕਾਰਵਾਈ ਜਾਰੀ ਰਹੇਗੀ। ਐੱਸ. ਡੀ. ਓ. ਰਾਕੇਸ਼ ਭਾਟੀਆ ਨੇ ਕਿਹਾ ਕਿ ਪਾਵਰਕਾਮ ਕਰਮਚਾਰੀਆਂ ਦੀ ਹਾਲੀਆ ਹੜਤਾਲ ਨੂੰ ਦੇਖਦਿਆਂ ਸ਼ਹਿਰ ਦੇ ਕਈ ਖ਼ਪਤਕਾਰਾਂ ਨੇ ਵਿਭਾਗੀ ਕਾਰਵਾਈ ਨੂੰ ਹਲਕੇ 'ਚ ਲੈ ਲਿਆ ਸੀ ਅਤੇ ਸਮੇਂ 'ਤੇ ਬਿਜਲੀ ਬਿੱਲ ਜਮ?ਹਾਂ ਨਹੀਂ ਕਰਵਾਏ ਸਨ, ਪਰ ਹੁਣ ਵਿਭਾਗ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਇਸ ਮਾਮਲੇ 'ਚ ਕਿਸੇ ਕਿਸਮ ਦੀ ਢਿੱਲ ਨਹੀਂ ਦਿੱਤੀ ਜਾਵੇਗੀ। ਬੀਤੇ ਇਕ ਹਫ਼ਤੇ ਤੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੌਰਾਨ 100 ਤੋਂ ਵੱਧ ਡਿਫਾਲਟਰ ਖ਼ਪਤਕਾਰਾਂ ਦੇ ਬਿਜਲੀ ਕੁਨੈਕਸ਼ਨ ਕੱਟੇ ਜਾ ਚੁੱਕੇ ਹਨ, ਜਿਨ੍ਹਾਂ ਖ਼ਪਤਕਾਰਾਂ ਨੇ ਬਕਾਇਆ ਰਕਮ ਜਮ?ਹਾਂ ਕਰਵਾ ਦਿੱਤੀ ਹੈ, ਉਨ੍ਹਾਂ ਦੇ ਕੁਨੈਕਸ਼ਨ ਨਿਯਮਾਂ ਅਨੁਸਾਰ ਮੁੜ ਜੋੜੇ ਜਾ ਰਹੇ ਹਨ। ਖ਼ਪਤਕਾਰਾਂ ਨੂੰ ਅਪੀਲ ਹੈ ਕਿ ਉਹ ਬਿਨਾਂ ਦੇਰੀ ਆਪਣੇ ਬਿਜਲੀ ਬਿੱਲ ਜਮ?ਹਾਂ ਕਰਵਾਉਣ। ਅਧਿਕਾਰੀਆਂ ਨੇ ਚਿਤਾਵਨੀ ਦਿੱਤੀ ਹੈ ਕਿ ਇਕ ਵਾਰ ਕੁਨੈਕਸ਼ਨ ਕੱਟਣ ਤੋਂ ਬਾਅਦ ਪੂਰੀ ਬਕਾਇਆ ਰਕਮ ਜਮ?ਹਾਂ ਕਰਨ ਉਪਰੰਤ ਹੀ ਸਪਲਾਈ ਬਹਾਲ ਕੀਤੀ ਜਾਵੇਗੀ। ਐੱਸ. ਡੀ. ਓ. ਹੇਮੰਤ ਕੁਮਾਰ ਨੇ ਕਿਹਾ ਕਿ ਪਾਵਰਕਾਮ ਵੱਲੋਂ ਬਕਾਇਆ ਰਕਮ ਦੀ ਵਸੂਲੀ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਨੂੰ ਸ਼ਹਿਰ 'ਚ ਵਿਆਪਕ ਸਮਰਥਨ ਮਿਲ ਰਿਹਾ ਹੈ। ਬੀਤੇ ਕਰੀਬ 20 ਦਿਨਾਂ 'ਚ ਪਾਵਰਕਾਮ ਦੇ ਖ਼ਾਤੇ 'ਚ ਕਰੀਬ ਢਾਈ ਕਰੋੜ ਰੁਪਏ ਜਮ?ਹਾਂ ਹੋ ਚੁੱਕੇ ਹਨ। ਜ਼ੀਰਕਪੁਰ ਸਰਕਲ ਦੇ ਖ਼ਪਤਕਾਰਾਂ 'ਤੇ ਕੁੱਲ ਮਿਲਾ ਕੇ 62 ਕਰੋੜ ਰੁਪਏ ਤੋਂ ਵੱਧ ਦੀ ਬਕਾਇਆ ਰਕਮ ਬਕਾਇਆ ਸੀ, ਜਿਸ 'ਚੋਂ ਹੁਣ ਤਕ 2.5 ਕਰੋੜ ਰੁਪਏ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਵਿਭਾਗ ਨੇ 33 ਮਾਰਚ ਤੱਕ 20 ਕਰੋੜ ਰੁਪਏ ਹੋਰ ਵਸੂਲਣ ਦਾ ਟੀਚਾ ਨਿਰਧਾਰਤ ਕੀਤਾ ਹੈ ਤੇ ਇਹ ਟੀਚਾ ਨਿਰਧਾਰਤ ਸਮੇਂ ਤੋਂ ਪਹਿਲਾਂ ਹੀ ਪ੍ਰਾਪਤ ਕਰਨ ਦਾ ਦਾਅਵਾ ਕੀਤਾ ਗਿਆ ਹੈ। ਫ਼ਿਲਹਾਲ ਸਿਰਫ ਉਨ੍ਹਾਂ ਹੀ ਖ਼ਪਤਕਾਰਾਂ ਖ਼?ਲਾਫ਼ ਕਾਰਵਾਈ ਕੀਤੀ ਜਾ ਰਹੀ ਹੈ, ਜਿਨ੍ਹਾਂ 'ਤੇ 30 ਨਵੰਬਰ 2025 ਤੱਕ ਦੀ ਬਕਾਇਆ ਰਕਮ ਬਕਾਇਆ ਹੈ। ਸਮੇਂ 'ਤੇ ਬਿੱਲ ਜਮ?ਹਾਂ ਕਰਨ ਵਾਲਿਆਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਹੀਂ ਹੋਵੇਗੀ।

## ਪ੍ਰਤਾਪ ਬਾਜਵਾ ਦੀ 353 ਨੂੰ ਚਿੱਠੀ, 'ਆਪ' ਸਰਕਾਰ 'ਕਾਪੀਰਾਈਟ ਨੀਤੀ' ਰਾਹੀਂ ਵਿਰੋਧੀਆਂ ਦੀ ਆਵਾਜ਼ ਦਬਾ ਰਹੀ

ਜਲੰਧਰ/ਚੰਡੀਗੜ੍ਹ 3 ਮਾਰਚ। ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਨੂੰ ਇਕ ਪੱਤਰ ਲਿਖ ਕੇ ਪੰਜਾਬ ਵਿੱਚ ਸੱਤਾਧਾਰੀ ਪਾਰਟੀ ਵੱਲੋਂ ਸੋਸ਼ਲ ਮੀਡੀਆ 'ਤੇ ਰਾਜਨੀਤਿਕ ਆਲੋਚਨਾ ਨੂੰ ਨਿਸ਼ਾਨਾ ਬਣਾਉਣ ਲਈ ਕਾਪੀਰਾਈਟ ਕਾਨੂੰਨਾਂ ਦੀ ਕਥਿਤ ਦੁਰਵਰਤੋਂ ਬਾਰੇ ਗੰਭੀਰ ਚਿੰਤਾ ਪ੍ਰਗਟਾਈ ਹੈ। ਬਾਜਵਾ ਨੇ ਦੋਸ਼ ਲਾਇਆ ਹੈ ਕਿ ਸੂਬੇ ਦੀ ਸੱਤਾਧਾਰੀ ਪਾਰਟੀ ਸੁਤੰਤਰ ਪੱਤਰਕਾਰਾਂ, ਡਿਜੀਟਲ ਚੈਨਲਾਂ ਅਤੇ ਰਾਜਨੀਤਿਕ ਆਲੋਚਕਾਂ ਦੀਆਂ ਪੋਸਟਾਂ ਨੂੰ ਹਟਾਉਣ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਕਾਪੀਰਾਈਟ ਟੇਕਡਾਊਨ ਨੋਟਿਸਾਂ ਦੀ ਵਰਤੋਂ ਕਰ ਰਹੀ ਹੈ। ਪ੍ਰਤਾਪ



ਬਾਜਵਾ ਨੇ ਲਿਖੀ ਚਿੱਠੀ ਵਿੱਚ ਦੱਸਿਆ ਕਿ ਸਰਕਾਰੀ ਸਮਾਗਮਾਂ, ਮੁੱਖ ਮੰਤਰੀ ਦੀਆਂ ਤਸਵੀਰਾਂ ਅਤੇ ਪੰਜਾਬ ਵਿਧਾਨ ਸਭਾ ਦੀਆਂ ਵੀਡੀਓਜ਼ ਜੋਕਿ ਜਨਤਕ ਸਰੋਤਾਂ ਨਾਲ ਤਿਆਰ ਕੀਤੀਆਂ ਜਾਂਦੀਆਂ ਹਨ, ਨੂੰ ਪਹਿਲਾਂ ਪਾਰਟੀ ਦੇ ਅਧਿਕਾਰਤ ਪਲੇਟਫਾਰਮਾਂ 'ਤੇ ਪੋਸਟ ਕੀਤਾ ਜਾਂਦਾ ਹੈ। ਇਸ ਤੋਂ ਬਾਅਦ ਇਨ੍ਹਾਂ ਵੀਡੀਓਜ਼ ਦੀ ਵਰਤੋਂ ਕਰਕੇ ਸਰਕਾਰੀ ਨੀਤੀਆਂ 'ਤੇ ਸਵਾਲ ਚੁੱਕਣ ਵਾਲੇ ਚੈਨਲਾਂ ਵਿਰੁੱਧ ਕਾਪੀਰਾਈਟ ਦੀਆਂ ਸ਼ਿਕਾਇਤਾਂ ਦਰਜ ਕੀਤੀਆਂ ਜਾਂਦੀਆਂ ਹਨ, ਜਿਸ ਕਾਰਨ ਕਈ ਸੋਸ਼ਲ ਮੀਡੀਆ ਪੇਜਾਂ ਨੂੰ ਬੰਦ ਕਰ ਦਿੱਤਾ ਗਿਆ ਹੈ। ਵਿਰੋਧੀ ਧਿਰ ਦੇ ਆਗੂ ਬਾਜਵਾ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਵੱਲੋਂ ਤਿਆਰ ਕੀਤਾ ਗਿਆ ਕੰਟੈਂਟ ਜਨਤਕ ਸੰਪਤੀ ਹੁੰਦਾ ਹੈ। ਉਨ੍ਹਾਂ ਸਵਾਲ ਕੀਤਾ ਕਿ ਕੀ ਕੋਈ ਸਿਆਸੀ ਪਾਰਟੀ ਨਿੱਜੀ ਤੌਰ 'ਤੇ ਅਜਿਹੇ ਮੀਡੀਆ 'ਤੇ ਮਾਲਕੀ ਹੱਕ ਜਤਾ ਕੇ ਆਲੋਚਨਾ ਨੂੰ ਦਬਾ ਸਕਦੀ ਹੈ? ਬਾਜਵਾ ਅਨੁਸਾਰ ਅਜਿਹੀਆਂ ਕਾਰਵਾਈਆਂ ਪਾਰਦਰਸ਼ਤਾ, ਨਿਰਪੱਖਤਾ ਅਤੇ ਬਰਾਬਰ ਸਿਆਸੀ ਮੁਕਾਬਲੇ ਦੇ ਸਿਧਾਂਤਾਂ ਦੇ ਖ਼?ਲਾਫ਼ ਹਨ। ਬਾਜਵਾ ਨੇ ਮੁੱਖ ਚੋਣ ਕਮਿਸ਼ਨਰ ਨੂੰ ਇਸ ਮਾਮਲੇ 'ਚ ਦਖ਼ਲ ਦੇਣ ਦੀ ਬੇਨਤੀ ਕਰਦਿਆਂ ਹੇਠ ਲਿਖੇ ਸਵਾਲ ਪੁੱਛੇ ਹਨ 1. ਕੀ ਕਿਸੇ ਸਿਆਸੀ ਪਾਰਟੀ ਵੱਲੋਂ ਸਰਕਾਰੀ ਸਮੱਗਰੀ ਦੀ ਵਰਤੋਂ ਕਰਕੇ ਮੀਡੀਆ ਅਦਾਰਿਆਂ ਵਿਰੁੱਧ ਕਾਪੀਰਾਈਟ ਸਟਰਾਈਕ ਕਰਨਾ ਕਾਨੂੰਨੀ ਅਤੇ ਨੈਤਿਕ ਤੌਰ 'ਤੇ ਸਹੀ ਹੈ?2. ਕੀ ਅਜਿਹੀਆਂ ਕਾਰਵਾਈਆਂ, ਖ਼ਾਸ ਕਰਕੇ ਚੋਣਾਂ ਦੌਰਾਨ, ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਨਹੀਂ ਹਨ? 3. ਕੀ ਆਲੋਚਨਾਤਮਕ ਸਮੱਗਰੀ ਨੂੰ ਹਟਾਉਣਾ ਪ੍ਰਗਟਾਵੇ ਦੀ ਆਜ਼ਾਦੀ 'ਤੇ ਬੇਲੋੜੀ ਪਾਬੰਦੀ ਨਹੀਂ ਹੈ? ਉਨ੍ਹਾਂ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਲੋਕਤੰਤਰੀ ਮਾਹੌਲ ਨੂੰ ਬਚਾਉਣ ਲਈ ਅਤੇ ਕਿਸੇ ਵੀ ਪਾਰਟੀ ਨੂੰ ਜਨਤਕ ਸਰੋਤਾਂ ਰਾਹੀਂ ਨਜਾਇਜ਼ ਫਾਇਦਾ ਲੈਣ ਤੋਂ ਰੋਕਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ।

## 'ਆਪ' ਸਾਂਸਦ ਕੰਗ ਦੇ ਵਿਰੋਧੀ ਸੁਰ, ਕਈ ਆਗੂ ਤੇ ਅ.ਫ਼ਸਰ ਮਾਈਨਿੰਗ ਮਾ.ਫ਼ੀਆ ਨਾਲ ਮਿਲੇ, ਨਹੀਂ ਹੋਈ ਕਾਰਵਾਈ

ਸ੍ਰੀ ਅਨੰਦਪੁਰ ਸਾਹਿਬ/ਚੰਡੀਗੜ੍ਹ 3 ਮਾਰਚ। ਸ੍ਰੀ ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਦੇ ਆਪਣੀ ਹੀ ਸਰਕਾਰ



ਖ਼?ਲਾਫ਼ ਵਿਰੋਧੀ ਸੁਰ ਦੇਖਣ ਨੂੰ ਮਿਲੇ ਹਨ, ਜਿਸ ਨੇ ਪੰਜਾਬ ਦੀ ਸਿਆਸਤ 'ਚ ਹਲਚਲ ਮਚਾ ਦਿੱਤੀ ਹੈ। ਉਨ੍ਹਾਂ ਨੇ ਸੂਬੇ 'ਚ ਨਾਜਾਇਜ਼ ਮਾਈਨਿੰਗ ਹੋਣ ਦੀ ਗੱਲ ਕਬੂਲੀ ਹੈ। ਕੰਗ ਨੇ ਕਿਹਾ ਕਿ ਇਸ ਨਾਲ ਜਿੱਥੇ ਸਰਕਾਰ ਨੂੰ ਵੱਡਾ ਮਾਲੀਆ ਨੁਕਸਾਨ ਹੋ ਰਿਹਾ ਹੈ, ਉੱਥੇ ਹੀ ਲੋਕਾਂ ਨੂੰ ਵੀ ਮਹਿੰਗੀ ਰੇਤ-ਬੱਜਰੀ ਮਿਲ ਰਹੀ ਹੈ। ਕੰਗ ਨੇ ਕਿਹਾ ਕਿ ਨਾਜਾਇਜ਼ ਮਾਈਨਿੰਗ ਦੇ ਸੂਬੇ 'ਚੋਂ ਖ਼ਤਮ ਨਾ ਹੋਣ ਦਾ ਵੱਡਾ ਕਾਰਨ ਇਹ ਹੈ ਕਿ ਕਈ ਨੇਤਾ, ਅਫ਼ਸਰ ਅਤੇ ਕਰਮਚਾਰੀ ਮਾਈਨਿੰਗ ਮਾਫ਼ੀਆ ਨਾਲ ਮਿਲੇ ਰਹਿੰਦੇ ਹਨ। ਆਮ ਆਦਮੀ ਪਾਰਟੀ ਦੇ ਸਾਰੇ ਆਗੂ ਦੁੱਧ ਧੋਤੇ ਨਹੀਂ ਹਨ। ਉਨ੍ਹਾਂ ਕਿਹਾ ਸੀ ਕਿ ਇਸ ਮਾਮਲੇ ਵਿਚ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਉਨ੍ਹਾਂ ਲੋਕਾਂ ਦੀ ਸੂਚੀ ਵੀ ਸੌਂਪੀ ਹੈ, ਜੋ ਨਾਜਾਇਜ਼ ਮਾਈਨਿੰਗ ਵਿਚ ਸ਼ਾਮਲ ਹਨ। ਕੰਗ ਨੇ ਕਿਹਾ ਕਿ 30-40 ਫੁੱਟ ਤੱਕ ਮਾਈਨਿੰਗ ਸਰਕਾਰੀ ਮਿਲੀ-ਭੁਗਤ ਤੋਂ ਬਿਨਾਂ ਸੰਭਵ ਨਹੀਂ ਹੈ ਅਤੇ ਹੁਣ ਇਸ ਨਾਜਾਇਜ਼ ਮਾਈਨਿੰਗ ਕਾਰਨ ਪੁਲਾਂ ਅਤੇ ਬੁਨਿਆਦੀ ਢਾਂਚੇ ਨੂੰ ਵੀ ਖ਼ਤਰਾ ਪੈਦਾ ਹੋ ਗਿਆ ਹੈ। ਮਾਲਵਿੰਦਰ ਕੰਗ ਨੇ ਕਿਹਾ ਕਿ ਪੰਜਾਬ 'ਚ ਗੈਂਗਸਟਰ ਰਾਜ ਲਗਾਤਾਰ ਵੱਧ ਰਿਹਾ ਹੈ। ਇਸ ਦਾ ਵੱਡਾ ਕਾਰਨ ਹੈ ਕਿ ਪੰਜਾਬ ਪੁਲਸ ਨੂੰ ਜਿਸ ਤਰੀਕੇ ਨਾਲ ਕੰਮ ਕਰਨਾ ਚਾਹੀਦਾ ਹੈ, ਉਸ ਤਰੀਕੇ ਨਾਲ ਨਹੀਂ ਹੋ ਰਿਹਾ ਹੈ। ਇਸ ਨਾਲ ਲੋਕਾਂ 'ਚ ਗਲਤ ਸੁਨੇਹਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੈਂ ਸਰਕਾਰ ਨੂੰ ਕਈ ਵਾਰ ਕਿਹਾ ਹੈ ਕਿ ਗੈਂਗਸਟਰਾਂ ਪ੍ਰਤੀ ਆਪਣੀ ਰਣਨੀਤੀ ਬਦਲਣੀ ਪਵੇਗੀ। ਬੇਸ਼ੱਕ ਸਰਕਾਰ ਨੇ ਐਂਟੀ ਗੈਂਗਸਟਰ ਟਾਸਕ ਫੋਰਸ ਬਣਾ ਰੱਖੀ ਹੈ ਪਰ ਖ਼ਾਸ ਰਣਨੀਤੀ ਦੇ ਤਹਿਤ ਜਦੋਂ ਇਹ ਕੰਮ ਕਰੇਗੀ ਤਾਂ ਸਫ਼ਲਤਾ ਮਿਲ ਸਕੇਗੀ। ਇਸੇ ਤਰ੍ਹਾਂ ਪੰਜਾਬ 'ਚ ਲਾਅ ਐਂਡ ਆਰਡਰ ਕਾਇਮ ਹੋ ਸਕਦਾ ਹੈ। ਮਾਲਵਿੰਦਰ ਕੰਗ ਨੇ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ। ਇਸ ਲਈ ਕਿਸਾਨ ਆਪਣੀ ਰੋਜ਼ੀ-ਰੋਟੀ ਨੂੰ ਬਚਾਉਣ ਲਈ ਰੋਜ਼ਾਨਾ ਧਰਨੇ-ਪ੍ਰਦਰਸ਼ਨ ਕਰ ਰਹੇ ਹਨ। ਸੂਬਾ ਸਰਕਾਰ ਨੂੰ ਚਾਹੀਦਾ ਹੈ ਕਿ ਸੂਬੇ 'ਚ ਐਗਰੋ ਬੇਸਡ ਇੰਡਸਟਰੀ ਲਗਾਵੇ ਤਾਂ ਜੋ ਇੰਡਸਟਰੀ ਸਿੱਧਾ ਕਿਸਾਨਾਂ ਨਾਲ ਜੁੜੀ ਰਹੇ। ਕਿਸਾਨਾਂ ਨੂੰ ਆਪਣੇ ਉਤਪਾਦ ਵੇਚਣ ਲਈ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਾ ਆਵੇ।

# ਰੋਪੜ ਦੀ ਅਧਿਆਪਕਾ ਲਈ 'ਚਮਤਕਾਰ'! ਸਾਲਾਂ ਦੀ ਖਾਮੋਸ਼ੀ ਮਗਰੋਂ ਸੁਣੀਆਂ ਆਵਾਜ਼ਾਂ

**ਕੌਮੀ ਪਤ੍ਰਿਕਾ**

ਚੰਡੀਗੜ੍ਹ/ਰੂਪਨਗਰ 3 ਮਾਰਚ। ਕਲਪਨਾ ਕਰੋ ਤੁਸੀਂ ਅਧਿਆਪਕ ਹੋ ਪਰ ਤੁਹਾਨੂੰ ਆਪਣੇ ਵਿਦਿਆਰਥੀਆਂ ਦੀ ਆਵਾਜ਼ ਹੀ ਨਹੀਂ ਸੁਣਾਈ ਦਿੰਦੀ। ਰੋਜ਼ਾਨਾ ਕਲਾਸਰੂਮ 'ਚ ਜਾਣਾ ਪਰ ਅੰਦਰੋਂ ਇਕ ਖਾਮੋਸ਼ ਦੁਨੀਆ 'ਚ ਕੈਦ ਰਹਿਣਾ। ਇਹੀ ਜ਼ਿੰਦਗੀ ਸੀ, ਰੋਪੜ ਨੇੜੇ ਜਗਤੇਵਾਲ ਪਿੰਡ ਦੀ ਅਧਿਆਪਕਾ ਸਰਬਜੀਤ ਕੌਰ ਦੀ। ਦੋਵੇਂ ਕੰਨਾਂ ਤੋਂ ਸੁਣਾਈ ਦੇਣਾ ਬੰਦ, ਇਕ ਕੰਨ ਵਹਿੰਦਾ ਵੀ ਸੀ। ਸੁਣਨ ਵਾਲੀਆਂ ਮਸ਼ੀਨਾਂ ਅਜ਼ਮਾਈਆਂ ਪਰ ਕੋਈ ਫ਼ਾਇਦਾ ਨਹੀਂ ਹੋਇਆ। ਪਹਿਲਾਂ ਸਰਜਰੀ ਵੀ ਕਰਵਾਈ ਮਗਰ ਬੇਅਸਰ ਰਹੀ। ਲੱਗਦਾ ਸੀ, ਜਿਵੇਂ ਜ਼ਿੰਦਗੀ ਅਤੇ ਕਰੀਅਰ ਦੋਵੇਂ ਹੱਥੋਂ ਨਿਕਲ ਰਹੇ ਹਨ। ਜੀ. ਐੱਮ. ਸੀ. ਐੱਚ.-32 'ਚ ਈ. ਐੱਨ. ਟੀ. ਮਾਹਰ ਡਾ. ਸੁਰਿੰਦਰ ਕੇ ਸਿੰਘਾਲ ਤੇ ਉਨ੍ਹਾਂ ਦੀ ਟੀਮ ਨੇ ਸਰਬਜੀਤ ਕੌਰ ਦੀ ਜ਼ਿੰਦਗੀ ਬਦਲਣ ਦਾ ਫ਼ੈਸਲਾ ਕੀਤਾ। ਉੱਤਰੀ ਭਾਰਤ 'ਚ ਪਹਿਲੀ ਵਾਰ ਓਸੀਆ 3 ਬੋਨ-ਐਂਕਰ ਹੇਅਰਿੰਗ ਸਿਸਟਮ ਦੀ ਸਰਜਰੀ ਕੀਤੀ। ਇਹ ਕੋਈ ਆਮ ਸਰਜਰੀ ਨਹੀਂ ਸੀ। ਮੈਗਨੇਟ ਤੇ ਮੈਟਲ ਦਾ ਬਣਿਆ ਸਿਰਫ਼ 2.5 ਸੈਂਟੀਮੀਟਰ ਦਾ ਛੋਟਾ ਯੰਤਰ ਕੰਨ ਦੇ ਪਿੱਛੇ ਦੀ ਹੱਡੀ 'ਚ ਇੰਪਲਾਂਟ ਕੀਤਾ ਗਿਆ। ਇਹ ਯੰਤਰ ਕੰਨ ਦੀਆਂ ਸਾਰੀਆਂ ਰੁਕਾਵਟਾਂ ਨੂੰ ਬਾਈਪਾਸ ਕਰਕੇ ਸਿੱਧਾ ਹੱਡੀ ਰਾਹੀਂ ਵਾਈਬ੍ਰੇਸ਼ਨ ਭੇਜਦਾ ਹੈ ਅਤੇ ਦਿਮਾਗ਼ ਤੱਕ ਸਾਫ਼ ਆਵਾਜ਼ ਪਹੁੰਚਦੀ ਹੈ। ਸਰਜਰੀ ਤੋਂ ਚਾਰ ਹਫ਼ਤੇ ਬਾਅਦ ਜਦੋਂ ਡਿਵਾਈਸ ਐਕਟੀਵੇਟ ਕੀਤੀ ਗਈ, ਉਸ ਪਲ ਦਾ ਅਹਿਸਾਸ ਸ਼ਬਦਾਂ 'ਚ ਬਿਆਨ ਕਰਨਾ ਮੁਸ਼ਕਲ ਹੈ। ਸਾਲਾਂ ਦੀ ਖਾਮੋਸ਼ੀ ਤੋਂ ਬਾਅਦ ਪਰਿਵਾਰ ਦੀਆਂ ਅਤੇ



ਵਿਦਿਆਰਥੀਆਂ ਦੀਆਂ ਆਵਾਜ਼ਾਂ ਸੁਣਾਈ ਦਿੱਤੀਆਂ, ਉਹ ਵੀ ਸਾਫ਼-ਸੁਥਰੀਆਂ। ਸਰਬਜੀਤ ਕੌਰ ਨੇ ਕਿਹਾ ਕਿ ਇਹ ਪਲ ਉਨ੍ਹਾਂ ਲਈ ਕਿਸੇ ਚਮਤਕਾਰ ਤੋਂ ਘੱਟ ਨਹੀਂ। ਉਨ੍ਹਾਂ ਵਿਦਿਆਰਥੀ ਪ੍ਰਬੰਧਨ ਅਤੇ ਸਾਥੀਆਂ ਨਾਲ ਗੱਲਬਾਤ ਬਹੁਤ ਮੁਸ਼ਕਲ ਲੱਗ ਰਿਹਾ ਸੀ ਪਰ ਸਰਜਰੀ ਤੋਂ ਬਾਅਦ ਹੁਣ ਉਹ ਸਾਫ਼ ਸੁਣ ਪਾ ਰਹੇ ਹਨ। ਅਧਿਆਪਕ ਲਈ ਸੰਚਾਰ ਹੀ ਸਭ ਕੁੱਝ ਹੁੰਦਾ ਹੈ ਤੇ ਉਹ ਇਸ ਨੂੰ ਗੁਆ ਬੈਠੇ ਸਨ। ਅੱਜ ਉਨ੍ਹਾਂ ਲੱਗਦਾ ਹੈ ਕਿ ਜ਼ਿੰਦਗੀ ਤੇ ਕਰੀਅਰ ਵਾਪਸ ਆ ਗਿਆ ਹੈ। ਜੀ.ਐੱਮ.ਸੀ.ਐੱਚ.-32 ਦੇ ਈ.ਐੱਨ.ਟੀ. ਵਿਭਾਗ ਦੇ ਪ੍ਰੋਫੈਸਰ ਤੇ ਸਾਬਕਾ ਐੱਚ.ਓ.ਡੀ. ਡਾ. ਸੁਰਿੰਦਰ ਕੇ ਸਿੰਘਾਲ ਦੇ ਦੱਸਿਆ ਕਿ ਜਿਨ੍ਹਾਂ ਮਰੀਜ਼ਾਂ ਨੂੰ ਆਮ ਸੁਣਨ ਮਸ਼ੀਨਾਂ ਕੋਈ ਫ਼ਾਇਦਾ ਨਹੀਂ ਦਿੰਦੀਆਂ, ਜਿਵੇਂ ਮਿਕਸਡ ਹੇਅਰਿੰਗ ਲੌਸ ਜਾਂ ਇਕ ਪਾਸੇ ਦਾ ਮੁਕੰਮਲ ਬਹਿਰਾਪਣ, ਉਨ੍ਹਾਂ ਲਈ ਓਸੀਆ-3 ਨਵੀਂ ਉਮੀਦ ਹੈ ਅਤੇ ਹੁਣ ਇਹ ਉਮੀਦ ਉੱਤਰੀ ਭਾਰਤ 'ਚ ਪਹਿਲੀ ਵਾਰ ਜੀ. ਐੱਮ. ਸੀ. ਐੱਚ.-32 'ਚ ਹਕੀਕਤ ਬਣ ਚੁੱਕੀ ਹੈ। ਮਰੀਜ਼ ਸਰਬਜੀਤ ਨੂੰ ਦੋਵੇਂ ਕੰਨਾਂ ਤੋਂ ਸੁਣਨ 'ਚ ਦਿੱਕਤ ਸੀ ਅਤੇ ਇਕ ਕੰਨ ਵਹਿੰਦਾ ਵੀ ਸੀ, ਉਨ੍ਹਾਂ ਪਹਿਲਾਂ ਵੀ ਸਰਜਰੀ ਕਰਵਾਈ ਸੀ ਪਰ ਅਸਰਦਾਰ ਨਾ ਹੋਣ ਕਾਰਨ ਉਸ ਨੂੰ ਫਿਰ ਦਿੱਕਤ ਸ਼ੁਰੂ ਹੋ ਗਈ ਸੀ। ਇਸ ਸਰਜਰੀ ਤੋਂ ਬਾਅਦ ਹੁਣ ਉਹ ਸਾਫ਼ ਸੁਣ ਸਕਦੇ ਹਨ। ਉਨ੍ਹਾਂ ਕਿਹਾ ਕਿ ਕੁੱਝ ਖਾਸ ਕਿਸਮਾਂ ਦੀ ਸੁਣਨ ਦੀ ਕਮੀ ਜਿਵੇਂ ਉੱਚਾ-ਨੀਵਾਂ ਦੋਵੇਂ ਕੰਨਾਂ ਤੋਂ ਸੁਣਨ ਦਾ ਨੁਕਸਾਨ, ਜਾਂ ਇਕ ਪਾਸੇ ਦਾ ਬਹਿਰਾਪਣ, ਜੋ ਆਮ ਸੁਣਨ ਵਾਲੀ ਮਸ਼ੀਨਾਂ ਨਾਲ ਨਹੀਂ ਸੁਧਾਰ ਪਾਉਂਦੇ। ਇਹ ਯੰਤਰ ਅਕਸਰ ਬੇਅਸਰ ਹੁੰਦੇ ਹਨ। 'ਓਸੀਆ 3' ਆਧੁਨਿਕ ਡਿਜੀਟਲ ਤਕਨਾਲੋਜੀ ਸਿਸਟਮ ਦੀ ਸਰਜਰੀ ਨਾਲ ਕੰਨ ਤੇ ਅੰਦਰ ਤੱਕ ਸੁਣਨ ਦੀ ਰੁਕਾਵਟਾਂ ਨੂੰ ਬਾਈਪਾਸ ਕਰਦਾ ਹੈ। ਇਹ ਹੱਡੀ ਰਾਹੀਂ ਵਾਈਬ੍ਰੇਸ਼ਨ ਭੇਜਦਾ ਹੈ। ਇਸ ਨਾਲ ਦੁਬਾਰਾ ਸਾਫ਼ ਸੁਣਨਾ ਸੰਭਵ ਹੈ।

# ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦੇ ਅਕਸ ਨੂੰ ਖਰਾਬ ਕਰਨ ਵਾਲਿਆਂ ਨੂੰ ਬਚਾਅ ਰਹੀ ਕਾਂਗਰਸ : ਚੁੱਘ

**ਕੌਮੀ ਪਤ੍ਰਿਕਾ**

ਚੰਡੀਗੜ੍ਹ 3 ਮਾਰਚ। ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਿਹਾ ਕਿ ਦਿੱਲੀ ਵਿੱਚ ਅੰਤਰਰਾਸ਼ਟਰੀ ਏਆਈ ਸੰਮੇਲਨ ਦੌਰਾਨ ਯੂਥ ਕਾਂਗਰਸ ਦੇ ਵਰਕਰਾਂ ਵੱਲੋਂ ਕੀਤਾ ਗਿਆ ਕੱਪੜੇ ਉਤਾਰਨ ਦਾ ਪ੍ਰਦਰਸ਼ਨ ਕੋਈ ਸਧਾਰਨ ਵਿਰੋਧ ਪ੍ਰਦਰਸ਼ਨ ਨਹੀਂ ਸੀ ਸਗੋਂ ਭਾਰਤ ਦੀ ਵਿਸ਼ਵਵਿਆਪੀ ਸਾਖ ਨੂੰ ਢਾਹ ਲਗਾਉਣ ਦੀ ਇੱਕ ਯੋਜਨਾਬੱਧ ਸਾਜ਼ਿਸ਼ ਸੀ। ਚੁੱਘ ਨੇ ਕਿਹਾ ਕਿ ਉੱਭਰ ਰਹੇ ਤੱਥ ਸਪੱਸ਼ਟ ਤੌਰ 'ਤੇ ਦਰਸਾਉਂਦੇ ਹਨ ਕਿ ਇਹ ਪੂਰੀ ਘਟਨਾ ਰਾਹੁਲ ਗਾਂਧੀ ਅਤੇ ਗਾਂਧੀ ਪਰਿਵਾਰ ਸਮੇਤ ਕਾਂਗਰਸ ਦੀ ਚੋਟੀ ਦੀ ਲੀਡਰਸ਼ਿਪ ਦੇ ਇਸ਼ਾਰੇ 'ਤੇ ਕੀਤੀ ਗਈ ਸੀ। ਦੇਸ਼ ਦੀ ਇੱਜ਼ਤ ਨੂੰ ਦਾਅ 'ਤੇ ਲਗਾ ਕੇ ਰਾਜਨੀਤੀ ਕਰਨਾ ਕਾਂਗਰਸ ਦੀ ਆਦਤ ਬਣ ਗਈ ਹੈ। ਚੁੱਘ ਨੇ ਕਿਹਾ ਕਿ ਹੋਰ ਵੀ ਚਿੰਤਾਜਨਕ ਗੱਲ ਇਹ ਹੈ ਕਿ ਸੰਮੇਲਨ ਵਿੱਚ ਵਿਘਨ ਪਾਉਣ ਦੇ ਦੋਸ਼ੀ ਲੋਕਾਂ ਨੂੰ ਹਿਮਾਚਲ ਪ੍ਰਦੇਸ਼ ਵਿੱਚ ਕਥਿਤ ਤੌਰ 'ਤੇ ਸੁਰੱਖਿਅਤ ਰੱਖਿਆ ਗਿਆ ਸੀ। ਜੇਕਰ ਦਿੱਲੀ ਪੁਲਸ ਇੱਕ ਜਾਇਜ਼ ਵਾਰੰਟ ਅਤੇ ਟਰਾਂਜ਼ਿਟ ਰਿਮਾਂਡ ਦੇ ਆਧਾਰ 'ਤੇ ਕਾਰਵਾਈ ਕਰਨ ਲਈ ਪਹੁੰਚੀ ਸੀ, ਤਾਂ ਉਨ੍ਹਾਂ ਨੂੰ ਰਸਤੇ ਵਿੱਚ ਰੋਕਣਾ ਅਤੇ ਉਨ੍ਹਾਂ ਦੇ ਵਾਹਨਾਂ ਨੂੰ ਜ਼ਬਤ ਕਰਨਾ ਅਤੇ ਕਾਨੂੰਨ ਵਿਵਸਥਾ ਦੀ ਭਾਵਨਾ ਦੇ ਉਲਟ ਹੈ। ਕੋਈ ਵੀ ਰਾਜਨੀਤਿਕ ਵਿਚਾਰਧਾਰਾ ਕਾਨੂੰਨ ਤੋਂ ਉੱਪਰ ਨਹੀਂ ਹੋ ਸਕਦੀ। ਚੁੱਘ ਨੇ ਅੱਗੇ ਕਿਹਾ ਕਿ



ਜੇਕਰ ਕਿਸੇ ਪ੍ਰਕਿਰਿਆ 'ਤੇ ਇਤਰਾਜ਼ ਸੀ, ਤਾਂ ਇਸਨੂੰ ਸੰਵਿਧਾਨਕ ਅਤੇ ਕਾਨੂੰਨੀ ਤਰੀਕਿਆਂ ਨਾਲ ਹੱਲ ਕੀਤਾ ਜਾਣਾ ਚਾਹੀਦਾ ਸੀ। ਪੁਲਸ ਬਨਾਮ ਪੁਲਸ ਸਥਿਤੀ ਬਣਾਉਣਾ ਨਾ ਸਿਰਫ ਮੰਦਭਾਗਾ ਹੈ ਸਗੋਂ ਇਹ ਸੰਦੇਸ਼ ਵੀ ਦਿੰਦਾ ਹੈ ਕਿ ਕਾਂਗਰਸ ਸ਼ਾਸਿਤ ਰਾਜਾਂ ਵਿੱਚ ਰਾਜਨੀਤਿਕ ਹਿੱਤਾਂ ਨੂੰ ਕਾਨੂੰਨ ਤੋਂ ਉੱਪਰ ਰੱਖਿਆ ਜਾ ਰਿਹਾ ਹੈ। ਤਰੁਣ ਚੁੱਘ ਨੇ ਕਿਹਾ ਕਿ ਜਿਸ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਗੈਰ-ਕਾਨੂੰਨੀ ਮਾਈਨਿੰਗ ਨੂੰ ਪੂਰੀ ਤਰ੍ਹਾਂ ਰੋਕਣ ਅਤੇ 20,000 ਕਰੋੜ ਰੁਪਏ ਦਾ ਮਾਲੀਆ ਇਕੱਠਾ ਕਰਨ ਦੇ ਵੱਡੇ-ਵੱਡੇ ਦਾਅਵੇ ਕੀਤੇ ਸਨ, ਅੱਜ ਉਸ ਦੇ ਸੀਨੀਅਰ ਨੇਤਾ ਮਾਲਵਿੰਦਰ ਕੰਗ ਸੂਬੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਅਤੇ ਸਿਆਸਤਦਾਨਾਂ ਅਤੇ ਅਧਿਕਾਰੀਆਂ ਵਿਚਕਾਰ ਮਿਲੀਭੁਗਤ ਨੂੰ ਸਵੀਕਾਰ ਕਰ ਰਹੇ ਹਨ। ਇਹ ਬਿਆਨ ਖੁਦ 'ਆਪ' ਸਰਕਾਰ ਦੀ ਅਸਫਲਤਾ ਦਾ ਸਬੂਤ ਹੈ। ਚੁੱਘ ਨੇ ਕਿਹਾ ਕਿ ਪੰਜਾਬ ਦੇ ਲੋਕ ਪੁੱਛ ਰਹੇ ਹਨ ਕਿ ਕੀ ਇਹ ਉਹ ਬਦਲਾਅ ਹੈ ਜਿਸਦਾ ਵਾਅਦਾ ਕੀਤਾ ਗਿਆ ਸੀ। ਕੀ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਗੈਰ-ਕਾਨੂੰਨੀ ਮਾਈਨਿੰਗ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰਨਗੇ? ਕੀ ਭ੍ਰਿਸ਼ਟਾਚਾਰ ਦੇ ਮਾਮਲੇ ਦਰਜ ਕੀਤੇ ਜਾਣਗੇ, ਜਾਂ ਇਸ ਮੁੱਦੇ ਨੂੰ ਹੋਰ ਮਾਮਲਿਆਂ ਵਾਂਗ ਦਬਾ ਦਿੱਤਾ ਜਾਵੇਗਾ? ਚੁੱਘ ਨੇ ਕਿਹਾ ਕਿ ਜੇਕਰ ਸੱਤਾਧਾਰੀ ਪਾਰਟੀ ਅਤੇ ਮਾਈਨਿੰਗ ਮਾਫੀਆ ਵਿਚਕਾਰ ਮਿਲੀਭੁਗਤ ਹੈ, ਤਾਂ ਇਹ ਸਰਕਾਰ ਲਈ ਨੈਤਿਕ ਹਾਰ ਨੂੰ ਦਰਸਾਉਂਦਾ ਹੈ। ਪੰਜਾਬ ਨੂੰ ਇੱਕ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੀ ਲੋੜ ਹੈ, ਨਾ ਕਿ ਮਾਫੀਆ-ਸੁਰੱਖਿਅਤ ਪ੍ਰਣਾਲੀ। ਤਰੁਣ ਚੁੱਘ ਨੇ ਕਿਹਾ ਕਿ ਗੁਰਦਾਸਪੁਰ ਵਿੱਚ ਇੱਕ ਏਐਸਆਈ ਦੀ ਹੱਤਿਆ ਅਤੇ ਬਾਅਦ ਵਿੱਚ ਝੂਠੇ ਮੁਕਾਬਲਿਆਂ ਦੇ ਦੋਸ਼ ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਦੀ ਇੱਕ ਭਿਆਨਕ ਤਸਵੀਰ ਪੇਸ਼ ਕਰਦੇ ਹਨ। ਲਗਾਤਾਰ ਅਪਰਾਧ, ਗੈਂਗ ਵਾਰ ਅਤੇ ਪੁਲਸ ਅਦਾਰਿਆਂ 'ਤੇ ਹਮਲੇ ਦਰਸਾਉਂਦੇ ਹਨ ਕਿ ਅਪਰਾਧੀਆਂ ਨੇ ਕਾਨੂੰਨ ਦਾ ਡਰ ਗੁਆ ਦਿੱਤਾ ਹੈ। ਚੁੱਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਾ ਤਾਂ ਪੀੜਤਾਂ ਦੇ ਪਰਿਵਾਰਾਂ ਨੂੰ ਸਮੇਂ ਸਿਰ ਇਨਸਾਫ਼ ਦੇ ਸਕੀ ਹੈ ਅਤੇ ਨਾ ਹੀ ਨਿਰਦੋਸ਼ ਲੋਕਾਂ ਵਿਰੁੱਧ ਬੇਇਨਸਾਫ਼ੀ ਨੂੰ ਰੋਕ ਸਕੀ ਹੈ। ਸ਼ਾਸਨ ਦੀ ਬੁਨਿਆਦੀ ਜ਼ਿੰਮੇਵਾਰੀ ਨਿਰਪੱਖ ਜਾਂਚ ਅਤੇ ਪਾਰਦਰਸ਼ੀ ਕਾਰਵਾਈਆਂ ਨੂੰ ਯਕੀਨੀ ਬਣਾਉਣਾ ਹੈ। ਚੁੱਘ ਨੇ ਕਿਹਾ ਕਿ ਜਦੋਂ ਸਰਕਾਰ ਦੀ ਤਰਜੀਹ ਸ਼ਾਸਨ ਦੀ ਬਜਾਏ ਚਿੱਤਰ ਪ੍ਰਬੰਧਨ ਬਣ ਜਾਂਦੀ ਹੈ, ਤਾਂ ਸਿਸਟਮ ਕਮਜ਼ੋਰ ਹੋ ਜਾਂਦਾ ਹੈ।

## ਪੰਜਾਬੀਆਂ ਲਈ ਚਿੰਤਾ ਭਰੀ ਖ਼ਬਰ ! ਪੰਜਾਬ ਸਰਕਾਰ ਦੀਆਂ ਨਵੀਆਂ ਸਕੀਮਾਂ ਨਾਲ ਵਿਗੜਨਗੇ ਵਿੱਤੀ ਹਾਲਾਤ

ਚੰਡੀਗੜ੍ਹ 3 ਮਾਰਚ। ਪੰਜਾਬ ਦੀ ਆਰਥਿਕ ਹਾਲਤ ਪਹਿਲਾਂ ਹੀ ਬਹੁਤ ਮਾੜੀ ਹੈ ਅਤੇ ਉੱਪਰੋਂ ਸੂਬੇ 'ਚ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ ਅਤੇ ਕਰਜ਼ੇ ਵੱਧਣ ਕਾਰਨ ਪੰਜਾਬ ਦੇ ਵਿੱਤੀ ਹਾਲਤ ਜ਼ਿਆਦਾ ਵਿਗੜਨ ਦੀ ਸੰਭਾਵਨਾ ਹੈ। ਸੂਬੇ 'ਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ 40 ਲੱਖ ਪਰਿਵਾਰਾਂ ਨੂੰ ਮੁਫ਼ਤ ਭੋਜਨ ਕਿੱਟਾਂ ਦੇ ਐਲਾਨ ਦੇ ਥੋੜ੍ਹੇ ਦਿਨ ਪਹਿਲਾਂ ਸੂਬੇ ਦੀ ਵਿੱਤੀ ਸਥਿਤੀ ਦਾ ਮੁਲਾਂਕਣ ਕਰਨ ਲਈ ਇਕ ਅਧਿਐਨ ਕੀਤਾ ਗਿਆ ਸੀ। ਇਸ ਅਧਿਐਨ 'ਚ ਸਬਸਿਡੀਆਂ ਨੂੰ ਤਰਕ ਸੰਗਤ ਬਣਾਉਣ ਦੀ ਸਿਫ਼ਾਰਿਸ਼ ਕੀਤੀ ਗਈ ਸੀ। ਮੋਹਾਲੀ ਸਥਿਤ ਇੰਡੀਅਨ ਸਕੂਲ ਆਫ ਬਿਜ਼ਨੈੱਸ (ਆਈ. ਐੱਸ. ਬੀ.) ਵਲੋਂ ਕੀਤੇ ਗਏ ਅਧਿਐਨ ਮੁਤਾਬਕ ਸਬਸਿਡੀਆਂ ਅਤੇ ਕਰਜ਼ਿਆਂ ਕਾਰਨ ਸੂਬਾ ਉਦਯੋਗਿਕ ਬੁਨਿਆਦੀ ਢਾਂਚਾ, ਲੌਜਿਸਟਿਕ ਅਤੇ ਡਿਜੀਟਲ ਪਰਿਵਰਤਨ ਵਰਗੇ ਖੇਤਰਾਂ 'ਚ ਪੱਛੜ ਗਿਆ ਹੈ। ਪੰਜਾਬ ਦਾ ਸਬਸਿਡੀ ਬਿੱਲ ਪਿਛਲੇ ਕੁੱਝ ਸਾਲਾਂ 'ਚ ਬਹੁਤ ਤੇਜ਼ੀ ਨਾਲ ਵਧਿਆ ਹੈ। ਸਾਲ 2020-21 'ਚ ਇਹ 9,747 ਕਰੋੜ ਰੁਪਏ ਸੀ, ਜੋ ਸਾਲ 2025-26 ਦੇ ਬਜਟ ਅਨੁਮਾਨਾਂ ਮੁਤਾਬਕ ਵੱਧ ਕੇ 21,833 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ। ਅਧਿਐਨ ਮੁਤਾਬਕ ਪੰਜਾਬ ਦਾ ਬਕਾਇਆ ਕਰਜ਼ਾ ਸਾਲ 2012-13 'ਚ 92,282 ਕਰੋੜ ਰੁਪਏ ਸੀ, ਜਿਸ ਦੇ 33 ਮਾਰਚ 2026 ਤੱਕ 4.17 ਲੱਖ ਕਰੋੜ ਰੁਪਏ ਹੋ ਜਾਣ



ਦਾ ਅਨੁਮਾਨ ਹੈ। ਸੂਬਾ ਸਰਕਾਰ ਵੱਲੋਂ ਐੱਨ. ਐੱਫ. ਐੱਸ. ਏ. ਅਧੀਨ 40 ਲੱਖ ਪਰਿਵਾਰਾਂ ਨੂੰ ਮੁਫ਼ਤ ਭੋਜਨ ਕਿੱਟਾਂ ਦੇਣ ਦੇ ਐਲਾਨ ਨਾਲ ਖ਼ਜ਼ਾਨੇ 'ਤੇ ਸਲਾਨਾ 950 ਕਰੋੜ ਰੁਪਏ ਦਾ ਵਾਧੂ ਬੋਝ ਪਵੇਗਾ। ਇਸ ਤੋਂ ਇਲਾਵਾ ਜੇਕਰ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੇਣ ਦਾ ਚੋਣ ਵਾਅਦਾ ਬਿਨਾਂ ਕਿਸੇ ਸ਼ਰਤ ਦੇ ਲਾਗੂ ਕੀਤਾ ਜਾਂਦਾ ਹੈ ਤਾਂ ਇਸ ਲਈ ਸਾਲਾਨਾ ਕਰੀਬ 12,000 ਕਰੋੜ ਰੁਪਏ ਦੀ ਲੋੜ ਹੋਵੇਗੀ, ਜੋ ਸੂਬੇ ਦੇ ਵਿੱਤ 'ਤੇ ਭਾਰੀ ਦਬਾਅ ਪਾਵੇਗਾ।

# ਮੁ.ਫਤ ਮਿਲਣਗੇ ਟਿਊਬਵੈੱਲ ਕਨੈਕਸ਼ਨ, ਸੁਖਬੀਰ ਬਾਦਲ ਨੇ ਕਿਸਾਨਾਂ ਲਈ ਕਰ'ਤਾ ਵੱਡਾ ਐਲਾਨ

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 3 ਮਾਰਚ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ 'ਪੰਜਾਬ ਬਚਾਓ' ਯਾਤਰਾ ਤਹਿਤ ਹਲਕਾ ਫ਼?ਰੋਜ਼ਪੁਰ ਦਿਹਾਤੀ ਵਿਖੇ ਇੱਕ ਵਿਸ਼ਾਲ ਜਨਸਮੂਹ ਨੂੰ ਸੰਬੋਧਨ ਕੀਤਾ। ਇਸ ਮੌਕੇ ਉਨ੍ਹਾਂ ਦਾਅਵਾ ਕੀਤਾ ਕਿ ਰੈਲੀ ਦੌਰਾਨ ਉਹ ਅੱਜ ਪੰਜਵੇਂ ਹਲਕੇ 'ਚ ਪਹੁੰਚੇ ਹਨ। ਜਿਥੇ ਸਭ ਤੋਂ ਵੱਡਾ ਇਕੱਠ ਹੈ, ਜੋ ਸਪੱਸ਼ਟ ਕਰਦਾ ਹੈ ਕਿ ਪੰਜਾਬ ਦੀ ਜਨਤਾ ਮੌਜੂਦਾ ਹਾਲਾਤਾਂ ਤੋਂ ਅੱਕ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਲੋਕ ਕੋਈ ਨਵਾਂ ਤਜ਼ਰਬਾ ਨਹੀਂ ਕਰਨਗੇ, ਸਗੋਂ ਪੰਜਾਬ ਦੀ ਆਪਣੀ ਸਰਕਾਰ, ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣਗੇ। ਸੁਖਬੀਰ ਬਾਦਲ ਸੁਖਬੀਰ ਬਾਦਲ ਨੇ ਕਿਹਾ ਕਿ ਅਕਾਲੀ ਦਲ ਕੋਈ ਮਾਮੂਲੀ ਸਿਆਸੀ ਪਾਰਟੀ ਨਹੀਂ, ਸਗੋਂ ਇਹ ਬਜ਼ੁਰਗਾਂ ਦੇ ਖ਼ੂਨ-ਪਸੀਨੇ ਨਾਲ ਬਣੀ ਸੰਸਥਾ ਹੈ ਜੋ ਗੁਰੂ ਘਰਾਂ ਦੀ ਰੱਖਿਆ ਕਰਨ ਲਈ ਆਈ ਸੀ। ਉਨ੍ਹਾਂ ਪਾਰਟੀ ਨੂੰ 'ਕੌਮ ਅਤੇ ਪੰਜਾਬ ਦੀ ਫੌਜ' ਕਰਾਰ ਦਿੰਦਿਆਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਦਿੱਲੀ ਵਾਲੀਆਂ ਪਾਰਟੀਆਂ ਦੇ ਪ੍ਰਭਾਵ ਹੇਠ ਆ ਕੇ ਆਪਣੀ ਇਸ 'ਫੌਜ' ਨੂੰ ਕਮਜ਼ੋਰ ਕਰਨ ਕਾਰਨ ਹੀ ਅੱਜ ਪੰਜਾਬ ਦਾ ਨੁਕਸਾਨ ਹੋ ਰਿਹਾ ਹੈ ਅਤੇ ਲੁਟੇਰੇ ਸੂਬੇ ਵਿੱਚ ਦਾਖਲ ਹੋ ਗਏ ਹਨ। ਉਨ੍ਹਾਂ ਕਾਂਗਰਸ ਅਤੇ ਆਮ ਆਦਮੀ ਪਾਰਟੀ 'ਤੇ ਵਰ੍ਹਦਿਆਂ ਕਿਹਾ ਕਿ ਪਹਿਲਾਂ ਕਾਂਗਰਸ ਨੇ ਸੂਬੇ ਨੂੰ ਲੁੱਟਿਆ ਅਤੇ ਹੁਣ 'ਝਾੜੂ ਵਾਲਿਆਂ' ਨੇ ਤਬਾਹੀ ਲਿਆ ਦਿੱਤੀ ਹੈ। ਸੁਖਬੀਰ ਬਾਦਲ ਨੇ ਸਵਾਲ ਕੀਤਾ ਕਿ ਕੀ ਸੋਨੀਆ ਗਾਂਧੀ, ਰਾਹੁਲ ਗਾਂਧੀ, ਨਰਿੰਦਰ ਮੋਦੀ ਜਾਂ ਅਰਵਿੰਦ ਕੇਜਰੀਵਾਲ ਨੂੰ ਪੰਜਾਬ ਪ੍ਰਤੀ ਕੋਈ ਦਰਦ ਹੈ? ਉਨ੍ਹਾਂ ਕਿਹਾ ਕਿ ਪੰਜਾਬ ਦਾ ਅਸਲ ਦਰਦ ਸਿਰਫ਼ ਵੱਡੇ ਬਾਦਲ 'ਪ੍ਰਕਾਸ਼ ਸਿੰਘ ਬਾਦਲ' ਦੇ ਦਿਲ ਵਿੱਚ ਸੀ, ਜਿਨ੍ਹਾਂ ਨੇ 70 ਸਾਲ ਸੇਵਾ ਕੀਤੀ। ਉਨ੍ਹਾਂ ਪ੍ਰਕਾਸ਼ ਸਿੰਘ ਬਾਦਲ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਹੀ ਕਿਸਾਨਾਂ ਨੂੰ ਟਿਊਬਲ ਕਨੈਕਸ਼ਨ ਦਿੱਤੇ, ਮੰਡੀਆਂ ਬਣਾਈਆਂ ਅਤੇ ਬੁਢਾਪਾ ਪੈਨਸ਼ਨ ਵਰਗੀਆਂ ਸਕੀਮਾਂ ਸ਼ੁਰੂ ਕੀਤੀਆਂ,। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਨੇ ਆਟਾ-ਦਾਲ ਸਕੀਮ, ਸੇਵਾ ਕੇਂਦਰ, ਸਾਂਝ ਕੇਂਦਰ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਵਰਗੀਆਂ ਲੋਕ-ਭਲਾਈ ਦੀਆਂ ਸਕੀਮਾਂ ਬੰਦ ਕਰ ਦਿੱਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅਕਾਲੀ ਦਲ ਦੇ ਰਾਜ ਵਿੱਚ ਬਣੀਆਂ ਸੜਕਾਂ ਦੀ ਮੁਰੰਮਤ ਤੱਕ ਨਹੀਂ ਹੋ ਰਹੀ। ਸੂਬੇ ਦੀ ਮੌਜੂਦਾ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਅੱਜ ਗੈਂਗਸਟਰ ਖੁੱਲ੍ਹੇਆਮ ਫਿਰੌਤੀਆਂ ਮੰਗ ਰਹੇ ਹਨ ਅਤੇ ਲੋਕ ਡਰ ਦੇ ਸਾਏ ਹੇਠ ਜੀ ਰਹੇ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ



ਪੰਜਾਬ ਦੇ ਹਾਲਾਤਾਂ ਕਾਰਨ ਅਮਰੀਕਾ ਅਤੇ ਆਸਟ?ਰੇਲੀਆ ਵਰਗੇ ਦੇਸ਼ ਵੀ ਪੰਜਾਬੀ ਨੌਜਵਾਨਾਂ ਨੂੰ ਲੈਣ ਤੋਂ ਹੱਥ ਖੜ੍ਹੇ ਕਰ ਰਹੇ ਹਨ। ਸੁਖਬੀਰ ਬਾਦਲ ਨੇ ਅਪੀਲ ਕੀਤੀ ਕਿ ਜੇਕਰ ਪੰਜਾਬ ਨੂੰ ਬਚਾਉਣਾ ਹੈ ਤਾਂ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਲਿਆਉਣਾ ਹੋਵੇਗਾ। ਉਨ੍ਹਾਂ ਕਿਹਾ ਪੰਜਾਬ ਦੇ ਦੁਸ਼ਮਣ 2 ਹਨ, ਇਕ ਗੈਂਗਸਟਰ ਅਤੇ ਦੂਜਾ ਨਸ਼ਾ ਵੇਚਣ ਵਾਲੇ ਹਨ। ਉਨ੍ਹਾਂ ਐਲਾਨ ਕੀਤਾ ਕਿ ਅਕਾਲੀ ਦਲ ਦੀ ਸਰਕਾਰ ਬਣਦੇ ਹੀ ਪਹਿਲੀ ਕੈਬਨਿਟ ਮੀਟਿੰਗ 'ਚ ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਨੂੰ 'ਟੈਰਰਿਸਟ' (ਅੱਤਵਾਦੀ) ਅਤੇ ਦੇਸ਼ ਵਿਰੋਧੀ ਡਿਕਲੇਅਰ ਕੀਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਸਾਰੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਫਿਰੋਜ਼ਪੁਰ ਅਤੇ ਫਾਜ਼ਿਲਕਾ ਦੇ ਬਾਰਡਰ ਵਪਾਰ ਲਈ ਖੁਲਵਾਉਣ ਦਾ ਵਾਅਦਾ ਕੀਤਾ ਤਾਂ ਜੋ ਸਬਜ਼ੀਆਂ ਅਤੇ ਹੋਰ ਸਾਮਾਨ ਈਰਾਨ, ਅਫਗਾਨਿਸਤਾਨ ਅਤੇ ਯੂਰਪ ਤੱਕ ਜਾ ਸਕੇ। ਇਸ ਤੋਂ ਇਲਾਵਾ ਸੁਖਬੀਰ ਬਾਦਲ ਨੇ 'ਆਮ ਆਦਮੀ ਪਾਰਟੀ' 'ਤੇ ਪੈਸੇ ਦੀ ਉਗਰਾਹੀ ਦਾ ਇਲਜ਼ਾਮ ਲਾਉਂਦਿਆਂ ਕਿਹਾ ਕਿ ਇਨ੍ਹਾਂ ਦੇ ਮੰਤਰੀ ਸੰਜੀਵ ਅਰੋੜਾ ਜੋ ਇੰਡਸਟਰੀ ਮਨਿਸਟਰ ਹੈ। ਉਸ ਦੀ ਡਿਊਟੀ ਹਰ ਮਹੀਨੇ 200 ਕਰੋੜ ਰੁਪਏ ਇਕੱਠੇ ਕਰਨ ਲਈ ਲਗਾਈ ਗਈ ਹੈ ਤਾਂ ਜੋ ਕੇਜਰੀਵਾਲ ਲਈ ਚੋਣਾਂ ਲੜੀਆਂ ਜਾ ਸਕਣ। ਇਸ ਮਕਸਦ ਲਈ ਵਪਾਰੀਆਂ, ਜੀ.ਐਸ.ਟੀ. ਅਤੇ ਸ਼ਰਾਬ ਦੇ ਕਾਰੋਬਾਰੀਆਂ 'ਤੇ ਰੇਡਾਂ ਮਾਰ ਕੇ ਰਹੇ ਹਨ, ਪਰ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਅਜਿਹੇ ਲੁਟੇਰਿਆਂ ਨੂੰ ਪਹਿਲਾਂ ਜੇਲ੍ਹ ਭੇਜਿਆ ਜਾਵੇਗਾ । ਉਨ੍ਹਾਂ ਵਾਅਦਾ ਕੀਤਾ ਕਿ ਸਰਕਾਰ ਬਣਦੇ ਹੀ ਵਰਲਡ ਕੱਪ ਕਬੱਡੀ, ਕੁਸ਼ਤੀ ਦੇ ਮੁਕਾਬਲੇ, ਪਸ਼ੂਆਂ ਦੇ ਮੇਲੇ ਅਤੇ ਕਬੂਤਰਾਂ ਦੀਆਂ ਬਾਜ਼ੀਆਂ ਮੁੜ ਸ਼ੁਰੂ ਕੀਤੀਆਂ ਜਾਣਗੀਆਂ। ਬਜ਼ੁਰਗਾਂ ਲਈ ਉਨ੍ਹਾਂ ਨੇ 'ਸੀਪ' (ਤਾਸ਼) ਦੀ ਚੈਂਪੀਅਨਸ਼ਿਪ ਕਰਵਾਉਣ ਦਾ ਐਲਾਨ ਕੀਤਾ, ਜਿਸ ਵਿੱਚ ਜ਼ਿਲ੍ਹੇ ਦੇ ਜੇਤੂ ਪਿੰਡ ਨੂੰ 10 ਲੱਖ ਅਤੇ ਸੂਬੇ ਦੇ ਚੈਂਪੀਅਨ ਪਿੰਡ ਨੂੰ 1 ਕਰੋੜ ਰੁਪਏ ਦੀ ਗਰਾਂਟ ਦਿੱਤੀ ਜਾਵੇਗੀ। ਭਗਵੰਤ ਮਾਨ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ ਨੇ ਮੌਜੂਦਾ ਲੀਡਰਸ਼ਿਪ ਨੂੰ 'ਮਲੰਗ' ਕਿਹਾ ਜਿਨ੍ਹਾਂ ਨੇ ਸੂਬਾ ਬਰਬਾਦ ਕਰ ਦਿੱਤਾ ਹੈ, ਅਤੇ ਦਾਅਵਾ ਕੀਤਾ ਕਿ ਸਿਰਫ਼ ਅਕਾਲੀ ਦਲ ਹੀ ਪੱਕੀਆਂ ਸੜਕਾਂ, ਹਸਪਤਾਲ ਅਤੇ ਵਿਕਾਸ ਲਿਆ ਸਕਦਾ ਹੈ। ਫਿਰੋਜ਼ਪੁਰ ਦੇ ਲੋਕਾਂ ਨੂੰ ਸੰਬੋਧਨ ਹੁੰਦਿਆਂ ਉਨ੍ਹਾਂ ਯਾਦ ਕਰਵਾਇਆ ਕਿ ਪਹਿਲਾਂ ਉਨ੍ਹਾਂ ਨੂੰ ਐਮ.ਪੀ. ਬਣਾਇਆ ਗਿਆ ਸੀ, ਪਰ ਹੁਣ ਜੇਕਰ ਉਹ ਮੁੱਖ ਮੰਤਰੀ ਬਣਾਉਂਦੇ ਹਨ ਤਾਂ ਸੂਬੇ ਵਿੱਚ ਵਿਕਾਸ ਦਾ ਹੜ੍ਹ ਲਿਆ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰਾਂ ਕੋਲ ਪੈਸੇ ਦੀ ਨਹੀਂ ਬਲਕਿ ਨੀਅਤ ਦੀ ਕਮੀ ਹੁੰਦੀ ਹੈ। ਅੰਤ ਵਿੱਚ, ਪੁਲਸ ਮੁਲਾਜ਼ਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ 60% ਭਰਤੀ ਉਨ੍ਹਾਂ ਦੇ ਸਮੇਂ ਹੋਈ ਸੀ ਅਤੇ ਉਹ ਪ੍ਰਕਾਸ਼ ਸਿੰਘ ਬਾਦਲ ਵਾਂਗ ਪੰਜਾਬ ਦੀ ਸੇਵਾ ਕਰਕੇ ਇਸ ਨੂੰ ਮੁੜ ਮੋਹਰੀ ਸੂਬਾ ਬਣਾਉਣਗੇ।